ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 6 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੨੪ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਖੇਤਾਂ 'ਚ ਨਾੜ ਨੂੰ ਲੱਗੀ ਅੱਗ ਦੀ ਲਪੇਟ 'ਚ ਆਇਆ ਨੌਜਵਾਨ, ਜਿਉਂਦਾ ਸੜਨ ਨਾਲ ਹੋਈ ਮੌਤ

ਕਪੂਰਥਲਾ, 5 ਮਈ (ਆਵਾਜ਼ਿ ਕੌਮ ਬਿਊਰੋ)- ਕਪੂਰਥਲਾ ਦੇ ਪਿੰਡ ਭਦਾਸ ਵਿੱਚ ਨਾੜ ਨੂੰ ਲੱਗੀ ਅੱਗ ਦੀ ਲਪੇਟ ਵਿੱਚ ਆਉਣ ਕਰਕੇ ਇੱਕ ਨੌਜਵਾਨ ਦੀ ਮੌਤ ਹੋ ਗਈ। ਨੌਜਵਾਨ ਅੱਗ ਵਿੱਚ ਜਿਉਂਦਾ ਸੜ ਗਿਆ। ਉੱਥੇ ਹੀ ਪੁਲਿਸ ਨੇ ਅਣਪਛਾਤਿਆਂ ਵਿਰੁੱਧ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕ ਦੀ ਪਛਾਣ 25 ਸਾਲਾ ਗੁਰਵਿੰਦਰ ਸਿੰਘ ਵਜੋਂ ਹੋਈ ਹੈ। ਥਾਣਾ ਬੇਗੋਵਾਲ ਦੀ ਪੁਲਿਸ ਮੁਤਾਬਕ ਦੁਪਹਿਰ 1 ਵਜੇ ਦੇ ਕਰੀਬ ਗੁਰਵਿੰਦਰ ਸਿੰਘ ਆਪਣੀ ਬਾਈਕ 'ਤੇ ਸਰਕਾਰੀ ਹਸਪਤਾਲ ਭੁਲੱਥ ਤੋਂ ਵਾਰਡ ਨੰਬਰ 3 ਬੇਗੋਵਾਲ ਸਥਿਤ ਆਪਣੇ ਘਰ ਨੂੰ ਵਾਪਸ ਜਾ ਰਿਹਾ ਸੀ। ਜਦੋਂ ਉਹ ਭੁਲੱਥ-ਬੇਗੋਵਾਲ ਰੋਡ 'ਤੇ ਪਿੰਡ ਭਦਾਸ ਨੇੜੇ ਪਹੁੰਚਿਆ ਤਾਂ ਉਥੇ ਕਣਕ ਦੇ ਖੇਤਾਂ ਵਿੱਚ ਅੱਗ ਲੱਗੀ ਹੋਈ ਸੀ। ਜਿਸ ਦੀ ਲਪੇਟ ਵਿੱਚ ਗੁਰਵਿੰਦਰ ਸਿੰਘ ਆ ਗਿਆ ਅਤੇ ਉਸ ਦੇ ਮੋਟਰਸਾਈਕਲ ਨੂੰ ਸੜਕ ਕਿਨਾਰੇ ਅੱਗ ਲੱਗ ਗਈ। ਜਿਸ ਕਾਰਨ ਉਹ ਬੁਰੀ ਤਰ੍ਹਾਂ ਝੁਲਸ ਗਿਆ। ਰਾਹਗੀਰਾਂ ਨੇ ਥਾਣਾ ਬੇਗੋਵਾਲ ਦੀ ਪੁਲਿਸ ਨੂੰ ਸੂਚਿਤ ਕੀਤਾ। ਥਾਣੇ ਬੇਗੋਵਾਲ ਦੀ ਐਸਐਚਓ ਇੰਸਪੈਕਟਰ ਅਮਰਜੀਤ ਕੌਰ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾ ਕੇ ਗੁਰਵਿੰਦਰ ਸਿੰਘ ਨੂੰ ਤੁਰੰਤ ਸਿਵਲ ਹਸਪਤਾਲ ਪਹੁੰਚਾਇਆ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਐਸਐਚਓ ਅਮਰਜੀਤ ਕੌਰ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਬਾਕੀ ਸਫ਼ਾ 2 'ਤੇ

## ਭਾਈ ਨਿੱਝਰ ਕਤਲ ਮਾਮਲੇ 'ਚ ਸ਼ਾਮਲ ਕਰਨਪ੍ਰੀਤ ਸਿੰਘ ਦੀ ਗ੍ਰਿਫਤਾਰੀ ਤੋਂ ਪਿੰਡ ਵਾਸੀ ਹੈਰਾਨ

### ਪਰਿਵਾਰ ਨੇ ਕਿਹਾ- ਕਰਜ਼ਾ ਲੈ ਕੇ ਕਰਨਪ੍ਰੀਤ ਨੂੰ ਭੇਜਿਆ ਸੀ ਕੈਨੇਡਾ, ਪਿਤਾ ਦੁਬਈ 'ਚ

ਬਟਾਲਾ, 5 ਮਈ (ਆਵਾਜ਼ਿ ਕੌਮ ਬਿਊਰੋ)- ਗਰਮਖਿਆਲੀ ਹਰਦੀਪ ਸਿੰਘ ਨਿੱਝਰ ਕਤਲ ਕਾਂਡ



'ਚ ਗ੍ਰਿਫਤਾਰ ਕੀਤੇ ਗਏ ਤਿੰਨ ਆਰੋਪੀਆਂ 'ਚੋਂ ਇਕ ਕਰਨਪ੍ਰੀਤ ਸਿੰਘ ਦੀ ਗ੍ਰਿਫਤਾਰੀ ਤੋਂ ਪਿੰਡ ਵਾਸੀ ਹੈਰਾਨ ਹਨ। ਪਿੰਡ ਵਾਸੀਆਂ ਨੂੰ ਯਕੀਨ ਨਹੀਂ ਹੋ ਰਿਹਾ ਕਿ ਕਰਨਪ੍ਰੀਤ ਅਜਿਹੇ ਕਿਸੇ ਅਪਰਾਧ ਵਿੱਚ ਸ਼ਾਮਲ ਹੋ ਸਕਦਾ ਹੈ। ਹਾਲਾਂਕਿ ਪਰਿਵਾਰ ਨੇ ਇਸ ਮਾਮਲੇ 'ਚ ਅੱਗੇ ਆਉਣ ਤੋਂ ਇਨਕਾਰ ਕਰ ਦਿੱਤਾ। ਕਰਨਪ੍ਰੀਤ ਬਟਾਲਾ ਦੇ ਨਜ਼ਦੀਕ ਪਿੰਡ ਸੁੰਡਲ ਦਾ ਰਹਿਣ ਵਾਲਾ ਹੈ ਅਤੇ ਇਹ ਕਿਸਾਨੀ ਪਰਿਵਾਰ ਨਾਲ ਜੁੜਿਆ ਹੈ ਅਤੇ ਇਕ ਗੁਰਸਿੱਖ ਪਰਿਵਾਰ ਹੈ। ਪਿੰਡ ਦੇ ਸਰਪੰਚ ਲਵਦੀਪ ਸਿੰਘ ਦੇ ਪੁੱਤਰ ਅਤੇ ਕਰਨਪ੍ਰੀਤ ਸਿੰਘ ਦੇ ਚਾਚਾ ਰਣਜੀਤ ਸਿੰਘ ਰਾਣਾ ਨੇ ਦੱਸਿਆ ਕਿ ਕਰਨਪ੍ਰੀਤ ਦਾ ਜਨਮ ਇੱਕ ਸਾਧਾਰਨ ਪਰਿਵਾਰ ਵਿੱਚ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਸਿੱਖਿਆ ਪੂਰੀ ਕਰਨ ਤੋਂ ਬਾਅਦ ਕਰਨਪ੍ਰੀਤ 2016 ਵਿੱਚ ਦੁਬਈ ਚਲਿਆ ਗਿਆ ਸੀ, ਜਿੱਥੇ ਉਸ ਨੇ ਕਰੀਬ 4 ਸਾਲ ਆਪਣੇ ਪਿਤਾ ਨਾਲ ਟਰੱਕ ਡਰਾਈਵਰ ਵਜੋਂ ਕੰਮ ਕੀਤਾ। ਕਰਨਪ੍ਰੀਤ ਦੇ ਕੈਨੇਡਾ ਜਾਣ ਬਾਰੇ ਉਨ੍ਹਾਂ ਕਿਹਾ ਕਿ ਉਹ ਵਰਕ ਪਰਮਿਟ 'ਤੇ ਕੈਨੇਡਾ ਗਿਆ ਸੀ। ਉਨ੍ਹਾਂ ਦੱਸਿਆ ਕਿ ਕਰਨਪ੍ਰੀਤ 3 ਸਾਲਾਂ ਤੋਂ ਕੈਨੇਡਾ ਵਿੱਚ ਹੈ, ਜਿੱਥੇ ਉਹ ਟਰੱਕ ਚਲਾਉਂਦਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਕਰਨਪ੍ਰੀਤ ਬਾਕੀ ਸਫ਼ਾ 2 'ਤੇ



### ਹਰਸਿਮਰਤ ਬਾਦਲ ਸਾਹਮਣੇ ਵੱਡੀ ਚੁਣੌਤੀ !

# ਆਪ, ਕਾਂਗਰਸ ਤੇ ਭਾਜਪਾ ਦੀ ਰਣਨੀਤੀ ਵਿਗਾੜੇਗੀ ਖੇਡ

**ਆਵਾਜ਼ਿ ਕੌਮ, ਯੂ. ਕੇ. ਦੀ ਵਿਸ਼ੇਸ਼ ਰਿਪੋਰਟ**

ਬਠਿੰਡਾ ਲੋਕ ਸਭਾ ਹਲਕਾ ਵੀ ਪੰਜਾਬ ਦੀਆਂ ਹੌਟ ਸੀਟਾਂ ਵਿੱਚੋਂ ਇੱਕ ਹੈ। ਪਿਛਲੀਆਂ ਤਿੰਨ ਲੋਕ ਸਭਾ ਚੋਣਾਂ ਵਿੱਚ ਬਠਿੰਡਾ ਵਿੱਚ ਬਾਦਲ ਪਰਿਵਾਰ ਦਾ ਦਬਦਬਾ ਰਿਹਾ ਹੈ। ਇਸ ਲਈ ਬਠਿੰਡਾ ਹਲਕੇ ਨੂੰ ਬਾਦਲ ਪਰਿਵਾਰ ਦਾ ਗੜ੍ਹ ਕਿਹਾ ਜਾਂਦਾ ਹੈ ਪਰ ਇਸ ਵਾਰ ਬਾਦਲ ਪਰਿਵਾਰ ਦੀ ਨੂੰਹ ਹਰਸਿਮਰਤ ਬਾਦਲ ਸਾਹਮਣੇ ਸਖਤ ਚੁਣੌਤੀ ਹੈ। ਇਸ ਨੂੰ ਚੁਣੌਤੀ ਇਸ ਲਈ ਮੰਨਿਆ ਜਾ ਰਿਹਾ ਹੈ ਕਿਉਂਕਿ ਆਮ ਆਦਮੀ ਪਾਰਟੀ ਨੇ ਤਾਂ ਪੰਜ ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਨੂੰ ਹਰਾਉਣ ਵਾਲੇ ਆਪਣੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਮੈਦਾਨ ਵਿੱਚ ਉਤਾਰਿਆ ਹੈ। ਦੂਜੇ ਪਾਸੇ ਕਾਂਗਰਸ ਨੇ ਵੀ ਬਾਦਲ ਪਰਿਵਾਰ ਦੀ ਕਾਟ ਲਈ ਸਾਬਕਾ ਅਕਾਲੀ ਲੀਡਰ ਜੀਤ ਮਹਿੰਦਰ ਸਿੰਘ ਸਿੱਧੂ ਉਪਰ ਦਾਅ ਖੇਡਿਆ ਹੈ। ਇਸ ਦੇ ਨਾਲ ਹੀ ਬੀਜੇਪੀ ਨੇ ਮਲੂਕਾ ਪਰਿਵਾਰ ਦੀ ਨੂੰਹ ਤੇ ਸਾਬਕਾ ਆਈਏਐਸ ਪਰਮਪਾਲ ਕੌਰ ਨੂੰ ਉਮੀਦਵਾਰ ਬਣਾਇਆ ਹੈ। ਇਸ ਦਾ ਵੀ ਨੁਕਸਾਨ ਅਕਾਲੀ ਦਲ ਨੂੰ ਹੀ ਹੋ ਸਕਦਾ ਹੈ। ਦਰਅਸਲ, ਇਸ ਸੀਟ 'ਤੇ ਹਰਸਿਮਰਤ ਬਾਦਲ ਦਾ ਆਪਣੀ ਹੀ ਪਾਰਟੀ ਦੇ ਦੋ ਸਾਬਕਾ ਸਾਥੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਕਾਬਲਾ ਹੋਣ ਜਾ ਰਿਹਾ ਹੈ। ਦੋ ਵਾਰ ਵਿਧਾਇਕ ਰਹੇ ਤੇ ਸਾਬਕਾ ਸਿੱਖਿਆ ਮੰਤਰੀ ਸਿਕੰਦਰ ਸਿੰਘ ਮਲੂਕਾ ਦੀ ਗੱਲ ਕਰੀਏ ਤਾਂ ਉਹ ਟਕਸਾਲੀ ਅਕਾਲੀ ਰਹੇ ਹਨ ਪਰ ਹੁਣ ਜਦੋਂ ਅਕਾਲੀ ਦਲ ਨਾਜ਼ੁਕ ਦੌਰ ਵਿੱਚੋਂ ਲੰਘ ਰਿਹਾ ਹੈ ਤਾਂ ਉਨ੍ਹਾਂ ਦੀ ਨੂੰਹ ਪਰਮਪਾਲ ਕੌਰ ਆਈਏਐਸ ਦੇ ਅਹੁਦੇ ਤੋਂ ਅਸਤੀਫਾ ਦੇ ਕੇ ਬੀਜੇਪੀ ਵਿੱਚ ਸ਼ਾਮਲ ਹੋ ਗਈ ਹੈ। ਦੂਜੇ ਪਾਸੇ ਕਾਂਗਰਸੀ ਉਮੀਦਵਾਰ ਜੀਤ ਮਹਿੰਦਰ ਸਿੰਘ 2014 ਤੋਂ 2023 ਤੱਕ ਅਕਾਲੀ ਦਲ ਨਾਲ ਸਨ। ਇਸ ਦੌਰਾਨ ਉਹ ਹਮੇਸ਼ਾ ਹਰਸਿਮਰਤ ਬਾਦਲ ਲਈ ਵੋਟਾਂ ਮੰਗਦੇ ਰਹੇ ਹਨ ਪਰ ਇਸ ਵਾਰ ਉਹ ਹਰਸਿਮਰਤ ਬਾਦਲ ਸਾਹਮਣੇ ਡਟੇ ਹੋਏ ਹਨ। ਦਰਅਸਲ ਜੀਤ ਮਹਿੰਦਰ ਸਿੰਘ ਸਿੱਧੂ 2013 ਤੱਕ ਕਾਂਗਰਸ ਦੇ ਸਮਰਥਕ ਸਨ। ਦਸ ਸਾਲ ਬਾਕੀ ਸਫ਼ਾ 2 'ਤੇ

## ਨਰਿੰਦਰ ਮੋਦੀ ਨੂੰ ਟੱਕਰ ਦੇਣ ਉਤਰੇਗਾ ਨੀਟੂ ਸ਼ਟਰਾਂਵਾਲਾ, ਵਾਰਾਣਸੀ ਤੋਂ ਪੀਐਮ ਵਿਰੁੱਧ ਚੋਣ ਲੜਨ ਦਾ ਕੀਤਾ ਐਲਾਨ

ਜਲੰਧਰ, 5 ਮਈ (ਆਵਾਜ਼ਿ ਕੌਮ ਬਿਊਰੋ)-)- ਇਸ ਸਮੇਂ ਦੇਸ਼ 'ਚ ਲੋਕ ਸਭਾ ਚੋਣਾਂ 2024 ਨੂੰ ਲੈ ਮਾਹੌਲ





ਗਰਮਾਇਆ ਹੋਇਆ ਹੈ। ਇਸ ਵਿਚਾਲੇ ਸਿਆਸੀ ਪਾਰਟੀਆਂ ਵੱਲੋਂ ਲਗਾਤਾਰ ਪ੍ਰਚਾਰ ਕੀਤਾ ਜਾ ਰਿਹਾ ਹੈ, ਹਾਲਾਂਕਿ ਕਈ ਆਗੂਆਂ ਵੱਲੋਂ ਆਪਣੀਆਂ ਪਾਰਟੀਆਂ ਵੀ ਬਦਲੀਆਂ ਗਈਆਂ ਹਨ। ਇਸ ਸਭ ਦੇ ਵਿਚਕਾਰ ਹੁਣ ਨੀਟੂ ਸ਼ਟਰਾਂਵਾਲੇ ਵੱਲੋਂ ਵੱਡਾ ਐਲਾਨ ਕਰ ਦਿੱਤਾ ਗਿਆ ਹੈ। ਦਰਅਸਲ, ਜਲੰਧਰ ਨਿਵਾਸੀ ਲੋਕ ਸਭਾ ਉਮੀਦਵਾਰ ਨੀਤੂ ਸ਼ਟਰਾਂਵਾਲਾ ਇੱਕ ਵਾਰ ਫਿਰ ਸੁਰਖੀਆਂ 'ਚ ਹਨ। ਸ਼ਟਰਾਂਵਾਲੇ ਨੇ ਇਸ ਵਾਰ ਵਾਰਾਣਸੀ ਤੋਂ ਪੀਐਮ ਮੋਦੀ ਖਿਲਾਫ ਚੋਣ ਲੜ੍ਹਨ ਦਾ ਐਲਾਨ ਕੀਤਾ ਹੈ। ਤੁਹਾਨੂੰ ਦੱਸ ਦੇਈਏ ਕਿ ਨੀਤੂ ਸ਼ਟਰਾਂਵਾਲਾ ਇਸ ਤੋਂ ਪਹਿਲਾਂ ਵੀ ਕਈ ਵਾਰ ਚੋਣ ਮੈਦਾਨ ਵਿੱਚ ਉਤਰ ਚੁੱਕਿਆ ਹੈ ਅਤੇ ਵਾਰ-ਵਾਰ ਹਾਰਨ ਦੇ ਬਾਵਜੂਦ ਵੀ ਉਹ ਅਕਸਰ ਚੋਣਾਂ ਲੜਨ ਲਈ ਅੱਗ ਆਉਂਦਾ ਹੈ। ਇਸ ਖਬਰ ਦੇ ਸਾਹਮਣੇ ਆਉਂਦੇ ਹੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨੀਤੂ ਸ਼ਟਰਾਂਵਾਲਾ ਨੇ ਕਿਹਾ ਕਿ ਉਨ੍ਹਾਂ ਨੂੰ ਲੋਕਾਂ ਦਾ ਪੂਰਾ ਸਮਰਥਨ ਹੈ ਅਤੇ ਬਾਕੀ ਸਫ਼ਾ 2 'ਤੇ

### ਦੇਰ ਰਾਤ ਇੱਕ ਪ੍ਰਾਪਰਟੀ ਡੀਲਰ ਦੀ ਦੁਕਾਨ 'ਤੇ ਬੈਠੇ

## ਪਿਓ-ਪੁੱਤ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ, ਹਸਪਤਾਲ 'ਚ ਜੇਰੇ ਇਲਾਜ਼

ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ



ਵਿੱਚ ਦੇਰ ਰਾਤ ਇੱਕ ਪ੍ਰਾਪਰਟੀ ਡੀਲਰ ਦੀ ਦੁਕਾਨ 'ਤੇ ਬੈਠੇ ਪਿਓ-ਪੁੱਤ 'ਤੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਨ ਦੀ ਖ਼ਬਰ ਸਾਹਮਣੇ ਆਈ ਹੈ। ਇਸ ਦੇ ਚਲਦਿਆਂ ਦੋਵੇਂ ਗੰਭੀਰ ਰੂਪ ਜ਼ਖ਼ਮੀ ਹੋਏ ਅਤੇ ਉਨ੍ਹਾਂ ਨੂੰ ਇਲਾਜ ਦੇ ਲਈ ਹਸਪਤਾਲ ਵੀ ਦਾਖ਼ਲ ਕਰਵਾਇਆ ਗਿਆ। ਪੁਲਿਸ ਅਧਿਕਾਰੀਆਂ ਨੇ ਮੌਕੇ 'ਤੇ ਪੁੱਜ ਕੇ ਜਾਂਚ ਸ਼ੁਰੂ ਕਰ ਦਿੱਤੀ। ਇਸ ਮੌਕੇ ਪੀੜਤ ਪਰਿਵਾਰ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਉਹ ਜਸਪਾਲ ਨਗਰ ਸੁਲਤਾਨਵਿੰਡ ਰੋਡ ਦੇ ਰਹਿਣ ਵਾਲੇ ਹਨ ਅਤੇ ਉਹ ਪ੍ਰੋਪਰਟੀ ਡੀਲਰ ਦਾ ਕੰਮ ਕਰਦੇ ਹਨ। ਕੁਝ ਵਿਅਕਤੀਆਂ ਵੱਲੋਂ ਉਨ੍ਹਾਂ ਦੀ ਦੁਕਾਨ 'ਤੇ ਕਬਜ਼ੇ ਦੀ ਨੀਅਤ ਨਾਲ ਦੇਰ ਰਾਤ ਤੇਜ਼ਦਾਰ ਹਥਿਆਰਾਂ ਦੇ ਨਾਲ ਹਮਲਾ ਕੀਤਾ। ਉਨ੍ਹਾਂ ਦੱਸਿਆ ਕਿ ਕਰੀਬ 10 ਤੋਂ 12 ਅਣਪਛਾਤੇ ਵਿਅਕਤੀ ਸਨ ਜਿਨਾਂ ਨੇ ਮੂੰਹ ਢੱਕੇ ਹੋਏ ਸਨ ਅਤੇ ਉਨ੍ਹਾਂ ਨੇ ਸਾਡੀ ਦੁਕਾਨ 'ਤੇ ਆ ਕੇ ਹਮਲਾ ਕਰਨਾ ਸ਼ੁਰੂ ਕਰ ਦਿੱਤਾ। ਉਨ੍ਹਾਂ ਨੇ ਮੇਰੇ ਪੁੱਤਰ ਅਤੇ ਮੈਨੂੰ ਗੰਭੀਰ ਰੂਪ ਨਾਲ ਜ਼ਖ਼ਮੀ ਕਰ ਦਿੱਤਾ। ਪੀੜਤ ਗੁਰਬਚਨ ਸਿੰਘ ਨੇ ਦੱਸਿਆ ਕਿ ਜਿਹੜੀ ਇਹ ਪ੍ਰਾਪਰਟੀ ਡੀਲਰ ਦੀ ਦੁਕਾਨ ਹੈ ਉਨ੍ਹਾਂ ਨੇ ਉਹ ਦੁਕਾਨ ਲਾਲ ਸਿੰਘ ਸਪੁੱਤਰ ਬਾਕੀ ਸਫ਼ਾ 2 'ਤੇ

### ਕੀ ਕਹਿਣਾ ਹੈ ਪੁਲਿਸ ਅਧਿਕਾਰੀ ਦਾ ?

**ਇਸ ਮੌਕੇ ਪੁਲਿਸ ਅਧਿਕਾਰੀ ਨੇ ਦੱਸਿਆ ਕਿ** ਜਸਪਾਲ ਨਗਰ ਵਿੱਚ ਰਹਿਣ ਵਾਲੇ ਪ੍ਰਾਪਰਟੀ ਡੀਲਰ ਗੁਰਭਚਨ ਸਿੰਘ ਤੇ ਉਸਦੇ ਪੁੱਤਰ ਤੇ ਕੁਝ ਲੋਕਾਂ ਵੱਲੋਂ ਹਮਲਾ ਕੀਤਾ ਗਿਆ। ਉਨ੍ਹਾਂ ਨੂੰ ਹਸਪਤਾਲ ਵਿੱਚ ਇਲਾਜ ਦੇ ਲਈ ਲਿਆਂਦਾ ਗਿਆ ਹੈ ਡਾਕਟਰਾਂ ਦੀ ਰਿਪੋਰਟ ਤੋਂ ਬਾਅਦ ਜੋ ਵੀ ਬਣਦੀ ਕਾਰਵਾਈ ਉਹ ਕੀਤੀ ਜਾਵੇਗੀ।

### ਲੁਧਿਆਣਾ 'ਚ ਬੈਂਸ ਦੀ ਚੁੱਪ ਦਾ ਰੌਲਾ !

## ਲੋਕ ਇਨਸਾਫ਼ ਪਾਰਟੀ ਦਾ ਵੋਟ ਸ਼ੇਅਰ ਤੈਅ ਕਰੇਗਾ ਜਿੱਤ ਹਾਰ ਦਾ ਫ਼ਰਕ !

ਲੁਧਿਆਣਾ, 5 ਮਈ (ਆਵਾਜ਼ਿ ਕੌਮ ਬਿਊਰੋ)-ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੇ



ਐਲਾਨ ਤੋਂ ਬਾਅਦ ਮੰਨਿਆ ਜਾ ਰਿਹਾ ਸੀ ਕਿ ਬੈਂਸ ਹੁਣ ਆਪਣੀ ਹੀ ਪਾਰਟੀ ਤੋਂ ਚੋਣ ਲੜਨ ਲਈ ਐਕਸ਼ਨ ਦੇ ਮੂਡ 'ਚ ਨਜ਼ਰ ਆਉਣਗੇ, ਪਰ ਹੁਣ ਤੱਕ ਬੈਂਸ ਵੱਲੋਂ ਨਾ ਤਾਂ ਚੋਣ ਪ੍ਰਚਾਰ ਸ਼ੁਰੂ ਕੀਤਾ ਗਿਆ ਹੈ ਅਤੇ ਨਾ ਹੀ ਮੀਡੀਆ 'ਚ ਕੋਈ ਬਿਆਨ ਜਾਰੀ ਕੀਤਾ ਗਿਆ ਹੈ। ਲੁਧਿਆਣਾ ਵਿੱਚ ਲੋਕ ਇਨਸਾਫ਼ ਪਾਰਟੀ ਦੇ ਮੁਖੀ ਸਿਮਰਜੀਤ ਸਿੰਘ ਬੈਂਸ ਦੇ ਕਾਂਗਰਸ, ਭਾਜਪਾ ਅਤੇ 'ਆਪ' ਵਿੱਚ ਸ਼ਾਮਲ ਹੋਣ ਨੂੰ ਲੈ ਕੇ ਕਾਫੀ ਅਟਕਲਾਂ ਲਾਈਆਂ ਜਾ ਰਹੀਆਂ ਸਨ ਪਰ ਇਸ ਦੌਰਾਨ ਇਨ੍ਹਾਂ ਪਾਰਟੀਆਂ ਨੇ ਆਪਣੇ ਉਮੀਦਵਾਰ ਐਲਾਨ ਦਿੱਤੇ ਹਨ। ਇਸ ਤੋਂ ਸਪੱਸ਼ਟ ਹੋ ਗਿਆ ਕਿ ਸਿਮਰਜੀਤ ਸਿੰਘ ਬੈਂਸ ਦੀ ਇਨ੍ਹਾਂ ਪਾਰਟੀਆਂ ਵਿੱਚ ਕੋਈ ਦਿਲਚਸਪੀ ਨਹੀਂ ਹੈ। ਹੁਣ ਚਾਰੋਂ ਵੱਡੀਆਂ ਸਿਆਸੀ ਪਾਰਟੀਆਂ 'ਆਪ', ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਨੇ ਲੁਧਿਆਣਾ 'ਚ ਆਪਣੇ ਪੱਤੇ ਵਿਛਾ ਦਿੱਤੇ ਹਨ। ਉਨ੍ਹਾਂ ਦੇ ਉਮੀਦਵਾਰਾਂ ਨੇ ਚੋਣ ਪ੍ਰਚਾਰ ਵੀ ਸ਼ੁਰੂ ਕਰ ਦਿੱਤਾ ਹੈ ਪਰ ਬੈਂਸ 'ਤੇ ਅਜੇ ਵੀ ਸਸਪੈਂਸ ਬਰਕਰਾਰ ਹੈ। ਬੈਂਸ ਇਨ੍ਹੀਂ ਦਿਨੀਂ ਮੀਡੀਆ ਨਾਲ ਗੱਲ ਵੀ ਨਹੀਂ ਕਰ ਰਹੇ ਹਨ। ਉਨ੍ਹਾਂ ਦੇ ਫੇਸਬੁੱਕ ਪੇਜ 'ਤੇ ਵੀ ਸਿਆਸੀ ਗਤੀਵਿਧੀਆਂ ਦੀ ਕੋਈ ਪੋਸਟ ਸ਼ੇਅਰ ਨਹੀਂ ਕੀਤੀ ਜਾ ਰਹੀ ਬਾਕੀ ਸਫ਼ਾ 2 'ਤੇ

### ਤੂੰ ਮੇਰਾ ਬਾਈ ਮੈਂ ਤੇਰਾ ਬਾਈ !

## ਜੱਫੀ ਪਾ ਕੇ ਮਿਲੇ ਬਿੱਟੂ ਤੇ ਰਾਜਾ ਵੜਿੰਗ, ਸੋਸ਼ਲ ਮੀਡੀਆ 'ਤੇ ਛਿੜੀ ਚਰਚਾ

ਲੁਧਿਆਣਾ, 5 ਮਈ (ਆਵਾਜ਼ਿ ਕੌਮ ਬਿਊਰੋ)- ਲੁਧਿਆਣਾ ਵਿੱਚ ਲੋਕ ਸਭਾ ਚੋਣਾਂ





ਦੌਰਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਸੰਸਦ ਮੈਂਬਰ ਰਵਨੀਤ ਸਿੰਘ ਬਿੱਟੂ ਦੀ ਇੱਕ ਦੂਜੇ ਨੂੰ ਜੱਫੀ ਪਾਉਣ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਈ ਹੈ। ਇਹ ਵੀਡੀਓ ਦਰੇਸੀ ਮੈਦਾਨ ਨੇੜੇ ਇੱਕ ਸਕੂਲ ਵਿੱਚ ਕਰਵਾਏ ਬਾਬਾ ਖਾਟੂ ਸ਼ਿਆਮ ਦੇ ਜਾਗਰਣ ਦੀ ਹੈ। ਜਾਗਰਣ ਵਿੱਚ ਭਜਨ ਗਾਇਕ ਕਨ੍ਹਈਆ ਮਿੱਤਲ ਨੇ ਭਜਨ ਗਾਇਆ। ਇਸ ਦੌਰਾਨ ਭਾਜਪਾ ਉਮੀਦਵਾਰ ਰਵਨੀਤ ਸਿੰਘ ਬਿੱਟੂ ਅਤੇ ਕਾਂਗਰਸੀ ਉਮੀਦਵਾਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਜੱਫੀ ਪਾਈ। ਕਨ੍ਹਈਆ ਮਿੱਤਲ ਨੇ ਜਾਗਰਣ ਦੇ ਮੰਚ ਤੋਂ ਸਾਫ਼ ਕਿਹਾ ਕਿ ਉਹ ਕਿਸੇ ਇੱਕ ਆਗੂ ਦੇ ਹੱਕ ਵਿੱਚ ਕੋਈ ਭਜਨ ਨਹੀਂ ਗਾ ਰਹੇ। ਉਨ੍ਹਾਂ ਲਈ ਚੋਣਾਂ ਵਿਚ ਹਿੱਸਾ ਲੈਣ ਵਾਲੇ ਸਾਰੇ ਉਮੀਦਵਾਰ ਬਰਾਬਰ ਹਨ। ਕਨ੍ਹਈਆ ਮਿੱਤਲ ਨੇ ਸੰਗਤ ਜਾਗਰਣ ਵਿੱਚ ਮੋਦੀ ਦੇ ਨਾਅਰੇ ਲਾਉਣ ਵਾਲਿਆਂ ਨੂੰ ਵੀ ਰੋਕਿਆ ਅਤੇ ਲੋਕਾਂ ਨੂੰ ਕਿਹਾ ਕਿ ਕੋਈ ਵੀ ਮੋਦੀ ਦੇ ਨਾਅਰੇ ਨਾ ਲਾਉਣ। ਰਾਮ ਦਾ ਨਾਮ ਜਪਿਆ ਕਰੋ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਸ਼ਹਿਰ 'ਚ ਕਈ ਚਰਚਾਵਾਂ ਛਿੜ ਗਈਆਂ ਹਨ। ਦੋਵੇਂ ਆਗੂ ਲੋਕ ਸਭਾ ਚੋਣਾਂ ਵਿੱਚ ਇੱਕ ਦੂਜੇ ਦੇ ਵਿਰੋਧੀ ਹਨ। ਵੜਿੰਗ ਨੇ ਰਵਨੀਤ ਸਿੰਘ ਬਿੱਟੂ ਨੂੰ ਲੋਕਾਂ ਵਿੱਚ ਗੱਦਾਰ ਵੀ ਕਿਹਾ ਕਿਉਂਕਿ ਬਿੱਟੂ ਕਾਂਗਰਸ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ ਸੀ। ਬਿੱਟੂ 10 ਸਾਲਾਂ ਤੋਂ ਲੁਧਿਆਣਾ ਦੇ ਸੰਸਦ ਮੈਂਬਰ ਰਹੇ ਹਨ। ਇਸ ਵੇਲੇ ਦੋਵਾਂ ਉਮੀਦਵਾਰਾਂ ਵਿੱਚ ਤਕੜੀ ਟੱਕਰ ਹੈ।

### ਪਟਿਆਲਾ 'ਚ ਕਿਸਾਨ ਦੀ ਮੌਤ ਦੇ ਮਾਮਲੇ 'ਚ

## ਭਾਜਪਾ ਲੀਡਰ ਹਰਵਿੰਦਰ ਸਿੰਘ ਹਰਪਾਲਪੁਰ ਤੇ ਹੋਰਨਾਂ ਅਣਪਛਾਤਿਆਂ ਖਿਲਾਫ ਕੇਸ ਦਰਜ

ਪਟਿਆਲਾ (ਨਾਭਾ), 5 ਮਈ (ਆਵਾਜ਼ਿ ਕੌਮ ਬਿਊਰੋ)- ਬੀਤੇ ਦਿਨੀਂ ਭਾਜਪਾ ਉਮੀਦਵਾਰ ਅਤੇ ਸਾਬਕਾ ਮੁੱਖ ਮੰਤਰੀ



ਕੈਪਟਨ ਅਮਰਿੰਦਰ ਸਿੰਘ ਦੀ ਪਤਨੀ ਮਹਾਰਾਣੀ ਪ੍ਰਨੀਤ ਕੌਰ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਦੇ ਹੋਏ ਇੱਕ ਕਿਸਾਨ ਦੀ ਮੌਤ ਹੋ ਗਈ ਸੀ। ਪੁਲਿਸ ਨੇ ਇਸ ਮਾਮਲੇ ਵਿਚ ਕਾਰਵਾਈ ਕੀਤੀ ਹੈ। ਪੁਲਿਸ ਨੇ ਭਾਜਪਾ ਲੀਡਰ ਹਰਵਿੰਦਰ ਸਿੰਘ ਹਰਪਾਲਪੁਰ ਤੇ ਹੋਰਨਾਂ ਅਣਪਛਾਤਿਆਂ ਖਿਲਾਫ਼ ਧਾਰਾ 304 ਤਹਿਤ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਖੇੜੀ ਗੰਡਿਆ ਪੁਲਿਸ ਰੇਸ਼ਮ ਸਿੰਘ ਵਾਸੀ ਪਿੰਡ ਆਕੜੇ ਨੇ ਬਿਆਨ ਦਰਜ ਕਰਵਾਏ ਕਿ ਬੀਤੇ ਦਿਨੀ ਪਿੰਡ ਸਿਹਰਾ ਦੇ ਬੱਸ ਅੱਡੇ ਨੇੜੇ ਭਾਜਪਾ ਉਮੀਦਵਾਰ ਪਰਨੀਤ ਕੌਰ ਤੋਂ ਕਿਸਾਨ ਸਵਾਲ ਜਵਾਬ ਪੁੱਛਣ ਲਈ ਇਕੱਠੇ ਹੋਏ ਸਨ। ਇਸ ਮੌਕੇ ਜਦੋਂ ਕਿਸਾਨ ਭਾਜਪਾ ਉਮੀਦਵਾਰ ਦੇ ਗੱਡੀ ਨੇੜੇ ਪਹੁੰਚੇ ਤਾਂ ਮੌਕੇ ਬਾਕੀ ਸਫ਼ਾ 2 'ਤੇ

## ਪੰਜਾਬ 'ਚ 10 ਮਈ ਨੂੰ ਸਰਕਾਰੀ ਛੁੱਟੀ ਦਾ ਐਲਾਨ, ਸਕੂਲ-ਕਾਲਜ ਤੇ ਹੋਰ ਅਦਾਰੇ ਰਹਿਣਗੇ ਬੰਦ

ਚੰਡੀਗੜ੍ਹ, 5 ਮਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸਰਕਾਰ ਨੇ 10 ਮਈ ਦਿਨ ਸ਼ੁੱਕਰਵਾਰ ਨੂੰ ਸੂਬੇ ਭਰ ਵਿੱਚ ਛੁੱਟੀ ਦਾ ਐਲਾਨ ਕੀਤਾ ਹੈ। ਸੂਬੇ ਭਰ ਦੇ ਸਕੂਲਾਂ, ਕਾਲਜਾਂ, ਸਰਕਾਰੀ ਦਫ਼ਤਰਾਂ ਅਤੇ ਹੋਰ ਵਪਾਰਕ ਅਦਾਰਿਆਂ ਵਿੱਚ ਇਸ ਦਿਨ ਛੁੱਟੀ ਰਹੇਗੀ। ਦਰਅਸਲ, 10 ਮਈ ਨੂੰ ਭਗਵਾਨ ਪਰਸ਼ੂਰਾਮ ਜੈਅੰਤੀ ਹੈ ਅਤੇ ਇਸ ਲਈ ਇਸ ਨੂੰ ਸਰਕਾਰੀ ਛੁੱਟੀ ਘੋਸ਼ਿਤ ਕੀਤੀ ਗਈ ਹੈ। ਇਸ ਤੋਂ ਪਹਿਲਾਂ 1 ਮਈ ਨੂੰ ਮਜ਼ਦੂਰ ਦਿਹਾੜੇ ਕਾਰਨ ਸੂਬੇ ਭਰ 'ਚ ਸਰਕਾਰੀ ਛੁੱਟੀ ਰਹੀ ਸੀ। ਦੱਸ ਦੇਈਏ ਕਿ ਪੰਜਾਬ ਸਰਕਾਰ ਨੇ ਇਸ ਨੂੰ ਸਾਲ 2024 ਦੀਆਂ ਸਰਕਾਰੀ ਛੁੱਟੀਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਹੈ। ਸਰਕਾਰ ਨੇ ਭਗਵਾਨ ਪਰਸ਼ੂ ਰਾਮ ਜੈਅੰਤੀ 'ਤੇ ਛੁੱਟੀ ਦਾ ਐਲਾਨ ਕੀਤਾ ਹੈ।

### ਚੋਣਾਂ ਤੋਂ ਪਹਿਲਾਂ 830 ਕਰੋੜ ਨਾਲ ਸਟਾਰਟਅੱਪ ਸ਼ੁਰੂ ਕਰਨ ਵਾਲੇ ਸੰਧੂ ਸਮੁੰਦਰੀ ਨੇ ਸਭ ਦਾ ਦਿਲ ਜਿੱਤਿਆ - ਪ੍ਰੋ. ਖਿਆਲਾ, ਡਾ. ਸਠਿਆਲਾ

# ਐੱਮ ਪੀ ਬਣ ਕੇ ਗੁਰੂ ਨਗਰੀ ਦਾ ਨੁਹਾਰ ਬਦਲਣ ਦੀ ਸਮਰੱਥਾ ਕੇਵਲ ਸੰਧੂ ਸਮੁੰਦਰੀ ਕੋਲ

**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**- ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਬਣ ਕੇ ਵੀ ਕਈ ਲੋਕ ਆਪਣੇ ਹਲਕੇ ਦਾ ਕੁਝ ਨਹੀਂ ਸਵਾਰ ਸਕੇ ਹਨ। ਪਰ ਭਾਜਪਾ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਵਾਅਦੇ ਐੱਮ ਪੀ ਬਣਨ ਤੋਂ ਪਹਿਲਾਂ ਹੀ ਪੂਰੇ ਹੋ ਰਹੇ ਹਨ। ਜਿਸ ਦੀ ਮਿਸਾਲ 830 ਕਰੋੜ ਰੁਪਏ ਨਾਲ ਅਮਰੀਕਨ ਭਾਰਤੀ ਪ੍ਰਵਾਸੀ ਭਾਈਚਾਰੇ ਵੱਲੋਂ ਅੰਮ੍ਰਿਤਸਰ ਵਿਚ ਨੌਜਵਾਨ ਅਤੇ ਇਸਤਰੀਆਂ ਨੂੰ ਸਵੈ ਰੁਜ਼ਗਾਰ ਲਈ ਸਟਾਰਟਅੱਪ ਸ਼ੁਰੂ ਕਰਨ 'ਚ ਮਦਦ ਦੇਣ ਤੋਂ ਮਿਲਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਸੂਬਾ ਬੁਲਾਰੇ ਅਤੇ ਸੰਧੂ ਸਮੁੰਦਰੀ ਦੇ ਨਿੱਜੀ ਸਲਾਹਕਾਰ ਪ੍ਰੋ. ਸਰਚਾਂਦ ਸਿੰਘ ਖਿਆਲਾ ਅਤੇ ਭਾਜਪਾ ਦੇ ਸੂਬਾਈ ਬੁੱਧੀਜੀਵੀ ਸੈੱਲ ਦੇ ਕੋ ਕਨਵੀਨਰ ਸਰਬਜੀਤ ਸਿੰਘ ਸਠਿਆਲਾ ਨੇ ਸਾਂਝੇ ਤੌਰ 'ਤੇ ਕੀਤਾ ਹੈ। ਇਸ ਮੌਕੇ ਉਨਾਂ ਨਾਲ ਸੰਤੋਖ ਸਿੰਘ ਗੁੰਮਟਾਲਾ ਅਤੇ ਗਬਰਕਵਲ ਸਿੰਘ ਮਾਨ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੁਆਰਾ ਇਸ ਕਾਰਜ ਲਈ ਐਨਆਰਈ ਨੂੰ ਪ੍ਰੇਰਿਤ ਕੀਤਾ ਗਿਆ। ਅਤੇ ਪ੍ਰਵਾਸੀ ਭਾਰਤੀਆਂ ਦੇ ਇੱਕ ਸਮੂਹ ਨੇ 'ਵਿਕਸਿਤ ਅੰਮ੍ਰਿਤਸਰ ਇਨੀਸ਼ੀਏਟਿਵ' ਤਹਿਤ 100 ਮਿਲੀਅਨ ਅਮਰੀਕੀ ਡਾਲਰ, ਜੋ ਕਿ ਲਗਭਗ 830 ਕਰੋੜ ਰੁਪਏ ਹਨ, ਇਕੱਠੇ ਕਰ ਲਏ ਹਨ। ਇਸ ਸਮੂਹ ਵਿੱਚੋਂ ਬਹੁਤ ਸਾਰੇ ਅੰਮ੍ਰਿਤਸਰ ਨਾਲ ਸਬੰਧਿਤ ਹਨ, ਉਹਨਾਂ ਨੇ ਅੰਮ੍ਰਿਤਸਰ ਵਿੱਚ ਸਟਾਰਟਅੱਪ ਅਤੇ ਵਿਕਾਸ-ਮੁਖੀ ਉੱਦਮੀਆਂ ਲਈ ਸਹਾਇਤਾ ਦਾ ਐਲਾਨ ਕੀਤਾ ਹੈ। ਜੋ ਵਿਕਾਸ ਦੇ ਮੁੱਦਿਆਂ-ਸਿਹਤ, ਸੈਰ ਸਪਾਟਾ, ਖੇਤੀਬਾੜੀ, ਉਦਯੋਗ, ਵਣਜ, ਹੁਨਰ ਵਿਕਾਸ, ਸਿੱਖਿਆ, ਸੂਚਨਾ ਤਕਨਾਲੋਜੀ ਅਤੇ ਰਿਹਾਇਸ਼ ਨੂੰ ਦਿੱਤਾ ਜਾਵੇਗਾ। ਇਸ ਰਾਹੀਂ ਨਾ ਸਿਰਫ਼ ਰਿਹਾਇਸ਼ੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ, ਸਗੋਂ ਔਰਤਾਂ ਅਤੇ ਨੌਜਵਾਨ ਉੱਦਮੀਆਂ 'ਤੇ ਵੀ ਧਿਆਨ ਦਿੱਤਾ ਗਿਆ ਹੈ। ਇਸ ਵਿੱਚ ਮੁਕੇਸ਼ ਆਘੀ ਦੀ ਅਗਵਾਈ ਵਿੱਚ USISPF (ਯੂਐਸ-ਇੰਡੀਆ ਰਣਨੀਤਕ ਭਾਈਵਾਲੀ ਫੋਰਮ) ਅਤੇ ਫਿੱਕੀ (ਫੈਡਰੇਸ਼ਨ ਆਫ਼ ਇੰਡੀਅਨ ਚੈਂਬਰਜ਼ ਆਫ਼ ਕਾਮਰਸ ਐਂਡ ਇੰਡਸਟਰੀਜ਼) ਵੀ ਸ਼ਾਮਲ ਹਨ। ਉਨ੍ਹਾਂ ਨੇ 2 ਅਪ੍ਰੈਲ ਨੂੰ ਅੰਮ੍ਰਿਤਸਰ ਵਿਖੇ ਮੁੱਢਲੀ ਮੀਟਿੰਗ ਕੀਤੀ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿੱਚ ਅਮਰੀਕਨ ਕੌਂਸਲੇਟ ਖੋਲ੍ਹਣ, ਵੀਐਫਐਸ ਸੈਂਟਰ ਖੋਲ੍ਹਣ ਅਤੇ ਨੌਜਵਾਨਾਂ ਨੂੰ ਬਹੁਰਾਸ਼ਟਰੀ ਕੰਪਨੀਆਂ ਵਿੱਚ ਨੌਕਰੀਆਂ ਦੇ ਯੋਗ ਬਣਾਉਣ ਲਈ ਸਿਖਲਾਈ ਦੇਣ ਵਰਗੇ ਕਈ ਕੰਮ ਪ੍ਰਗਤੀ 'ਚ ਹਨ। ਹੁਣ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਸਾਂਸਦ ਬਣਨ ਤੋਂ ਪਹਿਲਾਂ ਅੰਮ੍ਰਿਤਸਰ ਲਈ ਇਹ ਯੋਗਦਾਨ ਪਾਉਣ ਵਾਲੇ ਵਿਅਕਤੀ ਸਾਂਸਦ ਬਣਨ ਤੋਂ ਬਾਅਦ ਹੋਰ ਵੀ ਵੱਧ ਯੋਗਦਾਨ ਪਾ ਸਕਣਗੇ। ਭਾਜਪਾ ਆਗੂਆਂ ਨੇ ਕਿਹਾ ਕਿ ਸੰਧੂ ਸਮੁੰਦਰੀ ਵੱਲੋਂ ਅੰਮ੍ਰਿਤਸਰ ਲਈ ਕਈ ਵਿਕਾਸ ਯੋਜਨਾਵਾਂ ਬਣਾਈਆਂ ਜਾ ਰਹੀਆਂ ਹਨ। ਇਸ ਦਾ ਖ਼ਾਕਾ ਤਿਆਰ ਕਰ ਲਿਆ ਗਿਆ ਹੈ। ਜਿਸ ਨਾਲ ਗੁਰੂ ਦੀ ਨਗਰੀ ਨੂੰ ਮੁੜ ਉਸੇ ਥਾਂ 'ਤੇ ਲਿਆਂਦਾ ਜਾਵੇਗਾ ਜਿੱਥੇ ਪਹਿਲਾਂ ਹੁੰਦਾ ਸੀ। ਉਨ੍ਹਾਂ ਕਿਹਾ ਕਿ ਇਸ ਸ਼ਹਿਰ ਵਿੱਚ ਹਰ ਰੋਜ਼ ਦੋ ਤੋਂ ਢਾਈ ਲੱਖ ਤੋਂ ਵੱਧ ਸੈਲਾਨੀ ਆ ਰਹੇ ਹਨ, ਜਿਸ ਦੇ ਮੱਦੇਨਜ਼ਰ ਵਿਕਾਸ ਯੋਜਨਾਵਾਂ ਨੂੰ ਤੇਜ਼ੀ ਨਾਲ ਲਾਗੂ ਕਰਕੇ ਉਨ੍ਹਾਂ 'ਤੇ ਕੰਮ ਕਰਨ ਦੀ ਬਹੁਤ ਲੋੜ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵਿੱਚ ਮੁੜ ਮੋਦੀ ਸਰਕਾਰ ਆ ਰਹੀ ਹੈ, ਪਰ ਅਸੀਂ ਚਾਹੁੰਦੇ ਹਾਂ ਕਿ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਭਾਜਪਾ ਦਾ ਹੋਵੇ। ਤਾਂ ਜੋ ਸ਼ਹਿਰ ਦੇ ਵਿਕਾਸ ਲਈ ਫ਼ੰਡ ਪ੍ਰਾਪਤ ਕਰਨਾ ਆਸਾਨ ਹੋ ਜਾਵੇ। ਤੁਸੀਂ ਉਸ ਨੂੰ ਵੋਟ ਪਾ ਕੇ ਜਿਤਾਉਗੇ, ਉਹ ਮੋਦੀ ਸਾਹਿਬ ਦੀ ਬਾਂਹ ਬਣੇਗਾ ਅਤੇ ਸ਼ਹਿਰ ਲਈ ਬਹੁਤ ਵਿਸ਼ੇਸ਼ ਪੈਕੇਜ ਲੈ ਕੇ ਆਉਣਗੇ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਅਪਰਾਧ ਮੁਕਤ, ਨਸ਼ਾ ਮੁਕਤ ਅਤੇ ਸੈਰ ਸਪਾਟੇ ਨੂੰ ਪ੍ਰਫੁੱਲਿਤ ਕੀਤਾ ਜਾਵੇ ਅਤੇ ਵਿਕਾਸ ਦੀ ਰਫ਼ਤਾਰ ਬਹੁਤ ਤੇਜ਼ ਹੋਵੇ, ਇਸ ਲਈ ਉਨ੍ਹਾਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਜਿਤਾਉਣ ਲਈ ਕਮਲ ਦੇ ਫੁੱਲ 'ਤੇ ਵੋਟ ਪਾਉਣ ਦੀ ਅਪੀਲ ਕੀਤੀ ।



ਆਵਾਜ਼ਿ ਕੌਮ AWAZE QAUM International Newspaper & WEB TV

## .... ਸ.ਫ਼ਾ-1 ਦਾ ਬਾਕੀ ....

### ਹਰਸਿਮਰਤ ਬਾਦਲ ਸਾਹਮਣੇ ਵੱਡੀ ਚੁਣੌਤੀ ! ...

ਅਕਾਲੀ ਦਲ ਵਿੱਚ ਰਹਿਣ ਤੋਂ ਬਾਅਦ ਉਹ 2023 ਵਿੱਚ ਕਾਂਗਰਸ ਵਿੱਚ ਸ਼ਾਮਲ ਹੋ ਗਏ ਸੀ ਤੇ ਹੁਣ ਉਮੀਦਵਾਰ ਬਣੇ ਹਨ। ਦਰਅਸਲ ਸਾਲ 2009 ਤੋਂ 2019 ਦਰਮਿਆਨ ਹੋਈਆਂ 3 ਲੋਕ ਸਭਾ ਚੋਣਾਂ ਦੀ ਗੱਲ ਕਰੀਏ ਤਾਂ ਪਹਿਲੀਆਂ ਚੋਣਾਂ 'ਚ ਹਰਸਿਮਰਤ ਬਾਦਲ 1.20 ਲੱਖ ਵੋਟਾਂ ਨਾਲ ਜਿੱਤੇ ਸਨ ਪਰ 2014 ਦੀਆਂ ਚੋਣਾਂ 'ਚ ਉਨ੍ਹਾਂ ਨੇ ਆਪਣੇ ਦਿਓਰ ਮਨਪ੍ਰੀਤ ਬਾਦਲ ਖਿਲਾਫ ਚੋਣ ਲੜੀ ਸੀ। ਇਸ ਚੋਣ 'ਚ ਹਰਸਿਮਰਤ ਨੇ ਫਿਰ ਜਿੱਤ ਦਰਜ ਕੀਤੀ ਸੀ ਪਰ ਜਿੱਤ ਦਾ ਫਰਕ 19,395 ਰਹਿ ਗਿਆ ਸੀ। ਇਸ ਮਗਰੋਂ 2019 'ਚ ਹਰਸਿਮਰਤ ਬਾਦਲ ਨੇ ਕਾਂਗਰਸ ਦੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ 21,772 ਵੋਟਾਂ ਨਾਲ ਹਰਾਇਆ ਸੀ ਪਰ ਹੁਣ ਇਹ ਸਮੀਕਰਨ ਬਦਲਦੇ ਨਜ਼ਰ ਆ ਰਹੇ ਹਨ। ਸਿਆਸੀ ਮਾਹਿਰਾਂ ਦਾ ਕਹਿਣਾ ਹੈ ਕਿ ਜੇਕਰ ਜੀਤ ਮਹਿੰਦਰ ਸਿੰਘ ਤੇ ਪਰਮਪਾਲ ਕੌਰ ਅਕਾਲੀ ਦਲ ਦੀਆਂ ਵੋਟਾਂ ਕੱਟਣ ਵਿੱਚ ਕਾਮਯਾਬ ਹੋ ਜਾਂਦੇ ਹਨ ਤਾਂ ਹਰਸਿਮਰਤ ਲਈ ਮੁਸ਼ਕਲਾਂ ਖੜ੍ਹੀਆਂ ਹੋ ਸਕਦੀਆਂ ਹਨ। ਇਸ ਦੇ ਨਾਲ ਹੀ ਗੁਰਮੀਤ ਸਿੰਘ ਖੁੱਡੀਆਂ ਨੂੰ ਇਸ ਦਾ ਸਿੱਧਾ ਫਾਇਦਾ ਹੋ ਸਕਦਾ ਹੈ। 'ਆਪ' ਉਮੀਦਵਾਰ ਗੁਰਮੀਤ ਸਿੰਘ ਖੁੱਡੀਆਂ 2022 ਵਿੱਚ ਸਿਆਸਤ ਦੇ ਬਾਬਾ ਬੋਹੜ ਤੇ ਪੰਜ ਵਾਰ ਮੁੱਖ ਮੰਤਰੀ ਰਹੇ ਪ੍ਰਕਾਸ਼ ਸਿੰਘ ਬਾਦਲ ਨੂੰ ਹਰਾ ਚੁੱਕੇ ਹਨ। 2011 ਦੀ ਮਰਦਮਸ਼ੁਮਾਰੀ ਅਨੁਸਾਰ, ਬਠਿੰਡਾ ਸ਼ਹਿਰ ਦੇ 62.61% ਲੋਕ ਹਿੰਦੂ ਹਨ। ਜਦਕਿ 35.04% ਸਿੱਖ ਹਨ ਪਰ ਜੇਕਰ ਬਠਿੰਡਾ ਜ਼ਿਲ੍ਹੇ ਦੀ ਗੱਲ ਕਰੀਏ ਤਾਂ ਇੱਥੇ ਸਿੱਖ ਬਹੁਗਿਣਤੀ ਵਿੱਚ ਹਨ। ਆਬਾਦੀ ਦਾ 62.61% ਸਿੱਖ ਤੇ 35.04% ਹਿੰਦੂ ਹਨ। ਮਾਨਸਾ ਵੀ ਬਠਿੰਡਾ ਲੋਕ ਸਭਾ ਹਲਕੇ ਵਿੱਚ ਪੈਂਦਾ ਹੈ ਜਿੱਥੇ 77.75% ਸਿੱਖ ਹਨ। ਜਦਕਿ ਹਿੰਦੂਆਂ ਦੀ ਗਿਣਤੀ 20.34% ਹੈ। ਇਸ ਸੀਟ 'ਤੇ 9 ਵਿਧਾਨ ਸਭਾ ਹਲਕੇ ਹਨ ਜਿਸ ਵਿੱਚ ਇੱਕ ਪਾਸੇ ਬਠਿੰਡਾ ਤੇ ਦੂਜੇ ਪਾਸੇ ਮਾਨਸਾ ਹੈ। ਬਠਿੰਡਾ ਤੇ ਮਾਨਸਾ ਦੇ ਵੋਟਰ ਹਮੇਸ਼ਾ ਉਲਟ ਦਿਸ਼ਾ ਵੱਲ ਜਾਂਦੇ ਹਨ। 2019 ਵਿੱਚ ਅਕਾਲੀ ਦਲ ਬਠਿੰਡਾ ਦੇ 5 ਸਰਕਲਾਂ ਲੰਬੀ, ਭੁੱਚੋ ਮੰਡੀ, ਬਠਿੰਡਾ ਅਰਬਨ, ਬਠਿੰਡਾ ਦਿਹਾਤੀ ਤੇ ਬੁਢਲਾਡਾ ਵਿੱਚ ਅੱਗੇ ਸੀ। ਜਦੋਂਕਿ ਤਲਵੰਡੀ ਸਾਬੋ, ਮੌੜ, ਮਾਨਸਾ ਤੇ ਸਰਦੂਲਗੜ੍ਹ ਵਿੱਚ ਕਾਂਗਰਸ ਅੱਗੇ ਸੀ ਪਰ ਇਸ ਵਾਰ ਸਮੀਕਰਨ ਬਦਲ ਗਏ ਹਨ। ਹਿੰਦੂ ਵੋਟਰਾਂ ਦਾ ਝੁਕਾਅ ਭਾਜਪਾ ਵੱਲ ਨਜ਼ਰ ਆ ਰਿਹਾ ਹੈ ਜਿਸ ਦਾ ਅਸਰ ਤਿੰਨਾਂ ਪਾਰਟੀਆਂ ਕਾਂਗਰਸ, ਆਪ ਤੇ ਅਕਾਲੀ ਦਲ 'ਤੇ ਪਵੇਗਾ। ਲੰਬੀ, ਭੁੱਚੋ ਮੰਡੀ, ਬਠਿੰਡਾ ਸ਼ਹਿਰੀ, ਬਠਿੰਡਾ ਦਿਹਾਤੀ ਤੇ ਬੁਢਲਾਡਾ ਵਿੱਚ ਅਕਾਲੀ ਦਲ ਮਜ਼ਬੂਤ ਨਜ਼ਰ ਆ ਰਿਹਾ ਹੈ।

### ਨਰਿੰਦਰ ਮੋਦੀ ਨੂੰ ਟੱਕਰ ਦੇਣ ਉਤਰੇਗਾ ਨੀਟੂ ਸ਼ਟਰਾਂਵਾਲਾ...

ਉਹ ਇਸ ਵਾਰ ਤਾਂ ਕੀ ਕਦੇ ਵੀ ਚੋਣਾਂ ਨਹੀਂ ਹਾਰਣਗੇ। ਉਸ ਆਪਣੀ ਹਾਸੇ-ਮਜ਼ਾਕ ਵਾਲੀ ਇਮੇਜ਼ ਦੇ ਕਾਰਨ ਅਕਸਰ ਸੁਰਖੀਆਂ 'ਚ ਰਹਿੰਦੇ ਹਨ। ਨੀਟੂ ਸ਼ਟਰਾਂਵਾਲਾ ਨੇ ਇਸ ਵਾਰ ਸਿੱਧੇ ਤੌਰ 'ਤੇ ਪੀਐੱਮ ਮੋਦੀ ਨੂੰ ਟੱਕਰ ਦੇਣ ਦਾ ਐਲਾਨ ਕੀਤਾ ਹੈ। ਨੀਟੂ ਦਾ ਕਹਿਣਾ ਹੈ ਕਿ ਇਸ ਵਾਰ ਉਹ ਪੰਜਾਬ ਦੀਆਂ 13 ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕਰਨ ਜਾ ਰਹੇ ਹਨ ਅਤੇ ਪ੍ਰਧਾਨ ਮੰਤਰੀ ਖੁਦ ਵਾਰਾਣਸੀ ਤੋਂ ਚੋਣ ਲੜਨਗੇ।

ਮੋਦੀ ਦੇ ਖਿਲਾਫ ਚੋਣ ਲੜ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਨ੍ਹਾਂ ਦੇ ਉਮੀਦਵਾਰਾਂ ਨੂੰ ਪੂਰਾ ਸਮਰਥਨ ਮਿਲਣ ਵਾਲਾ ਹੈ। ਨੀਟੂ ਨੇ ਕਿਹਾ ਕਿ ਲੋਕ ਸਾਨੂੰ ਇੱਕ ਵਾਰ ਵੋਟ ਪਾ ਕੇ ਜਿੱਤਾ ਕੇ ਦੇਖਣ, ਫਿਰ ਦੱਸਾਂਗੇ ਕਿ ਰਾਜ ਕਿਵੇਂ ਚੱਲਦਾ ਹੈ।

### ਪਿਓ-ਪੁੱਤ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲ...

ਜੋਤਾ ਸਿੰਘ ਕੋਲੋਂ 2011 ਵਿੱਚ ਲਈ ਸੀ ਜਿਸ ਦੇ ਚਲਦਿਆਂ ਲਾਭ ਸਿੰਘ ਅਤੇ ਉਸ ਦੇ ਪੁੱਤਰਾਂ ਨੇ ਦੁਕਾਨ 'ਤੇ ਕਬਜੇ ਦੀ ਨੀਅਤ ਨਾਲ ਹਮਲਾ ਕੀਤਾ।ਗੁਰਬਚਨ ਸਿੰਘ ਨੇ ਦੱਸਿਆ ਕਿ ਅਸੀਂ ਇਸ ਦੁਕਾਨ ਦਾ ਕੇਸ ਵੀ ਅਦਾਲਤ ਵਿੱਚੋਂ ਜਿੱਤ ਚੁੱਕੇ ਹਾਂ ਪਰ ਬਾਰ-ਬਾਰ ਸਾਨੂੰ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਸੀ। ਦੇਰ ਰਾਤ ਲਾਭ ਸਿੰਘ ਤੇ ਉਸ ਦੇ ਪੁੱਤਰਾਂ ਵੱਲੋਂ ਆਪਣੇ ਨਾਲ ਕਈ ਸਾਥੀਆਂ ਨੂੰ ਲਿਆ ਕੇ ਸਾਡੀ ਦੁਕਾਨ 'ਤੇ ਤੇਜ਼ਧਾਰ ਹਥਿਆਰਾਂ ਦੇ ਨਾਲ ਹਮਲਾ ਕੀਤਾ ਅਤੇ ਸਾਡੀ ਦੁਕਾਨ ਤੋਂ ਮੇਰਾ ਪਰਸ, ਜਿਸ ਵਿੱਚ 20 ਹਜ਼ਾਰ ਰੁਪਏ ਸਨ ਅਤੇ ਮੇਰਾ ਮੋਬਾਈਲ ਫੋਨ ਵੀ ਨਾਲ ਲੈ ਕੇ ਚਲੇ ਗਏ। ਉੱਥੇ ਹੀ ਪੀੜਤ ਪਰਿਵਾਰ ਨੇ ਪੁਲਿਸ ਪ੍ਰਸ਼ਾਸਨ ਕੋਲੋਂ ਇਨਸਾਫ ਦੀ ਮੰਗ ਕੀਤੀ ਹੈ।

### ਲੁਧਿਆਣਾ 'ਚ ਬੈਂਸ ਦੀ ਚੁੱਪ ਦਾ ਰੌਲਾ....

ਹੈ। ਬੈਂਸ ਪਿਛਲੀ ਵਾਰ ਚੋਣਾਂ ਵਿੱਚ ਦੂਜੇ ਸਥਾਨ 'ਤੇ ਰਹੇ ਸਨ। ਇਸ ਕਾਰਨ ਵਿਰੋਧੀ ਪਾਰਟੀਆਂ ਬੈਂਸ ਅਤੇ ਉਨ੍ਹਾਂ ਦੇ ਵੋਟ ਬੈਂਕ 'ਤੇ ਖ਼ਾਸ ਨਜ਼ਰ ਰੱਖ ਰਹੀਆਂ ਹਨ। ਵਿਰੋਧੀ ਵੀ ਬੈਂਸ ਦੇ ਅਗਲੇ ਕਦਮ ਨੂੰ ਲੈ ਕੇ ਉਤਸੁਕ ਹਨ। ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਦੇ ਐਲਾਨ ਤੋਂ ਬਾਅਦ ਮੰਨਿਆ ਜਾ ਰਿਹਾ ਸੀ ਕਿ ਬੈਂਸ ਹੁਣ ਆਪਣੀ ਹੀ ਪਾਰਟੀ ਤੋਂ ਚੋਣ ਲੜਨ ਲਈ ਐਕਸ਼ਨ ਦੇ ਮੂਡ 'ਚ ਨਜ਼ਰ ਆਉਣਗੇ, ਪਰ ਹੁਣ ਤੱਕ ਬੈਂਸ ਵੱਲੋਂ ਨਾ ਤਾਂ ਚੋਣ ਪ੍ਰਚਾਰ ਸ਼ੁਰੂ ਕੀਤਾ ਗਿਆ ਹੈ ਅਤੇ ਨਾ ਹੀ ਮੀਡੀਆ 'ਚ ਕੋਈ ਬਿਆਨ ਜਾਰੀ ਕੀਤਾ ਗਿਆ ਹੈ ਜਦੋਂਕਿ ਹੁਣ ਵੋਟਿੰਗ ਲਈ ਸਿਰਫ਼ 26 ਦਿਨ ਬਚੇ ਹਨ।ਨਾਮਜ਼ਦਗੀ ਵੀ ਮੰਗਲਵਾਰ ਤੋਂ ਸ਼ੁਰੂ ਹੋਣ ਜਾ ਰਹੀ ਹੈ। ਅਜਿਹੇ ਵਿੱਚ ਸਿਆਸੀ ਹਲਕਿਆਂ ਵਿੱਚ ਇਹ ਵੀ ਚਰਚਾ ਹੈ ਕਿ ਕੀ ਬੈਂਸ ਨੇ ਇਸ ਵਾਰ ਚੋਣ ਨਾ ਲੜਨ ਦਾ ਫੈਸਲਾ ਕਰ ਲਿਆ ਹੈ। 2017 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਆਮ ਆਦਮੀ ਪਾਰਟੀ ਨਾਲ ਗਠਜੋੜ ਟੁੱਟਣ ਤੋਂ ਬਾਅਦ ਸਿਮਰਜੀਤ ਸਿੰਘ ਬੈਂਸ ਨੇ 2019 ਦੀਆਂ ਲੋਕ ਸਭਾ ਚੋਣਾਂ ਆਪਣੇ ਦਮ 'ਤੇ ਲੜੀਆਂ ਸਨ। ਇਸ ਦੇ ਬਾਵਜੂਦ ਉਹ ਮੁੱਖ ਪਾਰਟੀਆਂ ਅਕਾਲੀ ਦਲ ਅਤੇ 'ਆਪ' ਨੂੰ ਪਛਾੜ ਕੇ 3 ਲੱਖ 7 ਹਜ਼ਾਰ 423 ਵੋਟਾਂ ਨਾਲ ਦੂਜੇ ਸਥਾਨ 'ਤੇ ਰਹੇ। ਕਾਂਗਰਸ ਦੇ ਬਿੱਟੂ ਨੇ ਸਿਰਫ਼ 76372 ਵੋਟਾਂ ਨਾਲ ਚੋਣ ਜਿੱਤੀ।

### ਪਟਿਆਲਾ 'ਚ ਕਿਸਾਨ ਦੀ ਮੌਤ....

'ਤੇ ਹਰਵਿੰਦਰ ਸਿੰਘ ਵਾਸੀ ਹਰਪਾਲਪੁਰ ਅਤੇ ਹੋਰਨਾ ਅਣਪਛਾਤੇ ਵਿਅਕਤੀਆਂ ਨੇ ਕਿਸਾਨਾਂ ਦੇ ਨਾਲ ਧੱਕਾ-ਮੁੱਕੀ ਕੀਤੀ। ਜਿਸ ਵਿਚ ਸੁਰਿੰਦਰ ਪਾਲ ਸਿੰਘ ਵਾਸੀ ਪਿੰਡ ਆਕੜੀ ਧਰਤੀ 'ਤੇ ਡਿੱਗ ਗਿਆ ਜਿਸ ਕਾਰਨ ਉਸ ਦਾ ਸਿਰ ਸੜਕ 'ਤੇ ਵੱਜਿਆ। ਇਸ ਦੌਰਾਨ ਜ਼ਖ਼ਮੀ ਸੁਰਿੰਦਰ ਪਾਲ ਸਿੰਘ ਨੂੰ ਜਦੋਂ ਇਲਾਜ ਲਈ ਸਿਵਲ ਹਸਪਤਾਲ ਰਾਜਪੁਰਾ ਲਿਆਂਦਾ ਗਿਆ ਤਾਂ ਉੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਸੀ।

### ਜਿਉਂਦਾ ਸੜਨ ਨਾਲ ਹੋਈ ਮੌਤ....

ਹੈ ਕਿ 50-60 ਏਕੜ ਖੇਤਾਂ ਵਿੱਚ ਅੱਗ ਲੱਗੀ ਹੋਈ ਸੀ। ਹਨੇਰੀ ਕਰਕੇ ਅੱਗ ਸੜਕ ਵੱਲ ਵਧ ਗਈ, ਜਿਸ ਨਾਲ ਗੁਰਵਿੰਦਰ ਸਿੰਘ ਦੇ ਜ਼ਖਮੀ ਹੋਣ ਦਾ ਖਦਸ਼ਾ ਹੈ। ਇਸ ਮਾਮਲੇ ਦੀ ਜਾਂਚ ਏਐਸਆਈ ਬਲਜਿੰਦਰ ਸਿੰਘ ਕਰ ਰਹੇ ਹਨ। ਫਿਲਹਾਲ ਬੇਗੋਵਾਲ ਥਾਣੇ 'ਚ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਭਾਈ ਨਿੱਝਰ ਕਤਲ ਮਾਮਲੇ 'ਚ....

ਦਾ ਇੱਥੇ ਕੋਈ ਅਪਰਾਧਿਕ ਰਿਕਾਰਡ ਨਹੀਂ ਹੈ, ਸਗੋਂ ਉਸ ਦਾ ਸੁਭਾਅ ਕਾਫੀ ਦੋਸਤਾਨਾ ਹੈ। ਇਸ ਲਈ ਉਸ ਦੀ ਗ੍ਰਿਫਤਾਰੀ ਤੋਂ ਪਿੰਡ ਵਾਸੀ ਕਾਫੀ ਹੈਰਾਨ ਹਨ।



ਕਰਨਪ੍ਰੀਤ ਸਿੰਘ ਦੇ ਚਾਚਾ ਰਣਜੀਤ ਸਿੰਘ ਰਾਣਾ ਨੇ ਅੱਗੇ ਦੱਸਿਆ, 'ਕਰਨਪ੍ਰੀਤ ਨੇ ਆਪਣੀ ਸਕੂਲੀ ਪੜ੍ਹਾਈ ਆਪਣੇ ਪਿੰਡ ਦੇ ਨੇੜੇ ਇੱਕ ਸਕੂਲ ਤੋਂ ਪੂਰੀ ਕੀਤੀ ਹੈ ਅਤੇ ਪੰਜਾਬ ਵਿੱਚ ਰਹਿੰਦਿਆਂ ਉਸ ਦੇ ਕਿਸੇ ਅਪਰਾਧਿਕ ਗਤੀਵਿਧੀ ਵਿੱਚ ਸ਼ਾਮਲ ਹੋਣ ਬਾਰੇ ਕੋਈ ਜਾਣਕਾਰੀ ਨਹੀਂ ਹੈ।'

**ਕਰਜ਼ਾ ਲੈ ਕੇ ਕਰਨਪ੍ਰੀਤ ਨੂੰ ਭੇਜਿਆ ਸੀ ਕੈਨੇਡਾ**

ਕਰਨਪ੍ਰੀਤ ਦੇ ਪਰਿਵਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਯਕੀਨ ਨਹੀਂ ਆ ਰਿਹਾ ਸੀ ਕਿ ਉਨ੍ਹਾਂ ਦਾ ਬੇਟਾ ਇਸ ਤਰ੍ਹਾਂ ਦੇ ਅਪਰਾਧ ਵਿੱਚ ਸ਼ਾਮਲ ਹੋ ਸਕਦਾ ਹੈ। ਕਰਨਪ੍ਰੀਤ ਦੀਆਂ ਦੋ ਭੈਣਾਂ ਹਨ। ਦੋਵੇਂ ਵਿਆਹੀਆਂ ਹੋਈਆਂ ਹਨ। ਪਿੰਡ ਵਾਸੀਆਂ ਨੇ ਦੱਸਿਆ ਕਿ ਕਰਨਪ੍ਰੀਤ ਸਿੰਘ ਦੀ ਕਰੀਬ ਦੋ ਦਿਨ ਪਹਿਲਾਂ ਪਰਿਵਾਰ ਨਾਲ ਗੱਲ ਹੋਈ ਸੀ ,ਜਿਸ ਵਿੱਚ ਉਨ੍ਹਾਂ ਦੀ ਆਮ ਵਾਂਗ ਹੀ ਗੱਲਬਾਤ ਹੋਈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਕਰਜ਼ਾ ਲੈ ਕੇ ਕਰਨਪ੍ਰੀਤ ਨੂੰ ਕੈਨੇਡਾ ਭੇਜਣ ਦਾ ਪ੍ਰਬੰਧ ਕੀਤਾ ਸੀ। ਕਰਨਪ੍ਰੀਤ ਦੇ ਪਰਿਵਾਰ ਨੇ ਉਸ ਬਾਰੇ ਕੋਈ ਹੋਰ ਜਾਣਕਾਰੀ ਦੇਣ ਤੋਂ ਇਨਕਾਰ ਕਰ ਦਿੱਤਾ।

# ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ੍ਰ: ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਇਆ ਗਿਆ



ਜੰਡਿਆਲਾ ਗੁਰੂ 5 ਮਈ ( ਕੁਲਵੰਤ ਸਿੰਘ ਵਿਰਦੀ) ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਸਥਿਤ ਪਿੰਡ ਤਾਰਾਗੜ੍ਹ ਚ ਅੱਜ ਗੁਰਦੁਆਰਾ ਮਹਾਰਾਜਾ ਸ੍ਰ; ਜੱਸਾ ਸਿੰਘ ਰਾਮਗੜ੍ਹੀਆ ਵਿਖੇ ਸਿੱਖ ਕੌਮ ਦੇ ਮਹਾਨ ਜਰਨੈਲ ਮਹਾਰਾਜਾ ਸ੍ਰ : ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮੂਹ ਨਗਰ ਨਿਵਾਸੀ ਸੰਗਤਾਂ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ 9 ਇਸ ਸਮਾਗਮ ਨੂੰ ਸਮਰਪਿਤ ਸਵੇਰੇ 10 ਵਜ਼ੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਆਰੰਭ ਕੀਤੇ ਗਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੀ ਕੀਰਤਨ ਹਾਜ਼ਰੀ ਬੱਚਿਆਂ ਵੱਲੋਂ ਲਗਵਾ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਉਪਰੰਤ ਕਵਿਸਰੀ ਜਥਾ ਭਾਈ ਹਰਪ੍ਰੀਤ ਸਿੰਘ ਮੱਤੇਵਾਲ ਜੀ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਮਹਾਰਾਜਾ ਸ੍ਰ: ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਇਤਿਹਾਸ ਅਤੇ ਜੀਵਨੀ ਤੋਂ ਜਾਣੂੰ ਕਰਵਾਉਂਦਿਆਂ ਹੋਇਆ ਜੋਸ਼ੀਲੀਆਂ ਵਾਰਾਂ ਗਾਈਨ ਕਰਕੇ ਸਮੂਹ ਸੰਗਤਾਂ ਨੂੰ ਨਿਹਾਲ ਕੀਤਾ ਸਮਾਗਮ ਦੀ ਸਮਾਪਤੀ ਮੌਕੇ ਗ੍ਰੰਥੀ ਸਿੰਘ ਭਾਈ ਕੁਲਵੰਤ ਸਿੰਘ ਜੀ ਵੱਲੋਂ ਗੁਰੂ ਚਰਨਾਂ ਵਿੱਚ ਸਮਾਗਮ ਦੀ ਸਮਾਪਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਅਤੇ ਉਪਰੰਤ ਹੁਕਨਾਮਾ ਸਰਵਨ ਕਰਕੇ ਸਮੂਹ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਸੰਗਤਾਂ ਦਾ ਧੰਨਵਾਦ ਕੀਤਾ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ 9 ਇਸ ਮੌਕੇ ਗੁਰਵਿੰਦਰ ਸਿੰਘ ਧੰਜਲ ਕੇ ਡੀ ਕਲੈਕਸਨ, ਮਿਸਤਰੀ ਸਰਵਨਜੀਤ ਸਿੰਘ, ਪ੍ਰਿਥੀਪਾਲ ਸਿੰਘ ਗੋਲਡੀ, ਦਵਿੰਦਰ ਸਿੰਘ, ਰਣਜੀਤ ਸਿੰਘ, ਭੁਪਿੰਦਰ ਸਿੰਘ, ਵਰਿੰਦਰ ਸਿੰਘ, ਰਣਜੀਤ ਸਿੰਘ ਰਾਜੂ,ਯੋਧਾ ਸਿੰਘ, ਗੁਰਜੀਤ ਸਿੰਘ, ਭਾਈ ਅਮਨਪ੍ਰੀਤ ਸਿੰਘ ਫੋਟੋ ਗ੍ਰਾਫਰ, ਗੁਰਕੀਰਤ ਸਿੰਘ, ਸ਼ਨੀ ਧੰਜਲ, ਲਵਪ੍ਰੀਤ ਸਿੰਘ ਲੱਬੂ, ਸ਼ਮਸ਼ੇਰ ਸਿੰਘ ਵਿਰਦੀ,ਲਵਜਿੰਦਰ ਸਿੰਘ , ਮਨਪ੍ਰੀਤ ਸਿੰਘ ਮਨੀ ਆਦਿ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ।

ਆਵਾਜ਼ਿ ਕੌਮ AWAZE QAUM International Newspaper & WEB TV

# ਪਰਮਪਾਲ ਕੌਰ ਸਿੱਧੂ ਨੇ ਰਾਮਾਂ ਮੰਡੀ ਵਿੱਚ ਕੀਤਾ ਚੋਣ ਦਫਤਰ ਦਾ ਉਦਘਾਟਨ



ਤਲਵੰਡੀ ਸਾਬੋ, 5 ਮਈ (ਗੁਰਜੰਟ ਸਿੰਘ ਨਥੇਹਾ)- ਲੋਕ ਸਭਾ ਹਲਕਾ ਬਠਿੰਡਾ ਤੋਂ ਭਾਜਪਾ ਉਮੀਦਵਾਰ ਪਰਮਪਾਲ ਕੌਰ ਸਿੱਧੂ ਵਲੋਂ ਅੱਜ ਹਲਕਾ ਤਲਵੰਡੀ ਸਾਬੋ ਤੋਂ ਭਾਜਪਾ ਇੰਚਾਰਜ ਅਤੇ ਜ਼ਿਲ੍ਹਾ ਦੇਹਾਤੀ ਪ੍ਰਧਾਨ ਰਵੀਪ੍ਰੀਤ ਸਿੰਘ ਸਿੱਧੂ ਦੀ ਹਾਜ਼ਰੀ ਵਿੱਚ ਰਾਮਾਂ ਮੰਡੀ ਅਨਾਜ ਮੰਡੀ ਵਿਖੇ ਚੋਣ ਦਫਤਰ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਭਾਜਪਾ ਉਮੀਦਵਾਰ ਪਰਮਪਾਲ ਕੌਰ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਜਿਸ ਬਦਲਾਅ ਵਾਸਤੇ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਪਰੰਤੂ ਹੁਣ ਪੰਜਾਬ ਦੇ ਲੋਕ ਹੁਣ ਅਪਣੀ ਗਲਤੀ ਤੇ ਪਛਤਾਵਾ ਮਹਿਸੂਸ ਕਰ ਰਹੇ ਹਨ।




ਉਹਨਾਂ ਕਿਹਾ ਕਿ ਕੇਂਦਰ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਬਣਨ ਤੋਂ ਬਾਅਦ ਦੇਸ ਹਰ ਖੇਤਰ ਵਿਚ ਆਤਮਨਿਰਭਰ ਹੋਇਆ ਹੈ ਅਤੇ ਵਿਦੇਸ਼ਾਂ ਵਿਚ ਵੀ ਦੇਸ਼ ਦੀ ਸਾਖ ਵਿਚ ਵਾਧਾ ਹੋਇਆ ਹੈ। ਉਹਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਭਾਰਤ ਨੂੰ 2047 ਤੱਕ ਵਿਕਸਤ ਭਾਰਤ ਬਣਾਉਣਾ ਚਾਹੁੰਦੇ ਹਨ ਅਤੇ ਕੇਂਦਰ ਵਿਚ ਲਗਾਤਾਰ ਤੀਸਰੀ ਵਾਰ ਭਾਜਪਾ ਦੀ ਸਰਕਾਰ ਬਣਨ ਜਾ ਰਹੀ ਹੈ। ਬੀਬਾ ਪਰਮਪਾਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਾਰ ਭਾਜਪਾ ਦੇ ਚੋਣ ਨਿਸ਼ਾਨ ਕਮਲ ਦੇ ਫੁੱਲ ਦਾ ਬਟਨ ਦਬਾਕੇ ਉਹਨਾਂ ਨੂੰ ਸੰਸਦ ਵਿਚ ਭੇਜਨ ਤਾਂਕਿ ਬਠਿੰਡਾ ਹਲਕੇ ਦਾ ਵਿਕਾਸ ਹੋ ਸਕੇ। ਉਹਨਾਂ ਕਿਹਾ ਕਿ ਜਿਥੇ ਕਾਂਗਰਸ ਅਤੇ ਅਕਾਲੀ ਦਲ ਨੇ ਪੰਜਾਬ ਦੇ ਲੋਕਾਂ ਲਈ ਕੁੱਝ ਨਹੀਂ ਕੀਤਾ ਉਥੇ ਹੀ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੇ ਲੋਕਾਂ ਦੀ ਗਾੜ੍ਹੀ ਕਮਾਈ ਦਾ ਪੈਸਾ ਅਪਣੇ ਦਿੱਲੀ ਦੇ ਆਕਾਵਾਂ ਨੂੰ ਖੁਸ਼ ਕਰਨ ਲਈ ਖਰਚ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਰਮਪਾਲ ਕੌਰ ਸਿੱਧੂ ਨੇ ਕਿਹਾ ਕਿ ਚੋਣਾਂ ਦੋਰਾਨ ਪ੍ਰਚਾਰ ਕਰਨਾ ਹਰ ਉਮੀਦਵਾਰ ਦਾ ਹੱਕ ਹੈ ਪਰੰਤੂ ਵਿਰੋਧੀ ਪਾਰਟੀਆਂ ਕਿਸਾਨਾਂ ਨੂੰ ਗੁਮਰਾਹ ਕਰਕੇ ਭਾਜਪਾ ਉਮੀਦਵਾਰਾਂ ਦਾ ਵਿਰੋਧ ਕਰਵਾ ਰਹੀਆਂ ਹਨ ਤਾਂਕਿ ਉਹਨਾਂ ਨੂੰ ਚੋਣ ਪ੍ਰਚਾਰ ਕਰਨ ਤੋਂ ਰੋਕਿਆ ਜਾਵੇ। ਸਾਬਕਾ ਮੰਤਰੀ ਸਿੰਕਦਰ ਸਿੰਘ ਮਲੂਕਾ ਦੇ ਉਹਨਾਂ ਦੇ ਹੱਕ ਵਿੱਚ ਤੁਰਨ ਬਾਰੇ ਪੁੱਛੇ ਗਏ ਸਵਾਲ ਤੇ ਉਹਨਾਂ ਕਿਹਾ ਕਿ ਉਹਨਾਂ ਦੇ ਸੁਹਰਾ ਸਾਹਿਬ ਉਹਨਾਂ ਦੇ ਨਾਲ ਹਨ ਅਤੇ ਉਹਨਾਂ ਦੇ ਲਈ ਚੋਣ ਪ੍ਰਚਾਰ ਕਰ ਰਹੇ ਹਨ। ਇਸ ਮੌਕੇ ਹਰਤਾਵਲ ਸਿੰਘ ਸੁੱਖੀ, ਤੇਲੂ ਰਾਮ ਨਾਰੰਗ, ਦਵਿੰਦਰ ਜੈਨ, ਬਲਵਾਨ ਯਾਦਵ, ਮਲਕੀਤ ਸਿੰਘ ਰਾਜੂ, ਟੈਨੀ ਅਗਰਵਾਲ ਸਮੇਤ ਵੱਡੀ ਗਿਣਤੀ ਵਿਚ ਮੰਡੀ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ

Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN PURE AND NATURAL

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

ਮੁਕਤਾ · ਾ ਕੰਨਾ · ਿ ਸਿਹਾਰੀ · ੀ ਬਿਹਾਰੀ

ੁ ਔਂਕੜ · ੂ ਦੁਲੈਂਕੜ · ੇ ਲਾਂ · ੈ ਦੁਲਾਵਾਂ

ੋ ਹੋੜਾ · ੌ ਕਨੌੜਾ · ੰ ਟਿੱਪੀ · ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net


Learn Speak Read Write PUNJABI






ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✦ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮੜ੍ਹ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੋਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ
ਜਾਰੀ ਕਰਤਾ:
ਖਾਲਸਾ ਅਕੈਡਮੀ
ਖਾਲਸਾ ਪ੍ਰੀਮੀਅਮ ਸਕੂਲ
I.C.S.E. Board
Pre-Nur to 8th
ਖਾਲਸਾ ਹੋਸਟਲ
Fully A.C.
ਦਾਖ਼ਲਾ ਸ਼ੁਰੂ
99155-85685
ਸੰਪਰਕ: 99158-00904, 97793-10040, 98158-14158, 84376-91626

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ




(ਸੰਨ 2024-25)

**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

ਅਰੰਭਤਾ ਸੰਮਤ ਨਾਨਕਸ਼ਾਹੀ ੫੫੬ 01 ਚੇਤ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :


+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੋਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਆਵਾਜ਼ਿ ਕੌਮ
AWAZE QAUM
International Newspaper & WEB TV

ਸੰਤ ਚਰਨਜੀਤ ਸਿੰਘ ਜੱਸੋਵਾਲ ਵੱਲੋਂ ਸੰਸਾਰ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪਣੇ ਸਾਰੇ ਵਹੀਕਲਾਂ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਦੋ ਜੂਨ ਰੋਡੇ ਪੁੱਜਣ ਵਾਲੇ ਸਟਿੱਕਰ ਲਾ ਕੇ ਸੰਤਾਂ ਦੀਆਂ ਖੁਸ਼ੀਆਂ ਲਵੋ।



--✶ ਗੁਰੂ ਗ੍ਰੰਥ ਪੰਥ ਦੇ ਦਾਸ ✶--

## ਜਥੇਬੰਦੀ ਦਮਦਮੀ ਟਕਸਾਲ ਭਿੰਡਰਾਂਵਾਲੇ




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

## ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਜੀਵਨੀ ਤੋਂ ਪ੍ਰੇਰਣਾ ਲੈਣ ਦੀ ਲੋੜ ਹੈ- ਤਰਨਜੀਤ ਸਿੰਘ ਸੰਧੂ ਸਮੁੰਦਰੀ

# ਜੱਸਾ ਸਿੰਘ ਰਾਮਗੜ੍ਹੀਆ ਦੀਆਂ ਕੁਰਬਾਨੀਆਂ ਸਦਕਾ ਅਸੀਂ ਅੱਜ ਸਿਰ ਉਠਾ ਕੇ ਚੱਲ ਰਹੇ ਹਾਂ



**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**- ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ 301 ਸਾਲਾ ਜਨਮ ਦਿਹਾੜਾ ਮਨਾਉਣ ਲਈ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਵੱਲੋਂ ਆਯੋਜਿਤ ਸਮਾਗਮ ਵਿੱਚ ਸ਼ਿਰਕਤ ਕੀਤੀ। ਉਹਨਾਂ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਕੀਰਤਨ ਸਰਵਣ ਕਰਨ ਉਪਰੰਤ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਬੁੱਤ ਕੋਲ ਖੱਲੋਂ ਕੇ ਯਾਦਗਾਰੀ ਤਸਵੀਰ ਵੀ ਖਿਚਵਾਈ। ਇਸ ਮੌਕੇ ਉਨ੍ਹਾਂ ਨਾਲ ਜੱਸਾ ਸਿੰਘ ਰਾਮਗੜ੍ਹੀਆ ਫੈਡਰੇਸ਼ਨ ਦੇ ਪ੍ਰਧਾਨ ਜਸਪਾਲ ਸਿੰਘ ਪਦਮ, ਸਰਪ੍ਰਸਤ ਗੁਰਦੀਪ ਸਿੰਘ ਸੱਗੂ, ਅਮਨਦੀਪ ਸਿੰਘ, ਗੁਰਪ੍ਰਤਾਪ ਸਿੰਘ ਟਿੱਕਾ, ਪ੍ਰੋ. ਸਰਚਾਂਦ ਸਿੰਘ ਅਤੇ ਓਂਕਾਰ ਸਿੰਘ ਗੋਪੀ ਵੀ ਮੌਜੂਦ ਸਨ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸਾਨੂੰ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਜੀਵਨੀ ਤੋਂ ਪ੍ਰੇਰਣਾ ਲੈਣ ਦੀ ਲੋੜ ਹੈ, ਜਿਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਅਸੀਂ ਅੱਜ ਸਿਰ ਉਠਾ ਕੇ ਚੱਲ ਰਹੇ ਹਾਂ। ਉਹਨਾਂ ਕਿਹਾ ਕਿ ਅੱਜ ਸਾਰੀ ਦੁਨੀਆ ਸਕਿੱਲ ਵੱਲ ਦੇਖ ਰਹੀ ਹੈ, ਸਾਡੇ ਲਈ ਇਹ ਮਾਣ ਵਾਲੀ ਗੱਲ ਹੈ ਕਿ ਸਿੱਖ ਕੌਮ ਦੇ ਰਾਮਗੜ੍ਹੀਆ ਬਿਰਾਦਰੀ ਇਸ ਕਾਰਜ ਤੇ ਹੁਨਰ ਵਿੱਚ ਸਭ ਤੋਂ ਅੱਗੇ ਹੈ। ਜੋ ਹੁਨਰ ਉਹਨਾਂ ਪਹਿਲਾਂ ਦਿਖਾਇਆ ਅਤੇ ਅੱਗੇ ਭਵਿੱਖ ਵਿੱਚ ਵੀ ਸਾਡੀ ਪ੍ਰਗਤੀ ਦਾ ਸਬੱਬ ਬਣਿਆ ਰਹੇਗਾ। ਸਾਡੇ ਬੱਚਿਆਂ ਚ ਹੁਨਰ ਦੀ ਕਮੀ ਨਹੀਂ। ਉਹਨਾਂ ਕਿਹਾ ਕਿ ਅੱਜ ਕੇਵਲ ਡਿਗਰੀਆਂ ਨਾਲ ਹੀ ਕੰਮ ਨਹੀਂ ਸਰਨਾ, ਹੁਨਰ ਦਾ ਹੋਣਾ ਵੀ ਬਹੁਤ ਜ਼ਰੂਰੀ ਹੈ। ਰਾਮਗੜ੍ਹੀਆ ਭਾਈਚਾਰਾ ਸਾਡੇ ਭਵਿੱਖ ਦਾ ਸਭ ਤੋਂ ਤਗੜੀ ਫਾਊਂਡੇਸ਼ਨ ਹੈ। ਅਸੀਂ ਏਆਈ ਦੀ ਗੱਲ ਕਰਦੇ ਹਾਂ, ਰੋਬੋਟ ਦੀ ਗੱਲ ਕਰਦੇ ਹਾਂ, ਇਹ ਕਿ ਰੋਬੋਟ ਬਣਾਉਣ ਦੇ ਵਿੱਚ ਵੀ ਹੱਥਾਂ ਦੇ ਹੁਨਰ ਦੀ ਲੋੜ ਹੁੰਦੀ ਹੈ। ਇਸੇ ਛੋਟੇ ਛੋਟੇ ਪਾਰਟ ਬਣਾਉਣ ਵਿੱਚ ਹੁਨਰ ਦਾ ਹੋਣਾ ਜ਼ਰੂਰੀ ਹੈ। ਅਸੀਂ ਫ਼ੈਕਟਰੀਆਂ ਨੂੰ ਅੰਮ੍ਰਿਤਸਰ ਵਿੱਚ ਸਪਲਾਈ ਚੇਨ ਰਾਹੀਂ ਇਹਲੈ ਕੇ ਆਵਾਂਗੇ। ਜਿਨ੍ਹਾਂ ਨੂੰ ਰਾਮਗੜ੍ਹੀਆ ਭਾਈਚਾਰਾ ਅੱਗੇ ਲੈ ਕੇ ਜਾਣਗੇ। ਅੰਮ੍ਰਿਤਸਰ ਪਹਿਲਾਂ ਇੰਡਸਟਰੀ ਹੱਬ ਹੋਇਆ ਕਰਦਾ ਸੀ ਇਸ ਨੂੰ ਵਾਪਸ ਉਸੇ ਦਰਜੇ ਤੇ ਲਿਆਉਣਾ ਹੋਵੇਗਾ। ਇਸ ਸਮੇਂ ਰਾਮਗੜ੍ਹੀਆ ਭਾਈਚਾਰਾ ਅਤੇ ਸਭ ਨੂੰ ਸਭ ਮਿਲ ਕੇ ਇਹ ਕਾਰਜ ਕਰਨਾ ਹੋਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਟੈਕਨਾਲੋਜੀ ਲਿਆਉਣ, ਹੁਨਰ- ਸਕਿੱਲ ਲਿਆਉਣ ਲਈ ਇਨਵੈਸਟਮੈਂਟ - ਪੂੰਜੀ ਨਿਵੇਸ਼ ਲਈ ਅਸੀਂ ਸਭ ਤਿਆਰੀ ਕੀਤੀ ਹੋਈ ਹੈ। ਅਮਰੀਕਨ ਪਰਵਾਸੀ ਭਾਰਤੀਆਂ ਨੇ 100 ਮਿਲੀਅਨ ਅਮਰੀਕੀ ਡਾਲਰ, ਜੋ ਕਿ ਲਗਭਗ 830 ਕਰੋੜ ਰੁਪਏ ਇਕੱਠਾ ਕਰਦਿਆਂ 'ਵਿਕਸਿਤ ਅੰਮ੍ਰਿਤਸਰ ਇਨੀਸ਼ੀਏਟਿਵ' ਨੂੰ ਹਕੀਕਤ ਕੀਤਾ ਹੈ। ਜਿਸ ਨਾਲ ਅੰਮ੍ਰਿਤਸਰ ਵਿੱਚ ਸਟਾਰਟਅੱਪ ਅਤੇ ਵਿਕਾਸ-ਮੁਖੀ ਉੱਦਮੀਆਂ ਲਈ ਸਹਾਇਤਾ ਮਿਲੇਗੀ। ਅਸੀਂ ਵਿਕਾਸ ਸੰਬੰਧੀ ਮੁੱਦਿਆਂ-ਸਿਹਤ, ਸੈਰ-ਸਪਾਟਾ, ਖੇਤੀਬਾੜੀ, ਉਦਯੋਗ, ਵਣਜ, ਹੁਨਰ ਵਿਕਾਸ, ਸਿੱਖਿਆ, ਸੂਚਨਾ ਤਕਨਾਲੋਜੀ, ਅਤੇ ਘਰ ਬਣਾਉਣਾ ਵੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਸਾਡਾ ਔਰਤਾਂ ਅਤੇ ਨੌਜਵਾਨ ਉੱਦਮੀਆਂ 'ਤੇ ਫੋਕਸ ਰਹੇਗਾ। ਉਹਨਾਂ ਕਿਹਾ ਕਿ ਦੁਨੀਆ ਭਰ ਦੇ ਵਿਚ ਚੈੱਸ ਬੋਰਡ ਨੂੰ ਵਰਤਿਆ ਜਾਂਦਾ ਹੈ। ਅੰਮ੍ਰਿਤਸਰ ਵਿਚ ਚੈੱਸ ਬੋਰਡ ਅਜਿਹੀਆਂ ਅਨੇਕਾਂ ਵਸਤਾਂ ਬਣ ਕੇ ਬਾਹਰ ਭੇਜੀਆਂ ਜਾ ਸਕਦੀਆਂ ਹਨ ਜਿੱਥੇ ਇਨ੍ਹਾਂ ਦੀ ਬਹੁਤ ਮੰਗ ਹੈ। ਕਈ ਲੱਖ ਭਾਰਤੀ ਜਿਨ੍ਹਾਂ ਪ੍ਰਾਜੈਕਟਾਂ ਉੱਤੇ ਪ੍ਰੋਡਕਟ ਆਫ਼ ਅੰਮ੍ਰਿਤਸਰ ਲਿਖਿਆ ਹੋਵੇ ਉਹ ਭਾਵਕ ਹੋ ਕੇ ਖ਼ਰੀਦ ਲੈਣਗੇ। ਉਨ੍ਹਾਂ ਅੰਮ੍ਰਿਤਸਰ ਦੇ ਵਿਕਾਸ ਲਈ ਭਾਜਪਾ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ ਅਤੇ ਕਮਲ ਦੇ ਫੁੱਲ 'ਤੇ ਵੋਟ ਕਰਨ ਨੂੰ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

**ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ 301 ਸਾਲਾ ਜਨਮ ਦਿਹਾੜਾ ਮਨਾਉਣ ਲਈ ਆਯੋਜਿਤ ਸਮਾਗਮ ਵਿੱਚ ਸ਼ਿਰਕਤ ਕੀਤੀ**

## ਭਾਜਪਾ ਉਮੀਦਵਾਰ ਸੰਧੂ ਸਮੁੰਦਰੀ ਨੂੰ ਭਾਰਤੀ ਮੂਲ ਨਿਵਾਸੀ ਮੁਕਤੀ ਮੋਰਚਾ ਵੱਲੋਂ ਬਿਨਾ ਸ਼ਰਤ ਹਮਾਇਤ ਦੇਣ ਦਾ ਐਲਾਨ

# ਨਰਿੰਦਰ ਮੋਦੀ ਸਭ ਕਾ ਸਾਥ ਸਭ ਕਾ ਵਿਕਾਸ 'ਤੇ ਯਕੀਨ ਕਰਨ ਵਾਲੇ - ਤਰਨਜੀਤ ਸੰਧੂ ਸਮੁੰਦਰੀ



**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਉਸ ਵੇਲੇ ਬਹੁਤ ਵੱਡਾ ਬਲ ਮਿਲਿਆ ਜਦੋਂ ਭਾਰਤੀ ਮੂਲ ਨਿਵਾਸੀ ਮੁਕਤੀ ਮੋਰਚਾ ਨੇ ਉਹਨਾਂ ਦੀ ਬਿਨਾ ਸ਼ਰਤ ਹਮਾਇਤ ਦੇਣ ਦਾ ਐਲਾਨ ਕੀਤਾ। ਮੋਰਚਾ ਦੇ ਪੰਜਾਬ ਦੇ ਚੇਅਰਮੈਨ ਸ. ਨਿਰਮਲ ਸਿੰਘ ਬਾਕਸਰ, ਵਾਇਸ ਪ੍ਰਧਾਨ ਲਖਵਿੰਦਰ ਸਿੰਘ, ਮਹਿਲਾ ਮੋਰਚੇ ਦੇ ਪ੍ਰਧਾਨ ਰਾਣੀ ਗਿੱਲ, ਯੂਥ ਵਿੰਗ ਦੇ ਪ੍ਰਧਾਨ ਪ੍ਰਤਾਪ ਸਿੰਘ, ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਭੱਟੀ, ਬਲਵਿੰਦਰ ਸਿੰਘ ਵਿੱਕੀ, ਮਜੀਠਾ ਹਲਕੇ ਦੇ ਯੂਥ ਪ੍ਰਧਾਨ ਬਲਜਿੰਦਰ ਸਿੰਘ ਅਲਕੜੇ ਨੇ ਇਹ ਵਿਸ਼ਵਾਸ ਦਵਾਇਆ ਕਿ ਅਸੀਂ ਤਨ ਮਨ ਧਨ ਦੇ ਨਾਲ ਜ਼ੋਰ ਲਾ ਕੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਰਦਾਰ ਤਰਨਜੀਤ ਸੰਧੂ ਸਮੁੰਦਰੀ ਨੂੰ ਭਾਰੀ ਬਹੁਮਤ ਨਾਲ ਜਿਤਾਵਾਂਗੇ। ਇਹ ਸਾਰਾ ਕੁਝ ਭਾਰਤੀ ਜਨਤਾ ਪਾਰਟੀ ਐਸ ਸੀ ਮੋਰਚੇ ਦੇ ਨੈਸ਼ਨਲ ਸੈਕਟਰੀ ਸੰਤੋਖ ਸਿੰਘ ਗੁੰਮਟਾਲਾ ਦੇ ਉੱਦਮਾਂ ਸਦਕਾ ਹੋਇਆ ਹੈ। ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਭਾਰਤੀ ਮੂਲ ਨਿਵਾਸੀ ਮੁਕਤੀ ਮੋਰਚਾ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਹਮਾਇਤ ਲਈ ਧੰਨਵਾਦ ਕੀਤਾ ਹੈ। ਸੰਧੂ ਸਮੁੰਦਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਭ ਕਾ ਸਾਥ ਸਭ ਕਾ ਵਿਕਾਸ ਅਤੇ ਸਭ ਕਾ ਵਿਸ਼ਵਾਸ 'ਤੇ ਯਕੀਨ ਕਰਨ ਵਾਲੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇਸ਼ ਵਿਕਾਸ ਦੇ ਇਕ ਨਵੇਂ ਦੌਰ 'ਚ ਦਾਖਲ ਹੋ ਚੁੱਕਿਆ ਹੈ ਜਿਸ ਵਿਚ ਸਾਰੇ ਭਾਈਚਾਰਿਆਂ ਦਾ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਸਮੁੰਦਰੀ ਹਾਊਸ ਤੁਹਾਡੇ ਲਈ ਹਮੇਸ਼ਾ ਖੁੱਲ੍ਹਾ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਮੋਦੀ ਸਾਰਿਆਂ ਨੂੰ ਪਿਆਰ ਕਾਰਨ ਵਾਲੇ ਹਨ। ਦਰੋਪਦੀ ਮੁਰਮੂ ਦੇਸ਼ ਦੀ ਰਾਸ਼ਟਰਪਤੀ ਹਨ। ਉਨ੍ਹਾਂ ਕਿਹਾ ਕਿ ਕਾਂਗਰਸ ਐਸ ਟੀ ਅਤੇ ਐਸ ਸੀ ਦਾ ਰਿਜ਼ਰਵੇਸ਼ਨ ਕੋਟਾ ਖੋਹਣਾ ਚਾਹੁੰਦੀ ਹੈ, ਇਹ ਬਾਬਾ ਸਾਹਿਬ ਦਾ ਵੱਡਾ ਨਿਰਾਦਰ। ਹੁਣ ਤੁਸੀਂ ਫ਼ੈਸਲਾ ਤੁਹਾਡੇ ਹੱਥ ਹੈ। ਸਖ਼ਤ ਮਿਹਨਤ ਕਰੋ ਅਤੇ ਭਾਜਪਾ ਨੂੰ ਵੋਟ ਦਿਓ ਅਤੇ ਦਿਵਾਓ। ਵਿਕਾਸ ਅਤੇ ਸ਼ਾਂਤੀ ਭਾਈਚਾਰਕ ਸਾਂਝ ਦੀ ਮਜ਼ਬੂਤੀ ਨਾਲ ਹੀ ਅੱਗੇ ਵਧਾਈ ਜਾ ਸਕਦੀ ਹੈ। ਇਸ ਮੌਕੇ ਸੰਧੂ ਨੇ ਭਾਰਤੀ ਮੂਲ ਨਿਵਾਸੀ ਮੁਕਤੀ ਮੋਰਚਾ ਦੇ ਆਗੂਆਂ ਨੂੰ 830 ਕਰੋੜ ਦੀ ਸਵੈ ਰੁਜ਼ਗਾਰ ਸਕੀਮ 'ਵਿਕਸਿਤ ਅੰਮ੍ਰਿਤਸਰ ਇਨਵੈਸਟਮੈਂਟ' ਬਾਰੇ ਦੱਸਿਆ ਅਤੇ ਉਨ੍ਹਾਂ ਨੂੰ ਆਪਣੇ ਭਾਈਚਾਰੇ ਨੂੰ ਇਸ ਸਕੀਮ ਦਾ ਹਿੱਸਾ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਰੁਜ਼ਗਾਰ ਸਨਮਾਨਜਨਕ ਜੀਵਨ ਲਈ ਜ਼ਰੂਰੀ ਹੈ। ਅਮਰੀਕੀ ਨਾਗਰਿਕਾਂ ਅਤੇ ਪ੍ਰਵਾਸੀ ਭਾਰਤੀ ਭਾਈਚਾਰੇ ਵੱਲੋਂ ਅੰਮ੍ਰਿਤਸਰ ਵਿੱਚ ਨੌਜਵਾਨ ਉੱਦਮੀਆਂ ਨੂੰ ਰੋਜ਼ਗਾਰ ਅਤੇ ਆਪਣਾ ਸਟਾਰਟ-ਅੱਪ ਸ਼ੁਰੂ ਕਰਨ ਦੀ ਇੱਕ ਨਿਵੇਸ਼ ਪਹਿਲਕਦਮੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਬਲਵਿੰਦਰ ਕੌਰ ਜੀ ਨੇ ਚੋਣ ਮੁਹਿੰਮ ਚ ਲਿਆਂਦੀ ਤੇਜ਼ੀ ਜੰਡਿਆਲਾ ਗੁਰੂ ਵਿਖੇ ਦਫ਼ਤਰ ਦਾ ਕੀਤਾ ਉਦਘਾਟਨ

# ਸਰਕਾਰ ਦੀਆਂ ਧੱਕੇਸ਼ਾਹੀਆ ਦਾ ਜੁਆਬ ਦੇਣ ਲਈ ਆਪਣੀ ਵੋਟ ਦਾ ਇਸਤੇਮਾਲ ਕਰੋ ਐਡਵੋਕੇਟ ਈਮਾਨ ਸਿੰਘ ਖਾਰਾ




**ਜੰਡਿਆਲਾ ਗੁਰੂ, 5 ਮਈ (ਕੁਲਵੰਤ ਸਿੰਘ ਵਿਰਦੀ)**-ਵਾਰਿਸ ਪੰਜਾਬ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਜੀ ਲੋਕ ਸਭਾ ਹਲਕਾ ਖਡੂਰ ਸਾਹਿਬ ਹਲਕੇ ਤੋਂ ਅਜ਼ਾਦ ਉਮੀਦਵਾਰ ਵਜੋਂ ਇਲੈਕਸ਼ਨਾਂ ਵਿੱਚ ਹਿਸਾ ਲੈ ਰਹੇ ਹਨ ਜਿਸ ਦੇ ਚੱਲਦਿਆਂ ਚੋਣਾਂ ਦੀ ਮੁਹਿੰਮ ਚ ਤੇਜ਼ੀ ਲਿਆਉਣ ਲਈ ਜੰਡਿਆਲਾ ਗੁਰੂ ਵਿਖੇ ਦਾਣਾ ਮੰਡੀ ਦੇ ਨਜ਼ਦੀਕ ਜੀ ਟੀ ਰੋਡ ਵਿਖੇ ਦਫ਼ਤਰ ਖੋਲਿਆ ਗਿਆ ਅਤੇ ਹਲਕੇ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਅਤੇ ਅੱਜ ਦਫ਼ਤਰ ਦੇ ਉਦਘਾਟਨ ਵਿੱਚ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਮਾਤਾ ਬਲਵਿੰਦਰ ਕੌਰ, ਉਨ੍ਹਾਂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ ਅਤੇ ਐਡਵੋਕੇਟ ਸ੍ਰ ਈਮਾਨ ਸਿੰਘ ਖਾਰਾ ਜੀ ਵੱਲੋਂ ਵਿਸ਼ੇਸ਼ ਤੌਰ ਤੇ ਪਹੁੰਚ ਕੇ ਹਲਕੇ ਦੇ ਵੋਟਰਾਂ ਦੇ ਨਾਲ ਵੀਚਾਰ ਵੀਟਾਂਦਰਾ ਸਾਂਝਾ ਕੀਤਾ ਗਿਆ ਅਤੇ ਦਫ਼ਤਰ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਮਾਤਾ ਮਾਤਾ ਬਲਵਿੰਦਰ ਕੌਰ ਜੀ ਨੇ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਅਤੇ ਧੱਕੇਸ਼ਾਹੀਆ ਦਾ ਜੁਆਬ ਅਤੇ ਆਪਣੇ ਨੌਜਵਾਨਾਂ ਦੀ ਭਲਾਈ ਲਈ ਅਤੇ ਨਸ਼ੇ ਦੇ ਕੋਹੜ ਨੂੰ ਖਤਮ ਕਰਨ ਲਈ ਇਸ ਵਾਰ ਲੋਕ ਸਭਾ ਹਲਕਾ ਖਡੂਰ ਸਾਹਿਬ ਜੀ ਤੋਂ ਆਜ਼ਾਦ ਉਮੀਦਵਾਰ ਭਾਈ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਵੱਧ ਤੋਂ ਵੱਧ ਵੋਟਾਂ ਪਾ ਕਿ ਆਪਣਾ ਫਰਜ਼ ਨਿਭਾਓ ਅੱਗੇ ਐਡਵੋਕੇਟ ਸ੍ਰ ਈਮਾਨ ਸਿੰਘ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਵਾਲੇ ਅਤੇ ਸਿੱਧੇ ਰਸਤੇ ਪਾਉਣ ਲਈ ਅੰਮ੍ਰਿਤ ਛਕਣ ਲਈ ਪ੍ਰੇਰਿਤ ਕਰਨ ਵਾਲੇ ਬੇਕਸੂਰ ਭਾਈ ਅੰਮ੍ਰਿਤਪਾਲ ਸਿੰਘ ਜੀ ਅਤੇ ਉਨ੍ਹਾਂ ਦੇ ਨਾਲ ਹੋਰ 9 ਸਿੰਘਾ ਨੂੰ ਗੈਰ ਕਾਨੂੰਨੀ ਢੰਗ ਨਾਲ ਫੜ੍ਹ ਕੇ ਉਨ੍ਹਾਂ ਉੂਪਰ ਐਨ ਐਸ ਏ ਲਗਾ ਕੇ ਡਿਬਰੂਗੜ੍ਹ ਜੇਲ੍ਹ ਆਸਾਮ ਵਿੱਚ ਬੰਦੀ ਬਣਾਇਆ ਗਿਆ ਹੈ ਅਤੇ ਹੋਰ 30 ਨੌਜਵਾਨ ਸਿੰਘਾਂ ਨੂੰ ਅੰਮ੍ਰਿਤਸਰ ਦੀ ਜੇਲ੍ਹ ਵਿੱਚ ਬੰਦ ਕੀਤਾ ਗਿਆ ਹੈ ਅਤੇ ਆਦਿ ਹੋਰ ਬੰਦੀ ਸਿੰਘਾਂ ਨੂੰ ਰਿਹਾਅ ਕਰਾਉਣ ਲਈ ਅਤੇ ਸਰਕਾਰ ਵੱਲੋਂ ਭਾਈ ਸਾਹਿਬ ਦੀ ਪਤਨੀ ਨੂੰ ਬਿਨਾਂ ਵਜ੍ਹਾ ਪ੍ਰੇਸ਼ਾਨ ਕਰਨ ਦਾ ਜੁਆਬ ਦੇਣ ਲਈ ਆਪਣੀ ਇੱਕ ਇੱਕ ਵੋਟ ਦਾ ਇਸਤੇਮਾਲ ਕਰਕੇ ਖ਼ਾਲਸੇ ਪੰਥ ਦੀ ਚੜ੍ਹਦੀ ਕਲ੍ਹਾ ਅਤੇ ਸਰਕਾਰ ਦੀਆਂ ਧੱਕੇਸ਼ਾਹੀਆ ਦਾ ਜੁਆਬ ਦਿਓ ਅੱਗੇ ਸ੍ਰ ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ 1984 ਤੋਂ ਲੈਕੇ ਅੱਜ ਤੱਕ ਸਿੱਖ ਕੌਮ ਨੂੰ ਗ਼ੁਲਾਮੀ ਦਾ ਹੀ ਅਹਿਸਾਸ ਕਰਵਾਇਆ ਗਿਆ ਹੈ ਅਤੇ ਆਜ਼ਾਦ ਹੋਣ ਲਈ ਸਾਡਾ ਸਰਕਾਰ ਵਿੱਚ ਹੋਣਾ ਸਮੇਂ ਦੀ ਮੁੱਖ ਲੋੜ ਹੈ ਇਸ ਮੌਕੇ ਵਿਸ਼ੇਸ਼ ਤੌਰ ਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਪਹਿਲਾਂ ਵੀ ਸ੍ਰੀ ਆਕਾਲ ਤਖਤ ਸਾਹਿਬ ਜੀ ਤੋਂ ਭਾਈ ਅੰਮ੍ਰਿਤਪਾਲ ਸਿੰਘ ਜੀ ਵੱਲੋਂ ਆਰੰਭ ਕੀਤੀ ਗਈ ਖਾਲਸਾ ਵਹੀਰ ਮੌਕੇ ਪਹਿਲਾ ਪੜਾਅ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਕੀਤਾ ਗਿਆ ਸੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਲਗਾਏ ਗਏ ਸਨ ਅਤੇ ਅੱਜ ਵੀ ਜੋ ਵੀ ਗੁਰੂ ਜੀ ਦੇ ਅਤੁੱਟ ਲੰਗਰ ਕੁਲਚਾ ਨਿਊਟਰੀ ਅਤੇ ਚਾਹ ਦੇ ਲੰਗਰ ਲਗਾਏ ਗਏ ਹਨ 9 ਇਸ ਮੌਕੇ ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ ਦਰਸ਼ਨ ਸਿੰਘ ਜਾਣੀਆਂ, ਬਲਕਾਰ ਸਿੰਘ ਬਾਲੀਆਂ ਸੋਨੂ ਭਲਵਾਨ ਧੀਰੇਕੋਟ, ਭਾਈ ਗੁਰਮੇਜ ਸਿੰਘ, ਭਾਈ ਸੰਤੋਖ ਸਿੰਘ ਗਹਿਰੀ ਮੰਡੀ, ਮਾਸਟਰ ਅਵਤਾਰ ਸਿੰਘ, ਭਾਈ ਹਰਭਜਨ ਸਿੰਘ ਗਹਿਰੀ ਮੰਡੀ, ਭਾਈ ਜੁਝਾਰ ਸਿੰਘ, ਭਾਈ ਅਵਤਾਰ ਸਿੰਘ ਗਹਿਰੀ ਮੰਡੀ, ਸਵਿੰਦਰ ਸਿੰਘ ਚਾਹਲ ਸਰਜਾ, ਸਿਮਰਨਜੀਤ ਸਿੰਘ ਢਾਬੇ ਵਾਲੇ, ਗੁਰਸ਼ੇਰ ਸਿੰਘ ਸ਼ੇਰਾ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟਰੇਨਾਂ 'ਤੇ ਪੱਥਰ ਮਾਰਨ ਵਾਲਿਆਂ ਨੂੰ ਹੋ ਸਕਦੀ ਐ ਜ਼ੇਲ੍ਹ: ਏ.ਐਸ.ਆਈ. ਜਗਜੀਤ ਸਿੰਘ

**ਸ਼੍ਰੀ ਅਨੰਦਪੁਰ ਸਾਹਿਬ, 5 ਮਈ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਨੰਦਪੁਰ ਸਾਹਿਬ ਰੇਲਵੇ ਲਾਇਨ ਨੇੜਲੀਆਂ ਬਸਤੀਆਂ ਤੇ ਕਾਲੋਨੀਆਂ ਦੇ ਲੋਕਾਂ ਨੂੰ ਏਐਸਆਈ ਜਗਜੀਤ ਸਿੰਘ ਇੰਚਾਰਜ ਚੌਂਕੀ ਜੀਆਰਪੀ ਸ਼੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਵਿੱਚ ਜਾਗਰੂਕ ਕੀਤਾ ਗਿਆ। ਜਿਕਰਯੋਗ ਹੈ ਕਿ ਰੇਲਵੇ ਲਾਇਨਾਂ ਦੇ ਆਲੇ ਦੁਆਲੇ ਰਹਿੰਦੇ ਪਰਿਵਾਰਾਂ ਦੇ ਬੱਚੇ ਖੇਡਣ ਦੌਰਾਨ ਆਪਣਾ ਸਮਾਂ ਬਿਤਾਉਣ ਲਈ ਅਕਸਰ ਸ਼ਰਾਰਤਾਂ ਕਰਦੇ ਹੋਏ ਚੱਲਦੀਆਂ ਟਰੇਨਾਂ 'ਤੇ ਪੱਥਰ ਮਾਰਦੇ ਰਹਿੰਦੇ ਹਨ ਜਿਸ ਨਾਲ ਜਿਥੇ ਟਰੇਨਾਂ ਦਾ ਨੁਕਸਾਨ ਹੁੰਦਾ ਹੈ ਉਥੇ ਟਰੇਨ 'ਚ ਸਫਰ ਕਰਨ ਵਾਲੇ ਯਾਤਰੀ ਵੀ ਕਈ ਵਾਰ ਅਜਿਹੇ ਪੱਥਰ ਲੱਗਣ ਨਾਲ ਜ਼ਖਮੀ ਹੋ ਜਾਂਦੇ ਹਨ ਪਿਛਲੇ ਕੁਝ ਦਿਨਾਂ ਤੋਂ ਪੰਜਾਬ ਦੇ ਵੱਖ-ਵੱਖ ਖੇਤਰਾਂ 'ਚ ਅਜਿਹੀਆਂ ਘਟਨਾਵਾਂ ਪਹਿਲਾਂ ਨਾਲੋਂ ਵੱਧ ਗਈਆਂ ਹਨ। ਜਿਸਨੂੰ ਮੱਦੇਨਜ਼ਰ ਰੱਖਦਿਆਂ ਅਜਿਹੀਆਂ ਘਟਨਾਵਾਂ ਨੂੰ ਠੱਲ ਪਾਉਣ ਲਈ ਹਰਕਤ 'ਚ ਆਏ ਰੇਲਵੇ ਵਿਭਾਗ ਦੇ ਜੀ ਆਰ ਪੀ ਪੁਲਸ ਮੁਲਾਜ਼ਮਾਂ ਨੇ ਹੁਣ ਮੁੱਖ ਰੂਪ 'ਚ ਰੇਲਵੇ ਲਾਇਨਾਂ ਦੇ ਨੇੜੇ ਸਥਿਤ ਕਾਲੋਨੀਆਂ ਅਤੇ ਸਕੂਲਾਂ ਵਰਗੇ ਸੰਵੇਦਨਸ਼ੀਲ ਖੇਤਰਾਂ 'ਤੇ ਨਜ਼ਰ ਰੱਖਣੀ ਸ਼ੁਰੂ ਕਰ ਦਿੱਤੀ ਹੈ ਚੱਲਦੀ ਟਰੇਨ 'ਤੇ ਪੱਥਰ ਮਾਰਨ ਵਾਲਿਆਂ ਖਿਲਾਫ ਆਰ.ਪੀ.ਐਫ. ਤੋਂ ਬਾਅਦ ਹੁਣ ਜੀ.ਆਰ.ਪੀ. (ਰੇਲਵੇ ਪੁਲਸ) ਨੂੰ ਵੀ ਕੇਸ ਦਰਜ ਕਰਨ ਦੇ ਹੁਕਮ ਜਾਰੀ ਕਰ ਦਿੱਤੇ ਗਏ ਹਨ। ਸ੍ਰੀ ਅਨੰਦਪੁਰ ਸਾਹਿਬ ਰੇਲਵੇ ਪੁਲਸ ਚੌਂਕੀ ਦੇ ਇੰਚਾਰਜ਼ ਜਗਜੀਤ ਸਿੰਘ ਨੇ ਅੱਜ ਆਪਣੀ ਟੀਮ ਸਮੇਤ ਸਥਾਨਕ ਰੇਲਵੇ ਲਾਈਨ ਨੇੜਲੀਆਂ ਬਸਤੀਆਂ-ਕਾਲੋਨੀਆਂ ਦਾ ਦੌਰਾ ਕਰਕੇ ਪਰਿਵਾਰਾਂ ਨੂੰ ਇਸ ਸਬੰਧੀ ਜਾਗਰੂਕ ਕਰਦਿਆਂ ਪੱਤਰਕਾਰਾਂ ਨੂੰ ਦੱਸਿਆ ਕਿ ਡੀ.ਜੀ.ਪੀ. ਰੇਲਵੇ ਪੰਜਾਬ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ, ਏ.ਆਈ.ਜੀ. ਰੇਲਵੇ ਪਟਿਆਲਾ ਰੇਂਜ ਦੀ ਅਗਵਾਈ ਅਤੇ ਡੀ.ਐਸ.ਪੀ. ਰੇਲਵੇ ਦੀ ਨਿਗਰਾਨੀ ਹੇਠ ਚਲਾਈ ਗਈ ਮੁਹਿੰਮ ਤਹਿਤ ਟਰੇਨਾਂ ਉੱਪਰ ਪੱਥਰ ਜਾਂ ਕੋਈ ਹੋਰ ਚੀਜ਼ ਮਾਰਨ ਵਾਲੇ ਅਰੋਪੀਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਦੇ ਹੋਏ ਕੇਸ ਦਰਜ ਕੀਤੇ ਜਾਣਗੇ ਉਨ੍ਹਾਂ ਮੌਕੇ 'ਤੇ ਮੌਜੂਦ ਪਤਵੰਤਿਆਂ ਨੂੰ ਅਪੀਲ ਕੀਤੀ ਕਿ ਜੇਕਰ ਅਜਿਹਾ ਕੋਈ ਮਾਮਲਾ ਉਨ੍ਹਾਂ ਦੇ ਧਿਆਨ 'ਚ ਆਉਂਦਾ ਹੈ ਤਾਂ ਤੁਰੰਤ ਸ੍ਰੀ ਅਨੰਦਪੁਰ ਸਾਹਿਬ ਰੇਲਵੇ ਪੁਲਸ ਨੂੰ ਸੂਚਨਾਂ ਦਿੱਤੀ ਜਾਵੇ ਤਾਂ ਜੋ ਉਕਤ ਵਿਅਕਤੀ ਖਿਲਾਫ ਕਾਰਵਾਈ ਕੀਤੀ ਜਾ ਸਕੇ।

### ਐਡਵੋਕੇਟ ਧਾਮੀ ਨੇ ਫਿਰੋਜ਼ਪੁਰ ਦੇ ਪਿੰਡ ਬੰਡਾਲਾ 'ਚ

# ਹੋਈ ਬੇਅਦਬੀ ਦੀ ਕੀਤੀ ਸਖ਼ਤ ਨਿੰਦਾ



ਨਵੀਂ ਦਿੱਲੀ, 5 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਬੰਡਾਲਾ ਵਿਖੇ ਗੁਰਦੁਆਰਾ ਸਾਹਿਬ ਬਾਬਾ ਬੀਰ ਸਿੰਘ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕੀਤੀ ਗਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਕਈ ਘਟਨਾਵਾਂ ਵਾਪਰ ਚੁੱਕੀਆਂ ਹਨ, ਪਰ ਪੁਲਿਸ ਪ੍ਰਸ਼ਾਸਨ ਅਤੇ ਸਰਕਾਰ ਅਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੇ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਕਿਸੇ ਵੱਡੀ ਸਾਜ਼ਸ਼ ਦਾ ਹਿੱਸਾ ਹਨ, ਜਿਸ ਪਿਛੇ ਕੰਮ ਕਰਦੀਆਂ ਸ਼ਕਤੀਆਂ ਨੂੰ ਸ਼ਾਹਮਣੇ ਲਿਆਉਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਪੁਲਿਸ ਵੱਲੋਂ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਅਤੇ ਮਿਸਾਲੀ ਸਜ਼ਾਵਾਂ ਨਾ ਦਿੱਤੇ ਜਾਣ ਦੇ ਕਾਰਨ ਹੀ ਸੰਗਤ ਅੰਦਰ ਭਾਰੀ ਰੋਸ ਅਤੇ ਰੋਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਆਪਣੇ ਤੰਤਰ ਰਾਹੀਂ ਫਿਰੋਜ਼ਪੁਰ ਦੀ ਬੇਅਦਬੀ ਘਟਨਾ ਪਿੱਛੇ ਕੰਮ ਕਰਦੀਆਂ ਸ਼ਕਤੀਆਂ ਨੂੰ ਨਸ਼ਰ ਕਰੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤ ਨੂੰ ਵੀ ਅਪੀਲ ਕੀਤੀ ਕਿ ਗੁਰਦੁਆਰਾ ਸਾਹਿਬਾਨ ਅੰਦਰ ਸੀਸੀਟੀਵੀ ਕੈਮਰੇ ਰਾਹੀਂ ਨਿਗਰਾਨੀ ਅਤੇ ਸੁਰੱਖਿਆ ਦੇ ਪੁਖਤਾ ਇਤਜ਼ਾਮ ਕਰਨ ਅਤੇ ਪਹਿਰੇਦਾਰੀ ਲਈ ਹਰ ਸਮੇਂ ਸੇਵਾਦਾਰ ਗੁਰਦੁਆਰਾ ਸਾਹਿਬਾਨ 'ਚ ਹਾਜ਼ਰ ਰਹਿਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਦੱਸਿਆ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਸ਼੍ਰੋਮਣੀ ਕਮੇਟੀ ਵੱਲੋਂ ਹਲਕਾ ਮੈਂਬਰ ਸ. ਦਰਸ਼ਨ ਸਿੰਘ ਸ਼ੇਰ ਖਾਂ, ਗੁਰਦੁਆਰਾ ਜਾਮਨੀ ਸਾਹਿਬ ਬਜ਼ੀਦਪੁਰ ਫਿਰੋਜ਼ਪੁਰ ਤੋਂ ਐਡੀਸ਼ਨਲ ਮੈਨੇਜਰ ਸ. ਜਸਪਾਲ ਸਿੰਘ, ਹੈੱਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ, ਗ੍ਰੰਥੀ ਗਿਆਨੀ ਗੁਰਭਜਨ ਸਿੰਘ, ਪ੍ਰਚਾਰਕ ਸ. ਸੁਖਵਿੰਦਰ ਸਿੰਘ ਅਤੇ ਹੋਰ ਨੁਮਾਇੰਦੀਆਂ ਨੇ ਘਟਨਾ ਵਾਲੀ ਥਾਂ ਪਿੰਡ ਬੰਡਾਲਾ ਵਿਖੇ ਪੁੱਜ ਕੇ ਸਮੁੱਚੀ ਜਾਣਕਾਰੀ ਲੈਣ ਉਪਰੰਤ ਰਿਪੋਰਟ ਭੇਜੀ ਹੈ ਜੋ ਅਗਲੀ ਕਾਰਵਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਭੇਜ ਦਿੱਤੀ ਜਾਵੇਗੀ। ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਮੌਕੇ ਤੋਂ ਪ੍ਰਾਪਤ ਕੀਤੀ ਸੀਸੀਟੀਵੀ ਕੈਮਰੇ ਦੀ ਰਿਕਾਰਡਿੰਗ ਤੋਂ ਬਿਲਕੁਲ ਸਪਸ਼ਟ ਹੁੰਦਾ ਹੈ ਕਿ ਮਿਤੀ 4 ਮਈ ਨੂੰ ਇਸ ਘਟਨਾ ਦੇ ਦੋਸ਼ੀ ਨੇ ਗੁਰੂ ਘਰ ਦੇ ਅੰਦਰ ਜਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਅੰਗ ਫਾੜੇ ਅਤੇ ਅੰਗ ਨਾਲ ਲੈ ਕੇ ਗੁਰੂ ਘਰ ਤੋਂ ਬਾਹਰ ਚਲਾ ਗਿਆ। ਉਨ੍ਹਾਂ ਕਿਹਾ ਕਿ ਦੋਸ਼ੀ ਵੱਲੋਂ ਖੰਡਿਤ ਕੀਤਾ ਗਿਆ ਪਾਵਨ ਸਰੂਪ ਵੀ ਆਉਂਦੇ ਦਿਨਾਂ ਵਿੱਚ ਮਰਯਾਦਾ ਅਨੁਸਾਰ ਸੁਰੱਖਿਅਤ ਰੱਖ ਲਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੀਪ ਸਿੰਘ ਨਾਗੀ ਸਰਬਸੰਮਤੀ ਨਾਲ 13ਵੀਂ ਵਾਰ ਮਾਝਾ ਪ੍ਰੈਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨ ਬਣੇ

# ਜਸਵੰਤ ਸਿੰਘ ਮਾਂਗਟ ਨੂੰ ਜਨਰਲ ਸਕੱਤਰ ਤੇ ਅੰਮ੍ਰਿਤਪਾਲ ਸਿੰਘ ਨੂੰ ਸਰਪ੍ਰਸਤ ਥਾਪਿਆ



**ਜੰਡਿਆਲਾ ਗੁਰੂ, 5 ਮਈ( ਕੁਲਵੰਤ ਸਿੰਘ ਵਿਰਦੀ)-** ਮਾਝਾ ਪ੍ਰੈਸ ਕਲੱਬ, ਅੰਮ੍ਰਿਤਸਰ (ਰਜਿ:) ਦੀ ਅਹਿਮ ਮੀਟਿੰਗ ਕਲੱਬ ਦੇ ਪ੍ਰਧਾਨ ਗੁਰਦੀਪ ਸਿੰਘ ਨਾਗੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਲੱਬ ਦੀ ਇਸ ਵਰ੍ਹੇ ਦੀ ਚੋਣ ਸਮੇਤ ਸਾਲ ਭਰ ਦੀਆਂ ਗਤੀਵਿਧੀਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਮੌਜੂਦ ਵੱਖ-ਵੱਖ ਅਦਾਰਿਆਂ ਨਾਲ ਜੁੜੇ ਸਮੂਹ ਪੱਤਰਕਾਰ ਸਾਥੀਆਂ ਵੱਲੋਂ ਪਿਛਲੇ ਕਰੀਬ ਢਾਈ ਦਹਾਕੇ ਤੋਂ ਪਤਰਕਾਰੀ ਦੇ ਖੇਤਰ ਵਿਚ ਸੇਵਾਵਾਂ ਨਿਭਾਉਣ ਦੇ ਨਾਲ ਲੰਬੇ ਸਮੇਂ ਤੋਂ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਦੇ ਪ੍ਰਧਾਨਗੀ ਕਰ ਰਹੇ ਗੁਰਦੀਪ ਸਿੰਘ ਨਾਗੀ ਨੂੰ 13ਵੀਂ ਵਾਰ ਸਰਬਸੰਮਤੀ ਨਾਲ ਕਲੱਬ ਦਾ ਪ੍ਰਧਾਨ ਚੁਣ ਲਿਆ ਗਿਆ। ਇਸ ਤੋਂ ਇਲਾਵਾ ਜਸਵੰਤ ਸਿੰਘ ਮਾਂਗਟ ਨੂੰ ਜਨਰਲ ਸਕੱਤਰ, ਅੰਮ੍ਰਿਤਪਾਲ ਸਿੰਘ ਨੂੰ ਸਰਪ੍ਰਸਤ, ਗੁਰਪਾਲ ਸਿੰਘ ਰਾਏ ਨੂੰ ਸਕੱਤਰ, ਹਰੀਸ਼ ਕੱਕੜ ਤੇ ਸਿਮਰਤਪਾਲ ਸਿੰਘ ਬੇਦੀ ਨੂੰ ਮੀਤ ਪ੍ਰਧਾਨ, ਸਵਿੰਦਰ ਸਿੰਘ ਲਹੌਰੀਆ ਤੇ ਸੁਖਦੇਵ ਸਿੰਘ ਬੱਬੂ ਨੂੰ ਖਜਾਨਚੀ, ਕੁਲਦੀਪ ਸਿੰਘ ਭੁੱਲਰ ਨੂੰ ਸੀਨੀਅਰ ਮੀਤ ਪ੍ਰਧਾਨ, ਸ਼ੁਕਰਗੁਜ਼ਾਰ ਸਿੰਘ ਐਡਵੋਕੇਟ ਨੂੰ ਕਾਨੂੰਨੀ ਸਲਾਹਕਾਰ, ਕੁਲਜੀਤ ਸਿੰਘ ਨੂੰ ਬੁਲਾਰਾ, ਪਰਵਿੰਦਰ ਸਿੰਘ ਮਲਕ ਤੇ ਪ੍ਰਗਟ ਸਿੰਘ ਨੂੰ ਪ੍ਰਚਾਰ ਸਕੱਤਰ, ਪਰਮਜੀਤ ਸਿੰਘ ਤੇ ਸਤਿੰਦਰ ਸਿੰਘ ਅਠਵਾਲ ਨੂੰ ਪ੍ਰੈਸ ਸਕੱਤਰ, ਸਤਪਾਲ ਵਿਨਾਇਕ ਤੇ ਕੁਲਦੀਪ ਸਿੰਘ ਖਹਿਰਾ ਨੂੰ ਮੁੱਖ ਸਲਾਹਕਾਰ, ਡਾਕਟਰ ਗੁਰਮੀਤ ਸਿੰਘ ਨੰਡਾ, ਤੇ ਮਨਦੀਪ ਸਿੰਘ ਜੰਮੂ ਨੂੰ ਸੰਯੁਕਤ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਪੱਤਰਕਾਰ ਹਰਜਿੰਦਰ ਸਿੰਘ, ਗੁਰਵਿੰਦਰ ਸਿੰਘ ਹੈਪੀ ਨੂੰ ਕਾਰਜਕਾਰੀ ਮੈਂਬਰ ਨਿਯੁਕਤ ਕੀਤਾ।ਇਸ ਦੌਰਾਨ ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਸਮੂਹ ਸਾਥੀਆਂ ਦਾ ਤਹਿਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਮਾਝਾ ਪ੍ਰੈੱਸ ਕਲੱਬ, ਅੰਮ੍ਰਿਤਸਰ ਅਤੇ ਪੱਤਰਕਾਰ ਭਾਈਚਾਰੇ ਦੇ ਭਲੇ ਹਿੱਤ ਹਮੇਸ਼ਾਂ ਤੱਤਪਰ ਰਹਿਣਗੇ।ਪ੍ਰਧਾਨ ਗੁਰਦੀਪ ਸਿੰਘ ਨਾਗੀ ਨੇ ਕਲੱਬ ਦੇ ਸਮੂਹ ਸਾਥੀਆਂ ਦੇ ਸਹਿਯੋਗ ਨਾਲ ਕਲੱਬ ਦੀਆਂ ਪਿਛਲੇ ਵਰ੍ਹੇ ਦੀਆਂ ਗਤੀਵਿਧੀਆਂ ਬਾਰੇ ਚਾਨਣਾ ਪਾਇਆ ਅਤੇ ਭਵਿੱਖ ਵਿਚ ਵੀ ਸਮੂਹ ਸਾਥੀਆਂ ਦੇ ਉੱਦਮ ਤੇ ਸਹਿਯੋਗ ਨਾਲ ਸਮਾਜ ਭਲਾਈ ਦੇ ਕਾਰਜ ਜਾਰੀ ਰੱਖਣ ਦਾ ਭਰੋਸਾ ਦੁਆਇਆ। ਪ੍ਰਧਾਨ ਨਾਗੀ ਨੇ ਸਤਿੰਦਰ ਸਿੰਘ ਅਠਵਾਲ ਤੇ ਪ੍ਰਗਟ ਸਿੰਘ ਦੇ ਮੁੜ ਮਾਝਾ ਪ੍ਰੈੱਸ ਕਲੱਬ ਵਿਚ ਸ਼ਾਮਲ ਹੋਣ 'ਤੇ ਨਿੱਘਾ ਸਵਾਗਤ ਕੀਤਾ।ਇਸ ਮੌਕੇ ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਅਤੇ ਜਨਰਲ ਸਕੱਤਰ ਜਸਵੰਤ ਸਿੰਘ ਮਾਂਗਟ ਨੇ ਕੌਮਾਂਤਰੀ ਪ੍ਰੈੱਸ ਦਿਵਸ ਦੀ ਵਧਾਈ ਦਿੰਦਿਆ ਪ੍ਰੈੱਸ ਦੀ ਆਜ਼ਾਦੀ 'ਤੇ ਹੁੰਦੇ ਹਮਲਿਆਂ ਪ੍ਰਤੀ ਚਿੰਤਾ ਦਾ ਪ੍ਰਗਟਾਵਾ ਕੀਤਾ ਅਤੇ ਸਰਕਾਰਾਂ ਨੂੰ ਪ੍ਰੈੱਸ ਦੀ ਆਜ਼ਾਦੀ ਦੀ ਬਹਾਲੀ ਲਈ ਢੁੱਕਵੇਂ ਉਪਰਾਲੇ ਕਰਨ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮਨਾਇਆ ਗਿਆ ਮਾਤਾ ਸੁੰਦਰੀ ਜੀ ਦਾ ਜਨਮ ਦਿਹਾੜਾ



ਨਵੀਂ ਦਿੱਲੀ, 5 ਮਈ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਿਲ ਮਾਤਾ ਸੁੰਦਰੀ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਰੂਪ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ। ਸੰਗਤ ਨੂੰ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਨੇ ਸਰਵਣ ਕਰਵਾਇਆ। ਗਿਆਨੀ ਬਲਜੀਤ ਸਿੰਘ ਨੇ ਮਾਤਾ ਸੁੰਦਰੀ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਦੀ ਸਾਂਝ ਪਾਈ। ਉਨ੍ਹਾ ਸੰਗਤਾਂ ਨੂੰ ਮਾਤਾ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਹਰਪਾਲ ਸਿੰਘ ਜੱਲ੍ਹਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸ. ਨਰਿੰਦਰ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ ਸਮੇਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਜਪਾ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਅੰਮ੍ਰਿਤਸਰ ਨੂੰ ਸੰਪੂਰਨ ਸਮਾਰਟ ਸਿਟੀ ਬਣਾਉਣ ਦਾ ਵਿਜ਼ਨ ਰੱਖਦਾ ਹੈ - ਸੌਰਭ ਮਹਾਜਨ, ਅਦਿੱਤਿਆ ਮਹਿਰਾ



**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ )**-ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਸਰਦਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਇੱਕ ਮਹਾਨ ਡਿਪਲੋਮੈਟ ਹੈ ਜਿਸ ਦੀ ਵਿਸ਼ਵ ਨੇਤਾਵਾਂ ਵਲੋਂ ਪ੍ਰਸ਼ੰਸਾ ਕੀਤੀ ਜਾਂਦੀ ਹੈ। ਜਿਸ ਵਿੱਚ ਜੋ ਬਿਡੇਨ ਅਤੇ ਨਰਿੰਦਰ ਮੋਦੀ ਸ਼ਾਮਲ ਹਨ। ਇੱਕ ਬਹੁਤ ਹੀ ਤਜਰਬੇਕਾਰ ਕੂਟਨੀਤਕ ਜਿਸ ਦਾ ਦੁਨੀਆ ਭਰ ਤੋਂ ਪ੍ਰਭਾਵਸ਼ਾਲੀ ਫਾਲੋਇੰਗ ਰਿਹਾ, ਉਹ ਸਾਡੇ ਦੇਸ਼ ਦੀ ਬਿਹਤਰੀ ਲਈ ਵੱਡੇ ਕੂਟਨੀਤਕ ਸਬੰਧਾਂ ਅਤੇ ਸਖ਼ਤ ਫ਼ੈਸਲਿਆਂ ਦਾ ਹਿੱਸਾ ਰਿਹਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਯੁਵਾ ਮੋਰਚਾ ਦੇ ਜਨਰਲ ਸਕੱਤਰ ਸੌਰਭ ਮਹਾਜਨ, ਅਦਿੱਤਿਆ ਮਹਿਰਾ ਅਤੇ ਕੁੰਵਰ ਸਰਕਾਰੀਆ ਦੁਆਰਾ ਕੀਤਾ ਗਿਆ। ਨੌਜਵਾਨ ਆਗੂਆਂ ਨੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਦੀ ਸ਼ਖ਼ਸੀਅਤ ਨੂੰ ਉਨ੍ਹਾਂ ਦੀ ਲੋਕਾਂ ਪ੍ਰਤੀ ਸੂਝ ਅਤੇ ਉਨ੍ਹਾਂ ਦੀਆਂ ਭਵਿੱਖ ਦੀਆਂ ਆਸਾਂ ਅਤੇ ਵਿਸਥਾਰ ਵੱਲ ਧਿਆਨ ਦੇਣ ਤੋਂ ਸਮਝਿਆ ਜਾ ਸਕਦਾ ਹੈ। ਉਹ ਸਮਾਜ ਅਤੇ ਕਾਰੋਬਾਰਾਂ ਨਾਲ ਜੁੜਦਾ ਹੈ। ਉਸ ਦੇ ਨਜ਼ਰੀਏ ਤੋਂ ਅੰਮ੍ਰਿਤਸਰ ਵਿੱਚ ਬਹੁਤ ਕੁਝ ਹਾਸਲ ਕੀਤਾ ਜਾ ਸਕਦਾ ਹੈ। ਸੰਧੂ ਸਮੁੰਦਰ ਅੰਮ੍ਰਿਤਸਰ ਦੀ ਮਿੱਟੀ ਦੇ ਸੱਚੇ ਪੁੱਤਰ ਹਨ ਅਤੇ ਹੁਣ ਆਪਣੀ ਦ੍ਰਿੜ ਇੱਛਾ ਸ਼ਕਤੀ ਅਤੇ ਦ੍ਰਿੜ ਇਰਾਦੇ ਨਾਲ ਉਹ ਭਾਜਪਾ ਵੱਲੋਂ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਦੀ ਚੋਣ ਲੜ ਰਹੇ ਹਨ। ਅੰਮ੍ਰਿਤਸਰ ਨੇ ਉਮੀਦ ਅਤੇ ਉਤਸ਼ਾਹ ਦੀ ਨਵੀਂ ਹਵਾ ਤੇ ਸਵੇਰ ਦਾ ਸਵਾਗਤ ਕੀਤਾ ਹੈ। ਕਿਉਂਕਿ ਸਾਡੇ ਕੋਲ ਇਹ ਭਾਜਪਾ ਉਮੀਦਵਾਰ ਹਨ ਜੋ ਅੰਮ੍ਰਿਤਸਰ ਵਿੱਚ ਸਾਡੇ ਹਲਕੇ ਦੀ ਨੁਮਾਇੰਦਗੀ ਕਰਨ ਵਾਲੇ ਸਭ ਤੋਂ ਵਧੀਆ ਉਮੀਦਵਾਰ ਹਨ। ਭਾਜਪਾ ਨੇ ਸੱਚਮੁੱਚ ਸਾਨੂੰ ਇੱਕ ਅਜਿਹਾ ਉਮੀਦਵਾਰ ਦਿੱਤਾ ਹੈ ਜੋ ਪੜ੍ਹਿਆ-ਲਿਖਿਆ, ਭ੍ਰਿਸ਼ਟਾਚਾਰ ਮੁਕਤ ਅਤੇ ਨਿਰਸਵਾਰਥ ਹੈ, ਉਹ ਸਾਡੇ ਸਿਪਾਹੀ ਵਾਂਗ ਹੈ ਜੋ ਫੌਜ ਤੋਂ ਸੇਵਾਮੁਕਤ ਹੋ ਕੇ ਸਾਡੇ ਲਈ ਲੜਨ ਲਈ ਆਇਆ ਹੈ। ਤਰਨਜੀਤ ਸਿੰਘ ਸੰਧੂ ਇੱਕ ਬਹੁਤ ਹੀ ਗੈਰਅਭਿਲਾਸ਼ੀ ਨੇਤਾ ਹਨ, ਜਿਨ੍ਹਾਂ ਦਾ ਦ੍ਰਿਸ਼ਟੀਕੋਣ ਜਵਾਬਦੇਹੀ ਅਤੇ ਚੰਗੇ ਸ਼ਾਸਨ ਦੇ ਨਾਲ ਸਮਾਜ, ਵਪਾਰ ਅਤੇ ਸਾਰਿਆਂ ਲਈ ਤਰੱਕੀ ਹੈ। ਵਿਦੇਸ਼ਾਂ ਵਿੱਚ 3+1 ਸਾਲ ਦੀ ਪੜ੍ਹਾਈ, ਉਨ੍ਹਾਂ ਦੀ ਕਾਲਜਾਂ ਤੱਕ ਪਹੁੰਚ ਅਤੇ ਖੇਤੀਬਾੜੀ ਅਤੇ ਦੂਜੇ ਦੇਸ਼ਾਂ ਵਿੱਚ ਇਸਦੀ ਨਿਰਯਾਤ 'ਤੇ ਧਿਆਨ ਕੇਂਦਰਿਤ ਕਰਨਾ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਉਹ ਕਿਸਾਨ ਪੱਖੀ ਕਾਰੋਬਾਰ ਅਤੇ ਜਵਾਬਦੇਹ ਸ਼ਾਸਨ ਦਾ ਵਕੀਲ ਹੈ। ਅੰਮ੍ਰਿਤਸਰ ਲਈ ਉਸ ਦੇ ਰੋਡਮੈਪ ਦੇ ਅਨੁਸਾਰ, ਉਸ ਦਾ ਦ੍ਰਿਸ਼ਟੀਕੋਣ ਅੰਮ੍ਰਿਤਸਰ ਨੂੰ ਬਿਹਤਰ ਬਣਾਉਣਾ ਅਤੇ ਇਸਨੂੰ 2027 ਤੱਕ ਭਾਰਤ ਦਾ ਮੁਕੰਮਲ ਸਮਾਰਟ ਸਿਟੀ ਬਣਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਐਚ ਪੀ ਮਾਡਲ ਸਕੂਲ ਸੰਗੋਵਾਲ ਦਾ 8 ਵੀ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ



**ਮਹਿਤਪੁਰ, ਸੁਰਿੰਦਰ ਛਾਬੜਾ** - ਐਚ ਪੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਸੰਗੋਵਾਲ ਦਾ 8 ਵੀ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ। ਪੰਜਾਬ ਸਕੂਲ ਸਿਖਿਆ ਬੋਰਡ ਵੱਲੋਂ ਐਲਾਨੇ ਗਏ 8 ਵੀ ਕਲਾਸ ਦੇ ਨਤੀਜੇ ਵਿੱਚ ਸਾਰੇ ਬੱਚੇ ਵਧੀਆ ਪੁਜੀਸ਼ਨ ਤੇ ਰਹੇ, ਇਸ ਮੌਕੇ ਸਕੂਲ ਪ੍ਰਧਾਨ ਹਰਪ੍ਰੀਤ ਸਿੰਘ ਅਤੇ ਪ੍ਰਿਸੀਪਲ ਸੰਦੀਪ ਕੌਰ ਨੇ ਦੱਸਿਆ ਕਿ ਜੋਬਨਪ੍ਰੀਤ ਸਿੰਘ ਨੇ 600, ਵਿਚੋਂ 568, ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ, ਇਸੇ ਤਰ੍ਹਾਂ ਹੀ ਤਰਨਪ੍ਰੀਤ ਨੇ 567 ਨੰਬਰ ਪ੍ਰਾਪਤ ਕਰਕੇ ਲੜਕੀਆਂ ਵਿਚੋਂ ਦੂਜਾ ਸਥਾਨ ਪ੍ਰਾਪਤ ਕੀਤਾ, ਤੀਸਰਾ ਸਥਾਨ ਅਸਮੀਨ, ਤੇ ਪ੍ਰਭਜੋਤ ਕੌਰ ਨੇ ਚੋਥਾ ਸਥਾਨ, ਰਾਜਦੀਪ ਕੌਰ ਨੇ ਪੰਜਵਾਂ ਸਥਾਨ ਪ੍ਰਾਪਤ ਕੀਤਾ , ਇਸ ਮੌਕੇ ਬੱਚਿਆਂ ਦੇ ਮਾਪਿਆਂ ਨੇ ਸਕੂਲ ਸਟਾਫ ਨੂੰ ਵਧਾਈ ਦਿੱਤੀ ਵਧੀਆ ਰਜ਼ਲਟ ਆਉਣ ਤੇ, ਇਸ ਮੌਕੇ ਮਨਜੋਤ ਕੌਰ, ਪੀ੍ਆ, ਸਰਬਜੀਤ ਸਿੰਘ, ਸੰਦੀਪ ਕੌਰ, ਸੁਖਵਿੰਦਰ ਕੌਰ, ਰਮਨਦੀਪ ਕੌਰ, ਕਮਲਜੀਤ ਕੌਰ,ਸੋਨੀਆ ਆਦਿ ਸਮੂਹ ਸਟਾਫ ਹਾਜ਼ਰ ਸਨ।

### ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦਾ

# ਬਾਰਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

**ਫ਼ਿਰੋਜ਼ਪੁਰ, 5 ਮਈ (ਮਨੋਹਰ ਲਾਲ)** :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸਕੂਲ ਦੇ ਵਿਦਿਆਰਥੀਆਂ ਨੇ ਬਾਰਵੀਂ ਜਮਾਤ ਵਿੱਚੋਂ ਚੰਗੇ ਚੰਗੇ ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਕੀਤਾ ਰੋਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗਿਆਨੀ ਭਾਈ ਸਾਹਿਬ ਸਿੰਘ ਤੇ ਜਥੇਦਾਰ ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਦੱਸਿਆ ਕਿ ਸਕੂਲ ਦਾ ਸਾਲ 2024 ਦਾ ਜੋ ਬਾਰਵੀਂ ਕਲਾਸ ਦਾ ਨਤੀਜਾ ਆਇਆ ਹੈ ਉਹ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਵਿੱਚ ਪਹਿਲਾ ਸਥਾਨ ਤਨਵੀਰ ਕੌਰ ਨੇ 97 ਪ੍ਰਤੀਸ਼ਤ ਨਾਲ, ਦੂਜਾ ਸਥਾਨ ਹਰਮਨਦੀਪ ਕੌਰ ਨੇ 93.2 ਫੀਸਦੀ ਤੇ ਤੀਸਰਾ ਸਥਾਨ ਵੀਰਪਾਲ ਕੌਰ ਨੇ 90.6 ਪ੍ਰਤੀਸ਼ਤ ਪ੍ਰਾਪਤ ਕਰਕੇ ਹਾਸਲ ਕੀਤਾ। ਬਾਰਵੀਂ ਜਮਾਤ ਵਿਚੋਂ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਮੁਬਾਰਕਬਾਦ ਦਿੰਦਿਆਂ ਖੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਅਤੇ ਕਿਹਾ ਕਿ ਇਹ ਵਿਦਿਆਰਥੀ ਆਉਣ ਵਾਲੇ ਸਮੇਂ ਵਿੱਚ ਕਿਸੇ ਚੰਗੇ ਮੁਕਾਮ ਤੇ ਪਹੁੰਚਣਗੇ ਅਤੇ ਆਪਣੇ ਪਿੰਡ ਦਾ ਫਿਰੋਜ਼ਪੁਰ ਜ਼ਿਲ੍ਹੇ ਦਾ ਅਤੇ ਸਾਡੇ ਸਕੂਲ ਦਾ ਨਾਮ ਰੋਸ਼ਨ ਕਰਨਗੇ ਸਾਡੀਆਂ ਦੁਆਵਾਂ ਸਦਾ ਇਨ੍ਹਾਂ ਦੇ ਨਾਲ ਹਨ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ ਸਮੇਤ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ ਪਿਤਾ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਲੋਕ ਸਭਾ ਚੋਣਾਂ 2024 ਦੇ ਮੱਦੇਨਜ਼ਰ

# ਫਿਰੋਜ਼ਪੁਰ ਦਿਹਾਤੀ ਵਿਖੇ ਚੋਣਂ ਰਿਹਰਸਲ ਸੰਪੰਨ

ਫ਼ਿਰੋਜ਼ਪੁਰ, 5 ਮਈ (ਮਨੋਹਰ ਲਾਲ) :— ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫਸਰ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅੱਜ ਜ਼ਿਲ੍ਹਾ ਚੋਣ ਅਫਸਰ ਕਮ—ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਰਾਜੇਸ਼ ਧੀਮਾਨ ਦੀ ਅਗਵਾਈ ਵਿੱਚ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਸਹਾਇਕ ਰਿਟਰਨਿੰਗ ਅਫਸਰ—ਕਮ—ਵਧੀਕ ਡਿਪਟੀ ਕਮਿਸ਼ਨਰ (ਜ) ਫਿਰੋਜ਼ਪੁਰ ਡਾ: ਨਿਧੀ ਕੁਮੰਦ ਬੰਬਾਹ ਦੀ ਦੇਖ—ਰੇਖ ਵਿੱਚ ਵਿਧਾਨ ਸਭਾ ਹਲਕਾ 077 ਫ਼ਿਰੋਜ਼ਪੁਰ ਦਿਹਾਤੀ ਦੀ ਚੋਣ ਰਿਹਰਸਲ ਸੰਪੰਨ ਹੋਈ। ਇਸ ਮੌਕੇ ਬੋਲਦਿਆਂ ਡਾ: ਨਿਧੀ ਨੇ ਦੱਸਿਆ ਕਿ ਅੱਜ ਇਸ ਟ੍ਰੇਨਿੰਗ ਵਿੱਚ 310 ਪ੍ਰੀਜਾਡਿੰਗ ਅਫਸਰਾਂ, 313 ਏ.ਪੀ.ਆਰ.ਓ ਅਤੇ 566 ਪੋਲਿੰਗ ਅਫਸਰਾਂ ਨੇ ਟ੍ਰੇਨਿੰਗ ਪ੍ਰਾਪਤ ਕੀਤੀ ਅਤੇ ਟੀਮਾਂ ਦੇ ਰੂਪ ਵਿੱਚ ਈ.ਵੀ.ਐਮ. ਵੀ.ਵੀ. ਪੈਟ ਬੈਲਟ ਯੂਨਿਟ ਆਦਿ ਨੂੰ ਸੰਚਾਰੂ ਰੂਪ ਵਿੱਚ ਚਲਾਉਣ ਦਾ ਅਭਿਆਸ ਕੀਤਾ। ਉਨ੍ਹਾਂ ਦੱਸਿਆ ਕਿ ਲੋਕ ਸਭਾ ਚੋਣਾਂ ਦਾ ਕੰਮ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕਿਸੇ ਵੀ ਅਧਿਕਾਰੀ ਅਤੇ ਕਰਮਚਾਰੀ ਨੂੰ ਬਿਨਾਂ ਕਿਸੇ ਵੈਧ (ਵੈਲਿਡ) ਰੀਜ਼ਨ ਤੋਂ ਬਿਨਾਂ ਡਿਊਟੀ ਤੋਂ ਛੋਟ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਦੇਖਣ ਵਿਚ ਆਇਆ ਹੈ ਕਿ ਚੋਣਾਂ ਵਿੱਚ ਕਰਮਚਾਰੀ ਬਿਨ੍ਹਾਂ ਕਿਸੇ ਕਾਰਨ ਤੋਂ ਚੋਣ ਪ੍ਰਕਿਰਿਆ ਵਿਚ ਡਿਊਟੀ ਕਰਨ ਤੋਂ ਗੁਰੇਜ਼ ਕਰਦੇ ਹਨ, ਜਦਕਿ ਸਾਨੂੰ ਇਸ ਗੱਲ ਦੀ ਖੁਸ਼ੀ ਹੋਣੀ ਚਾਹੀਦੀ ਹੈ ਕਿ ਅਸੀਂ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਦਾ ਹਿੱਸਾ ਬਣਨ ਲਈ ਮਹੱਤਵਪੂਰਨ ਰੋਲ ਅਦਾ ਕਰ ਰਹੇ ਹਾਂ, ਸੋ ਸਾਰੇ ਅਧਿਕਾਰੀ ਤੇ ਕਰਮਚਾਰੀ ਇਸ ਡਿਊਟੀ ਨੂੰ ਬੋਝ ਜਾਂ ਮਜਬੂਰੀ ਨਾ ਸਮਝਦੇ ਹੋਏ ਆਪਣਾ ਲੋਕਤੰਤਰਿਕ ਕੱਰਤਵ ਸਮਝ ਕੇ ਇਸ ਵਿੱਚ ਹਿੱਸਾ ਪਾਉਣ ।ਇਸ ਮੌਕੇ ਏ.ਆਰ.ਓ—1 ਕੰਮ ਡੀ.ਡੀ.ਪੀ.ਓ ਜਸਵੰਤ ਵੜੈਚ, ਏ.ਆਰ.ਓ—2 ਕਮ ਬੀ.ਡੀ.ਪੀ.ਓ ਹਰਕੀਰਤ ਸਿੰਘ, ਚੋਣ ਤਹਿਸੀਲਦਾਰ ਚਾਂਦ ਪ੍ਰਕਾਸ਼, ਪ੍ਰਿੰਸੀਪਲ ਚਮਕੌਰ ਸਿੰਘ, ਇਲੈਕਸ਼ਨ ਸੈਲ ਇੰਨਚਾਰਜ ਜਸਵੰਤ ਸੈਣੀ, ਸਵੀਪ ਕੋਆਰਡੀਨੇਟਰ ਕਮਲ ਸ਼ਰਮਾ, ਸਹਾਇਕ ਇਲੈਕਸ਼ਨ ਸੈੱਲ ਇੰਨਚਾਰਜ ਸੁਖਚੈਨ ਸਿੰਘ, ਅੰਗਰੇਜ ਸਿੰਘ, ਉਪਿੰਦਰ ਸਿੰਘ, ਸਤਵਿੰਦਰ ਸਿੰਘ, ਗੁਰਵੰਤ ਸਿੰਘ, ਲਵਦੀਪ ਸਿੰਘ, ਮਹਿੰਦਰ ਸ਼ੈਲੀ, ਦੀਪਕ ਸੇਤੀਆ, ਵਰਿੰਦਰ ਸਿੰਘ, ਚੋਣ ਕਾਨੂੰਗੋ ਮੈਡਮ ਗਗਨਦੀਪ, ਅੰਗਰੇਜ਼ ਸਿੰਘ, ਮੈਡਮ ਸ਼ਮਾ, ਪੀਪਲ ਸਿੰਘ ਚਮਕੌਰ ਸਿੰਘ, ਪ੍ਰੋਗਰਾਮਰ ਤ੍ਰਿਲੋਚਨ ਸਿੰਘ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਫ਼ਿਰੋਜ਼ਪੁਰ ਫਾਊਂਡੇਸ਼ਨ ਵੱਲੋਂ ਚਾਰ ਥਾਵਾਂ ਤੇ

# ਚੱਲ ਰਹੇ ਲੰਗਰ ਸੇਵਾ ਦੀ ਹਰ ਪਾਸੇ ਸ਼ਲਾਘਾ ਕੀਤੀ ਜਾਵੇ



ਫ਼ਿਰੋਜ਼ਪੁਰ, 5 ਮਈ (ਮਨੋਹਰ ਲਾਲ) :— ਫ਼ਿਰੋਜ਼ਪੁਰ ਫਾਊਂਡੇਸ਼ਨ ਵੱਲੋਂ ਚਾਰ ਥਾਵਾਂ ਤੇ ਚੱਲ ਰਹੇ ਲੰਗਰ ਸੇਵਾ ਦੀ ਹਰ ਪਾਸਿਓ ਸ਼ਲਾਘਾ ਕੀਤੀ ਜਾ ਰਹੀ ਹੈ। ਇਹ ਲੰਗਰ ਕਾਫੀ ਅਰਸੇ ਤੋਂ ਚੱਲ ਰਿਹਾ ਹੈ, ਜਿਸ ਦਾ ਹਰ ਗਰੀਬ ਅਤੇ ਲੋੜਵੰਦ ਪਰਿਵਾਰ ਨੂੰ ਕਾਫੀ ਸਹੂਲਤ ਹੋ ਰਹੀ ਹੈ। ਇਹ ਲੰਗਰ 2 ਥਾਵਾਂ ਤੇ ਫ਼ਿਰੋਜ਼ਪੁਰ ਛਾਉਣੀ ਅਤੇ ਦੋ ਥਾਵਾਂ ਤੇ ਸਿਵਲ ਹਸਪਤਾਲ ਫ਼ਿਰੋਜ਼ਪੁਰ ਅਤੇ ਰੋਜ਼ਾਨਾ ਸ਼ਾਮ ਨੂੰ ਦਿੱਲੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਚ ਲਾਉਣ ਤੋਂ ਇਲਾਵਾ ਦਾਣਾ ਮੰਡੀ ਫ਼ਿਰੋਜ਼ਪੁਰ ਸ਼ਹਿਰ, ਦਾਣਾ ਮੰਡੀ ਫ਼ਿਰੋਜ਼ਪੁਰ ਛਾਉਣੀ ਵਿਚ ਚੱਲ ਰਿਹਾ ਹੈ। ਇਸ ਫ਼ਿਰੋਜ਼ਪੁਰ ਫਾਊਂਡੇਸ਼ਨ ਨੇ 6—7 ਸਾਲਾਂ ਵਿਚ ਲਗਾਤਾਰ ਲੰਗਰ ਵਰਤਾ ਰਹੇ ਹਨ ਅਤੇ ਇਸ ਉਪਰਾਲੇ ਦਾ ਫ਼ਿਰੋਜ਼ਪੁਰ ਸ਼ਹਿਰ ਨਿਵਾਸੀ ਫ਼ਿਰੋਜ਼ਪੁਰ ਛਾਉਣੀ ਨਿਵਾਸੀ ਲੋੜਵੰਦ ਪਰਿਵਾਰ, ਮਰੀਜ ਅਤੇ ਮਰੀਜਾਂ ਦੇ ਰਿਸ਼ਤੇਦਾਰਾਂ ਨੂੰ ਬਹੁਤ ਵੱਡੀ ਸਹੂਲਤ ਮਿਲ ਰਹੀ ਹੈ। ਇਥੋਂ ਤੱਕ ਕਿ ਮਰੀਜਾਂ ਨੂੰ ਦੁੱਧ ਵੀ ਦਿੱਤਾ ਜਾਂਦਾ ਹੈ ਅਤੇ ਲੋੜਵੰਦਾਂ ਨੂੰ ਘਰ—ਘਰ ਜਾ ਕੇ ਲੰਗਰ ਦਿੱਤਾ ਜਾਂਦਾ ਹੈ। ਅਸੀਂ ਵਾਹਿਗੁਰੂ ਪ੍ਰਮਾਤਮਾ ਅੱਗੇ ਬੇਨਤੀ ਕਰਦੇ ਹਾਂ ਕਿ ਸਮੂਹ ਫ਼ਿਰੋਜ਼ਪੁਰ ਫਾਊਂਡੇਸ਼ਨ ਮੈਂਬਰਾਂ ਨੂੰ ਦਿਨ ਦੁਗਨੀ, ਰਾਤ ਚੌਗਣੀ ਤਰੱਕੀ ਦੇਵੇ ਤਾਂ ਜੋ ਉਹ ਇਸੇ ਤਰ੍ਹਾਂ ਲੋੜਵੰਦ ਪਰਿਵਾਰਾਂ ਦੀ ਮੱਦਦ ਕਰ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਨੇਡਾ ਅੰਦਰ ਕਾਨੂੰਨ ਦਾ ਰਾਜ, ਜਿਸ ਅੱਧੀਨ ਭਾਈ ਨਿੱਝਰ ਦੇ ਕਾਤਲਾਂ ਦੀ ਹੋਈਆਂ ਗ੍ਰਿਫਤਾਰੀਆਂ: ਜਸਟਿਨ ਟਰੂਡੋ



**ਨਵੀਂ ਦਿੱਲੀ 5 ਮਈ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਮਾਮਲੇ ਵਿੱਚ ਤਿੰਨ ਭਾਰਤੀ ਨਾਗਰਿਕਾਂ ਦੀ ਗ੍ਰਿਫਤਾਰੀ ਤੋਂ ਬਾਅਦ ਕਿਹਾ ਕੀ ਕੈਨੇਡਾ ਅੰਦਰ ਕਾਨੂੰਨ ਦਾ ਰਾਜ ਹੈ। ਟਰੂਡੋ ਨੇ ਕਿਹਾ ਇਹ ਮਹੱਤਵਪੂਰਨ ਹੈ ਕਿਉਂਕਿ ਕੈਨੇਡਾ ਵਿਚ ਇੱਕ ਮਜ਼ਬੂਤ ਅਤੇ ਸੁਤੰਤਰ ਨਿਆਂ ਪ੍ਰਣਾਲੀ ਵਾਲਾ ਇੱਕ ਕਾਨੂੰਨ ਦਾ ਰਾਜ ਹੈ, ਅਤੇ ਨਾਲ ਹੀ ਆਪਣੇ ਸਾਰੇ ਨਾਗਰਿਕਾਂ ਦੀ ਸੁਰੱਖਿਆ ਲਈ ਇੱਕ ਬੁਨਿਆਦੀ ਵਚਨਬੱਧ ਹੈ । ਸੀਬੀਸੀ ਨੇ ਟਰੂਡੋ ਦੇ ਹਵਾਲੇ ਨਾਲ ਕਿਹਾ ਜਿਵੇਂ ਕਿ ਆਰਸੀਐਮਪੀ ਨੇ ਕਿਹਾ ਹੈ, ਜਾਂਚ ਜਾਰੀ ਹੈ, ਅਤੇ ਇਹ ਕੱਲ੍ਹ ਗ੍ਰਿਫਤਾਰ ਕੀਤੇ ਗਏ ਤਿੰਨ ਲੋਕਾਂ ਦੀ ਸ਼ਮੂਲੀਅਤ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇੱਕ ਵੱਖਰੀ ਅਤੇ ਮਾਮਲੇ ਦੀ ਤਹਿ ਤਕ ਜਾਣ ਲਈ ਜਾਂਚ ਜਾਰੀ ਹੈ। ਆਰਸੀਐਮਪੀ ਨੇ ਕਰਨ ਬਰਾੜ, ਕਮਲਪ੍ਰੀਤ ਸਿੰਘ ਅਤੇ ਕਰਨਪ੍ਰੀਤ ਸਿੰਘ ਦੀ ਗ੍ਰਿਫਤਾਰੀ ਤੋਂ ਬਾਅਦ, ਉਨ੍ਹਾਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਨੇ ਇਸ ਕੋਸ਼ਿਸ਼ ਵਿੱਚ ਅਮਰੀਕੀ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਨਾਲ ਕੰਮ ਕੀਤਾ ਸੀ। ਇਸ ਮਾਮਲੇ ’ਤੇ ਕੋਈ ਹੋਰ ਵੇਰਵੇ ਦਿੱਤੇ ਬਿਨਾਂ, ਉਨ੍ਹਾਂ ਸੰਕੇਤ ਦਿੱਤਾ ਕਿ ਜਲਦੀ ਹੀ ਹੋਰ ਗ੍ਰਿਫਤਾਰੀਆਂ ਹੋ ਸਕਦੀਆਂ ਹਨ। ਕੈਨੇਡੀਅਨ ਪੁਲਿਸ ਨੇ ਕਿਹਾ ਕਿ ਫੋਰਸ ਅਜੇ ਵੀ ਇਸ ਮਾਮਲੇ ਅੰਦਰ “ਭਾਰਤ ਸਰਕਾਰ ਨਾਲ ਸਬੰਧਾਂ ਦੀ ਜਾਂਚ ਕਰ ਰਹੀ ਹੈ।” ਇਸ ਦੌਰਾਨ, ਕੈਨੇਡਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਸੰਜੇ ਵਰਮਾ ਨੇ ਕਿਹਾ ਕਿ ਨਵੀਂ ਦਿੱਲੀ ਤਿੰਨ ਵਿਅਕਤੀਆਂ ਦੀ ਗ੍ਰਿਫਤਾਰੀ ਬਾਰੇ ਕੈਨੇਡੀਅਨ ਅਧਿਕਾਰੀਆਂ ਤੋਂ ਨਿਯਮਤ ਅਪਡੇਟ ਦੀ ਉਮੀਦ ਕਰ ਰਹੀ ਹੈ ਅਤੇ ਮੈਂ ਸਮਝਦਾ ਹਾਂ ਕਿ ਗ੍ਰਿਫਤਾਰੀਆਂ ਸਬੰਧਤ ਕੈਨੇਡੀਅਨ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੁਆਰਾ ਕੀਤੀਆਂ ਗਈਆਂ ਜਾਂਚਾਂ ਦੇ ਨਤੀਜੇ ਵਜੋਂ ਕੀਤੀਆਂ ਗਈਆਂ ਹਨ। ਇਹ ਮੁੱਦਾ ਕੈਨੇਡਾ ਦਾ ਅੰਦਰੂਨੀ ਹੈ ਅਤੇ ਇਸ ਲਈ ਸਾਡੇ ਕੋਲ ਇਸ ਸਬੰਧ ਵਿੱਚ ਕੋਈ ਟਿੱਪਣੀ ਨਹੀਂ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਸਾਹਿਬ ਦੇ ਓਟ ਆਸਰੇ ਨਾਲ ਭਾਈ ਮਰਦਾਨਾ ਯਾਦਗਾਰ ਦਾ ਹੋਵੇਗਾ ਆਰੰਭ—ਭੁੱਲਰ



ਫ਼ਿਰੋਜ਼ਪੁਰ, 5 ਮਈ (ਮਨੋਹਰ ਲਾਲ) :— ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਵੱਲੋਂ ਭਾਈ ਮਰਦਾਨਾ ਜੀ ਦੀ ਯਾਦਗਾਰ ਦਾ ਆਰੰਭ 2016 ਵਿਚ ਕੀਤਾ ਗਿਆ ਸੀ ਅਤੇ ਪਿਛਲੇ ਦੋ ਸਾਲਾਂ ਤੋਂ ਇਸ ਯਾਦਗਾਰ ਨੂੰ ਕਾਗਜੀ ਕਾਰਵਾਈ ਵਿਚ ਇਹ ਭਾਈ ਮਰਦਾਨਾ ਸੁਸਾਇਟੀ ਹਵਾਲੇ ਕੀਤਾ ਗਿਆ ਸੀ, ਅਜੇ ਸਹਿਜੇ ਸਹਿਜੇ ਇਸ ਦੇ ਅਧੂਰੇ ਕੰਮਾਂ ਨੂੰ ਕਰਵਾਇਆ ਜਾ ਰਿਹਾ ਹੈ, ਅਜੇ ਤੱਕ ਇਸ ਯਾਦਗਾਰ ਦਾ ਆਰੰਭ ਨਹੀਂ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਸੀਨੀਅਰ ਮੀਤ ਪ੍ਰਧਾਨ ਸੋਹਨ ਸਿੰਘ ਅਤੇ ਚੇਅਰਮੈਨ ਹਰੀਪਾਲ ਸਿੰਘ ਸਰਾਂ ਨੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਲੋਕ ਪੀ.ਸਿੰਘ ਓਬਰਾਏ, ਸੰਤ ਬਾਬਾ ਬਲਬੀਰ ਸਿੰਘ ਜੀ ਸੀਚੇਵਾਲ ਅਤੇ ਨਾਮਧਾਰੀ ਮੁਖੀ ਸੰਤ ਬਾਬਾ ਉਧੇ ਸਿੰਘ ਜੀ ਭੈਣੀ ਸਾਹਿਬ ਵਾਲਿਆਂ ਪਾਸੋਂ ਆਰੰਭਤਾ ਦੀ ਤਾਰੀਕ ਲਈ ਜਾਵੇਗੀ। ਆਰੰਭਤਾ ਧਾਰਮਿਕ ਰਸਮਾਂ ਨਾਲ ਕੀਤੀ ਜਾਵੇਗੀ। ਪੰਜ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾ ਕੇ ਆਰੰਭ ਕੀਤੀ ਜਾਵੇਗੀ। ਸ੍ਰੀ ਭੁੱਲਰ ਨੇ ਆਖਿਆ ਕਿ ਉਨ੍ਹਾਂ ਸਾਡੀ ਉਮਰ ਨਜ਼ਰ ਨਹੀਂ ਆ ਰਹੀ, ਜਿਡੇ ਵੱਡੇ ਪਲਾਨ ਉਲੀਕੀ ਬੈਠੇ ਹਾਂ, ਲਗਭਗ ਇਹ ਪ੍ਰੋਜੈਕਟ ਇਕ ਕਰੋੜ ਦਾ ਜਾਪਦਾ ਹੈ, ਸ੍ਰੀ ਗੁਰੂ ਨਾਨਕ ਸਾਹਿਬ ਜੀ ਅਤੇ ਭਾਈ ਮਰਦਾਨਾ ਜੀ ਅੱਗੇ ਅਰਦਾਸ ਕਰਕੇ ਆਰੰਭ ਕਰਦੇ ਹਾਂ ਅਤੇ ਗੁਰੂ ਸਾਹਿਬ ਜੀ ਆਪ ਹੀ ਕਾਰਜ ਰਾਸ ਕਰ ਰਹੇ ਹਨ, ਸਾਡਾ ਮੁੱਖ ਉਦੇਸ਼ ਗਰੀਬ ਲੜਕੀਆਂ ਦੇ ਵਿਆਹ ਕਰਨੇ ਅਤੇ ਅੱਖਾਂ ਦੇ ਕੈਂਪ ਲਾਉਣੇ, ਜ਼ੋ ਸਾਡਾ ਪਹਿਲਾਂ ਵੀ ਇਸ ਉਦੇਸ਼ ਤੇ ਚਲਦੇ ਰਹੇ ਹਾਂ, ਹੁਣ ਤੱਕ 850 ਕੁੜੀਆਂ ਦੇ ਵਿਆਹ ਕਰ ਚੁੱਕੇ ਹਾਂ, 1260 ਮਰੀਜਾਂ ਦੀਆਂ ਅੱਖਾਂ ਦੇ ਉਪਰੇਸ਼ਨ ਕਰਵਾ ਚੁੱਕੇ ਹਾਂ ਅਤੇ ਆਸ ਕਰਦੇ ਹਾਂ ਵਾਹਿਗੁਰੂ ਜੀ ਸਾਡੀ ਸੋਚ ਨੂੰ ਸਿਰੇ ਚੜਾਉਣ ਵਿਚ ਸਾਡੀ ਸਹਾਇਤਾ ਕਰਨਗੇ। ਇਨ੍ਹਾਂ ਉੱਚ ਸਖਸ਼ੀਅਤਾਂ ਪਾਸੋਂ ਮਾਇਆ ਮੰਗਣ ਦੀ ਸੋਚ ਨਹੀਂ ਤਾਂ ਇਨ੍ਹਾਂ ਦਾ ਅਸ਼ੀਰਵਾਦ ਹਾਸਲ ਕਰਨ ਲਈ ਇਨ੍ਹਾਂ ਉਚ ਸਖਸ਼ੀਅਤਾਂ ਦੇ ਨਾਮ ਆਸਰਾ ਲਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਕਾਲਜ ਵਿਖੇ ਸੰਤੁਲਿਤ ਖੁਰਾਕ ’ਤੇ ਕਰਵਾਇਆ ਗਿਆ ਵਿਸ਼ੇਸ਼ ਲੈਕਚਰ

**ਸ੍ਰੀ ਅਨੰਦਪੁਰ ਸਾਹਿਬ, 5 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਖੇ ਸਥਿਤ ਮਾਤਾ ਜੀਤੋ ਜੀ ਗਰਲਜ਼ ਹੋਸਟਲ ਵਿੱਚ ਰਹਿ ਰਹੀਆਂ ਵਿਦਿਆਰਥਣਾਂ ਲਈ ਸੰਤੁਲਿਤ ਖੁਰਾਕ ’ਤੇ ਗੈਸਟ ਲੈਕਚਰ ਕਰਵਾਇਆ ਗਿਆ। ਗੈਸਟ ਲੈਕਚਰ ਵਿੱਚ ਮੈਡਮ ਪਰਮਪ੍ਰੀਤ ਕੌਰ (ਜ਼ਿਮ ਟਰੇਨਰ ਅਤੇ ਡਾਇਟੀਸ਼ਿਅਨ) ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ। ਇਸ ਲੈਕਚਰ ਵਿੱਚ ਉਹਨਾਂ ਨੇ ਲੜਕੀਆਂ ਨੂੰ ਭੋਜਨ ਦੀ ਮਹੱਤਤਾ ਅਤੇ ਕਸਰਤ ਦੀ ਲੋੜ ਉੱਤੇ ਚਾਨਣਾ ਪਾਇਆ। ਉਹਨਾਂ ਨੇ ਦੱਸਿਆ ਕਿ ਜੇਕਰ ਭੋਜਨ ਨੂੰ ਸਹੀ ਸਮੇਂ ਸਹੀ ਮਾਤਰਾ ਵਿੱਚ ਲਿਆ ਜਾਵੇ ਅਤੇ ਨਾਲ ਕਸਰਤ ਕੀਤੀ ਜਾਵੇ ਤਾਂ ਸਾਡਾ ਸਰੀਰ ਬਿਮਾਰੀਆਂ ਤੋਂ ਰਹਿਤ ਰਹਿੰਦਾ ਹੈ। ਉਹਨਾਂ ਨੇ ਦੱਸਿਆ ਕਿ ਅਜੋਕੇ ਸਮੇਂ ਦੇ ਨੌਜਵਾਨ ਵਰਗ ਵਿੱਚ ਜਿਆਦਾਤਰ ਫਾਸਟ ਫੂਡ ਨੂੰ ਵਧੇਰੇ ਅਹਿਮੀਅਤ ਦਿੱਤੀ ਜਾਂਦੀ ਹੈ। ਜੋ ਕਿ ਸਾਡੇ ਸਰੀਰ ਲਈ ਨੁਕਸਾਨਦੇਹ ਹਨ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਕਿਹਾ ਕਿ ਘਰੇਲੂ ਭੋਜਨ ਨੂੰ ਵੱਧ ਤੋਂ ਵੱਧ ਅਹਿਮੀਅਤ ਦੇਣੀ ਚਾਹੀਦੀ ਹੈ ਕਿਉਂਕਿ ਉਹ ਭੋਜਨ ਪੋਸ਼ਕ ਤੱਤ ਭਰਪੂਰ ਅਤੇ ਸਾਫ ਸੁਥਰਾ ਹੁੰਦਾ ਹੈ। ਜਿਸ ਨਾਲ ਸਾਡੇ ਸਰੀਰ ਨੂੰ ਤਾਕਤ ਮਿਲਦੀ ਹੈ ਅਤੇ ਕਸਰਤ ਨਾਲ ਸੋਨੇ ’ਤੇ ਸੁਹਾਗੇ ਵਾਲੀ ਗੱਲ ਹੁੰਦੀ ਹੈ, ਭਾਵ ਕਸਰਤ ਨਾਲ ਸਾਡਾ ਸਰੀਰ ਰਿਸ਼ਟ-ਪੁਸ਼ਟ ਰਹਿੰਦਾ ਹੈ ਅਤੇ ਅਸੀਂ ਬਿਮਾਰੀਆਂ ਤੋਂ ਬਚੇ ਰਹਿੰਦੇ ਹਾਂ।

ਖਾਲਸਾ ਸਾਜਨਾ ਦਿਵਸ 'ਤੇ

# ਖਾਲਸਾਈ ਰੰਗ ਵਿੱਚ ਰੰਗਿਆ ਵੁਲਵਰਹੈਂਪਟਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ, ਪ੍ਰਬੰਧਕਾਂ ਵੱਲੋਂ ਵੱਡੀ ਗਿਣਤੀ 'ਚ ਪਹੁੰਚੀ ਸਮੂਹ ਸੰਗਤ ਦਾ ਧੰਨਵਾਦ














ਵੁਲਵਰਹੈਂਪਟਨ, 5 ਮਈ (ਆਵਾਜ਼ਿ ਕੌਮ ਬਿਊਰੋ)- ਗੁਰਦੁਆਰਾ ਕੌਂਸ਼ਲ ਵੁਲਵਰਹੈਂਪਟਨ ਵੱਲੋ ਮਹਾਨ ਨਗਰ ਕੀਰਤਨ ਗੁਰੂ ਨਾਨਕ ਸੰਤਸੰਗ ਗੁਰਦੁਆਰਾ ਕੈਨਕ ਰੋਡ ਤੋ ਆਰੰਭ ਹੋ ਕੇ ਟਾਊਨ ਸੈਟਰ ਤੋ ਡੱਡਲੀ ਰੋਡ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜਲੀ ਸਰਟੀਟ, ਭਗਤ ਰਵਿਦਾਸ ਜੀ ਟੈਂਪਲ,ਗੁਰੂ ਤੇਗ ਬਹਾਦਰ ਸਾਹਿਬ ਗੁਰਦੁਆਰਾ ਗੁਰੂ ਨਾਨਕ ਗੁਰਦੁਆਰਾ ਲੀਅ ਰੋਡ, ਨਾਨਕਸਰ ਠਾਠ ਰਾਮਗੜੀਆ ਗੁਰਦੁਆਰਾ ਸਾਹਿਬ ਤੋ ਹੁੰਦਾ ਹੋਇਆ ਵੈਸਟ ਪਾਰਕ ਵਿੱਚ ਅਰਦਾਸ ਉਪਰੰਤ ਸਮਾਪਤ ਹੋਇਆ ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ।




(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਖਾਲਸਾ ਸਾਜਨਾ ਦਿਵਸ ’ਤੇ

# ਖਾਲਸਾਈ ਰੰਗ ਵਿੱਚ ਰੰਗਿਆ ਵੁਲਵਰਹੈਂਪਟਨ

## ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਭਰੀ, ਪ੍ਰਬੰਧਕਾਂ ਵੱਲੋਂ ਵੱਡੀ ਗਿਣਤੀ ’ਚ ਪਹੁੰਚੀ ਸਮੂਹ ਸੰਗਤ ਦਾ ਧੰਨਵਾਦ
















ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਕੌਮ ਦੇ ਮਹਾਨ ਜਰਨੈਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ

**ਸਿੱਖ ਕੌਮ** ਦੇ ਮਹਾਨ ਜਰਨੈਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ 5 ਮਈ 1723 ਨੂੰ ਪਿਤਾ ਭਗਵਾਨ ਦਾਸ ਜੀ, ਮਾਤਾ ਗੰਗਾ ਜੀ ਦੇ ਕੁੱਖੋਂ ਪਿੰਡ ਈਚੋਗਿਲ ਪਾਕਿਸਤਾਨ ਵਿਖੇ ਹੋਇਆ। ਪੰਜ ਭਰਾਵਾਂ ਵਿੱਚੋਂ ਮਹਾਰਾਜਾ ਸ. ਜੱਸਾ ਸਿੰਘ ਸਭ ਤੋਂ ਵੱਡੇ ਸਨ।

ਭਾਈ ਕਾਨ੍ਹ ਸਿੰਘ ਨਾਭਾ ਮਹਾਨ ਕੋਸ਼ ਵਿੱਚ ਲਿਖਦੇ ਹਨ ਕਿ "ਗਿਆਨੀ ਭਗਵਾਨ ਸਿੰਘ ਦਾ ਸਪੁੱਤਰ ਸ਼ਸਤਰ ਵਿਦਿਆ ਦਾ ਧਨੀ ਅਤੇ ਵੱਡਾ ਹਿੰਮਤੀ ਸੀ, ਇਹ ਗੁਰਬਾਣੀ ਦਾ ਪ੍ਰੇਮੀ, ਵਰਤਾ ਕੇ ਛਕਣ ਵਾਲਾ ਅਤੇ ਨਿਡਰ ਯੋਧਾ ਸੀ।÷

ਕੇ. ਐੱਸ. ਨਾਰੰਗ ਦੀ 'ਹਿਸਟਰੀ ਆਫ ਪੰਜਾਬ- 1526-1849' ਵਿੱਚ ਲਿਖਿਆ ਹੈ ਕਿ ਸ੍ਰ: ਜੱਸਾ ਸਿੰਘ ਰਾਮਗੜ੍ਹੀਆ ਦੇ ਵੱਡੇ-ਵਡੇਰੇ ਰਾਠੌਰ ਰਾਜਪੂਤਾਂ ਦੀ ਬੰਸਾਵਲੀ, ਰਾਜਪੂਤਾਂ ਅਤੇ ਕਨੌਜ ਦੇ ਮਾਲਕਾਂ ਨਾਲ ਮਿਲਦੀ ਹੈ ਅਤੇ ਇਹ ਉਨ੍ਹਾਂ ਵਿਚੋਂ ਹੀ ਸਨ।

ਘਰ ਵਿੱਚ ਹੀ ਆਪ ਨੇ ਆਪਣੇ ਪਿਤਾ ਪਾਸੋਂ ਗੁਰਮੁੱਖੀ ਸਿੱਖੀ।

ਸ. ਗੁਰਦਿਆਲ ਸਿੰਘ ਪੰਜਵੜ, ਹੱਥੋਂ ਆਪ ਨੇ ਪਾਹੁਲ ਲਈ ਸੀ।

ਜੱਸਾ ਸਿੰਘ ਦਾ ਵਿਆਹ ਗੁਰਦਿਆਲ ਕੌਰ ਨਾਲ ਹੋਇਆ, ਜਿਸ ਦੀ ਕੁੱਖੋਂ ਦੋ ਪੁੱਤਰਾਂ ਜੋਧ ਸਿੰਘ ਤੇ ਵੀਰ ਸਿੰਘ ਨੇ ਜਨਮ ਲਿਆ।

ਆਪ ਜੀ ਦੇ ਦਾਦਾ ਜੀ ਸ. ਹਰਦਾਸ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਕੋਲ਼ ਹੀ ਰਹਿੰਦੇ ਰਹੇ ਹਨ ਤੇ ਯੁੱਧ ਦੇ ਹਥਿਆਰ ਬੰਦੂਕਾਂ, ਤਲਵਾਰਾਂ, ਭਾਲੇ ਆਦਿ ਬਣਾਉਂਦੇ ਹੁੰਦੇ ਸਨ, ਜਿੰਨ੍ਹਾਂ ਨੂੰ ਚਲਾਉਣ ਵਿੱਚ ਉਹ ਆਪ ਵੀ ਮਾਹਰ ਸਨ। ਗੁਰੂ ਜੀ ਕੋਲ਼ ਜੋ ਨਾਗਣੀ ਹੁੰਦੀ ਸੀ, ਉਹ ਸ. ਹਰਦਾਸ ਸਿੰਘ ਨੇ ਹੀ ਤਿਆਰ ਕੀਤੀ ਸੀ। ਉਨ੍ਹਾਂ ਨੂੰ ਗੁਰੂ ਜੀ ਦੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਫ਼ੌਜ ਵਿਚ ਸ਼ਾਮਲ ਹੋਣ ਦਾ ਮਾਣ ਮਿਲਿਆ ਸੀ।

1710 ਈ. ਵਿੱਚ ਉਹ ਦੋ ਹਜ਼ਾਰ ਸਿਪਾਹੀਆਂ ਨਾਲ ਬਜਵਾੜੇ ਵਿੱਚ ਦਲੇਰ ਖਾਂ ਨਾਲ ਲੜਦਿਆਂ ਸਖ਼ਤ ਜ਼ਖ਼ਮੀ ਹੋ ਗਏ ਅਤੇ ਬਾਅਦ ਵਿੱਚ ਉਨ੍ਹਾਂ ਦੀ ਮੌਤ ਹੋ ਗਈ। ਉਨ੍ਹਾਂ ਨੇ ਹੀ ਅਪਣੇ ਪੁੱਤਰ ਸ. ਭਗਵਾਨ ਸਿੰਘ ਨੂੰ ਹਥਿਆਰ ਬਣਾਉਣ ਅਤੇ ਚਲਾਉਣ ਦੀ ਕਲਾ ਸਿਖਾਈ, ਜੋ ਅੱਗੇ ਗਿਆਨੀ ਭਗਵਾਨ ਸਿੰਘ ਨੇ ਅਪਣੇ ਪੁੱਤਰ ਜੱਸਾ ਸਿੰਘ ਨੂੰ ਸਿਖਾਈ।

ਸ. ਭਗਵਾਨ ਸਿੰਘ ਬਾਅਦ ਵਿੱਚ 1738 ਈ. ਵਿੱਚ ਵਜ਼ੀਰਾਬਾਦ ਵਾਲੀ ਲੜਾਈ ( ਜੋ ਕਿ ਨਾਦਰ ਸ਼ਾਹ ਵਿਰੁੱਧ ਸੀ ) ਵਿੱਚ ਸਖ਼ਤ ਜ਼ਖ਼ਮੀ ਹੋ ਕੇ ਬਾਅਦ ਵਿੱਚ ਸ਼ਹੀਦੀ ਪਾ ਗਏ। ਇਸ ਲੜਾਈ ਮੌਕੇ ਜੱਸਾ ਸਿੰਘ ਦੀ ਉਮਰ 15 ਸਾਲ ਦੀ ਹੀ ਸੀ ਤੇ ਆਪ ਨੇ ਇਸ ਲੜਾਈ ਵਿੱਚ ਆਪਣੀ ਬਹਾਦਰੀ ਦਿਖਾਈ। ਇਸ ਤਰ੍ਹਾਂ ਦੇ ਮਾਹੌਲ ਵਿੱਚ ਸ. ਜੱਸਾ ਸਿੰਘ ਨੂੰ ਬਚਪਨ ਵਿੱਚ ਹੀ ਪਿਉ ਦਾਦੇ ਤੋਂ ਹੀ ਹਥਿਆਰ ਬਣਾਉਣੇ ਤੇ ਚਲਾਉਣੇ ਗੁੜ੍ਹਤੀ ਵਿੱਚ ਮਿਲ਼ੀ ਹੋਈ ਸੀ। ਵਜ਼ੀਰਾਬਾਦ ਵਾਲ਼ੀ ਲੜਾਈ ਵਿੱਚ ਸਰਦਾਰ ਜੱਸਾ ਸਿੰਘ ਦੀ ਬਹਾਦਰੀ ਤੋਂ ਪ੍ਰਭਾਵਿਤ ਹੋ ਕੇ ਜ਼ਕਰੀਆ ਖਾਨ ਨੇ ਆਪ ਨੂੰ ਪੰਜ ਪਿੰਡ (ਵੱਲਾ, ਵੇਰਕਾ, ਸੁਲਤਾਨਵਿੰਡ, ਤੁੰਗ ਤੇ ਚੱਬਾ) ਇਨਾਮ ਵਜੋਂ ਦਿੱਤੇ। ਜੋ ਕਿ ਬਾਅਦ ਵਿੱਚ ਆਪ ਨੇ ਆਪਣੇ ਭਰਾਵਾਂ ਵਿੱਚ ਹੀ ਵੰਡ ਦਿੱਤੇ।

ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਜ਼ਿੰਦਗੀ ਦੀਆਂ ਮਹਾਨ ਪ੍ਰਾਪਤੀਆਂ ਦਾ ਵੇਰਵਾ ਇੱਕ-ਦੋ ਪੰਨਿਆਂ ਵਿੱਚ ਸਮੇਟਿਆ ਨਹੀਂ ਜਾ ਸਕਦਾ, ਸਗੋਂ ਇਹ ਤਾਂ ਇਤਿਹਾਸ ਦੇ ਸੁਨਹਿਰੀ ਪੰਨਿਆਂ 'ਤੇ ਚਮਕਦਾ ਹੋਇਆ ਆਉਣ ਵਾਲੀਆਂ ਨਸਲਾਂ ਲਈ ਹਮੇਸ਼ਾ ਹੀ ਪ੍ਰੇਰਨਾ ਸਰੋਤ




ਬਣਿਆ ਰਹੇਗਾ।

ਅਕਤੂਬਰ 1748 ਈ. ਵਿੱਚ ਜਦੋਂ ਦਿਵਾਲੀ. ਦੇ ਮੌਕੇ 'ਤੇ ਅੰਮ੍ਰਿਤਸਰ ਵਿੱਚ ਸਰਬੱਤ ਖ਼ਾਲਸਾ ਜੁੜਿਆ, ਤਾਂ ਲਾਹੌਰ ਦੇ ਸੂਬੇਦਾਰ ਮੀਰ ਮੰਨੂ ਨੇ ਸਿੱਖਾਂ ਨੂੰ ਖਦੇੜਨ ਲਈ ਅੰਮ੍ਰਿਤਸਰ ਉੱਤੇ ਹਮਲਾ ਕਰ ਦਿੱਤਾ। ਬਹੁਤੇ ਸਿੱਖ ਨੇੜਲੇ ਜੰਗਲ ਵੱਲ ਖਿਸਕ ਗਏ ਪਰ ਲਗਭਗ 500 ਸਿੱਖਾਂ ਨੇ ਨਵੀਂ ਬਣੀ ਰਾਮ ਰੌਣੀ ਨਾਂ ਦੀ ਕੱਚੀ ਗੜ੍ਹੀ ਵਿੱਚ ਸ਼ਰਣ ਲੈ ਲਈ। ਮੁ.ਗਲ ਸੈਨਾ ਨੇ ਚਾਰ ਮਹੀਨੇ ਘੇਰਾ ਪਾਈ ਰੱਖਿਆ, ਜਿਸ ਵਿੱਚ ਲਗਭਗ ਦੋ ਸੌ ਸਿੰਘ ਸ਼ਹੀਦ ਹੋ ਗਏ। ਬਾਕੀ ਬਚੇ ਅੰਦਰਲਿਆਂ ਸਿੰਘਾਂ ਨੇ ਸ. ਜੱਸਾ ਸਿੰਘ ਨੂੰ ਮੱਦਦ ਲਈ ਕਿਹਾ। ਜੱਸਾ ਸਿੰਘ ਨੇ ਅਦੀਨਾ ਬੇਗ ਦੀ ਨੌਕਰੀ ਛੱਡ ਕੇ ਦੀਵਾਨ ਕੌੜਾ ਮੱਲ ਰਾਹੀਂ ਗੜ੍ਹੀ ਦਾ ਘੇਰਾ ਹਟਵਾਇਆ।

ਨਵੰਬਰ, 1753 ਈ. ਵਿੱਚ ਮੀਰ ਮੰਨੂ ਦੀ ਮੌਤ ਤੋਂ ਬਾਅਦ ਪੰਜਾਬ ਵਿੱਚ ਗੜਬੜੀ ਦਾ ਮਾਹੌਲ ਬਣ ਗਿਆ। 'ਰਾਮ ਰੌਣੀ' ਗੜ੍ਹੀ ਨੂੰ ਫਿਰ ਤੋਂ ਉਸਾਰਨ ਦਾ ਕੰਮ ਜੱਸਾ ਸਿੰਘ ਨੂੰ ਸੌਂਪਿਆ ਗਿਆ। ਆਪ ਨੇ ਗੜ੍ਹੀ ਦਾ ਨਿਰਮਾਣ ਕਰਾ ਕੇ ਉਸ ਦਾ ਨਾਂ 'ਰਾਮਗੜ੍ਹ' ਰੱਖਿਆ। ਉਸ ਤੋਂ ਬਾਅਦ ਹੀ 'ਰਾਮਗੜ੍ਹੀਆ' ਸ਼ਬਦ ਆਪ ਦੇ ਨਾਂ ਮਗਰ ਇੱਕ ਪਹਿਚਾਣ ਬਣਿਆ।

1759 ਵਿੱਚ ਅਬਦਾਲੀ ਨੇ ਪਾਣੀਪਤ ਵਿੱਚ ਮਰਾਠਿਆਂ ਨੂੰ ਹਰਾ ਕੇ ਦਿੱਲੀ ਵਿੱਚ ਬਹੁਤ ਬੁਰੀ ਤਰ੍ਹਾਂ ਲੁੱਟ ਮਚਾਈ। ਲੁੱਟ ਦੇ ਨਾਲ਼ -ਨਾਲ਼ ਉਹ ਦੋ ਹਜ਼ਾਰ ਹਿੰਦੂ ਲੜਕੀਆਂ ਨੂੰ ਵੀ ਨਾਲ ਲੈ ਕੇ ਕਾਬਲ ਵੱਲ ਚੱਲ ਪਿਆ। ਜੱਸਾ ਸਿੰਘ ਰਾਮਗੜ੍ਹੀਆ ਅਤੇ ਜੱਸਾ ਸਿੰਘ ਆਹਲੂਵਾਲੀਆ ਨੇ ਉਸ ਨੂੰ ਜਾ ਘੇਰਿਆ। ਉਸ ਤੋਂ ਲੁੱਟ ਦਾ ਮਾਲ ਖੋਹ ਕੇ ਅਤੇ ਲੜਕੀਆਂ ਨੂੰ ਛੁਡਵਾ ਕੇ ਉਨ੍ਹਾਂ ਦੇ ਘਰੋਂ ਘਰੀਂ ਪਹੁੰਚਾਇਆ।

ਸ.ਜੱਸਾ ਸਿੰਘ ਰਾਮਗੜ੍ਹੀਆ ਦੀ ਜ਼ਿੰਦਗੀ ਦੀ ਸਭ ਤੋਂ ਮਹੱਤਵਪੂਰਨ ਇਤਿਹਾਸਕ ਘਟਨਾ 11 ਮਾਰਚ, 1783 ਨਾਲ਼ ਜੁੜੀ ਹੋਈ ਹੈ।

1783 ਨੂੰ ਸਿੱਖ ਫੌਜਾਂ ਨੇ ਦਿੱਲੀ ਤੇ ਇੱਕ ਪਾਸਿਉਂ ਮਹਾਰਾਜਾ ਸ.ਜੱਸਾ ਸਿੰਘ ਰਾਮਗੜ੍ਹੀਆ ਆਪਣੀਆਂ ਫੌਜਾਂ ਨਾਲ਼ ਤੇ ਦੂਸਰੇ ਪਾਸੇ ਤੋਂ ਸ. ਜੱਸਾ ਸਿੰਘ ਆਹਲੂਵਾਲੀਆ ਤੇ ਸ.ਬਘੇਲ ਸਿੰਘ ਵੀ ਆਪਣੀਆਂ ਫੌਜਾਂ ਸਮੇਤ ਪਹੁੰਚ ਗਏ। ਸਾਰੀਆਂ ਸਿੱਖ ਫੌਜਾਂ 11 ਮਾਰਚ, 1783 ਨੂੰ ਦਿੱਲੀ ਦੇ ਲਾਲ ਕਿਲ੍ਹੇ ਵਿੱਚ ਦਾਖਲ ਹੋ ਕੇ ਕਿਲ੍ਹੇ 'ਤੇ ਕਬਜ਼ਾ ਕਰਕੇ ਦਿੱਲੀ ਦੀ ਹਿੱਕ ਉੱਤੇ ਕੇਸਰੀ ਨਿਸ਼ਾਨ ਸਾਹਿਬ ਲਹਿਰਾ ਕੇ ਸਿੱਖਾਂ ਦੀਆਂ ਜਿੱਤਾਂ ਦੇ ਝੰਡੇ ਗੱਡ ਦਿੱਤੇ।


ਇੱਕ ਹੋਰ ਮਹੱਤਵਪੂਰਨ ਘਟਨਾ ਦਾ ਜ਼ਿਕਰ ਕਰਨਾ ਵੀ ਇੱਥੇ ਜ਼ਰੂਰੀ ਹੈ। ਦਿੱਲੀ ਤੋਂ ਵਾਪਸ ਆਉਂਦਿਆਂ ਮੁ.ਗਲਾਂ ਦੇ ਤੋਪਖਾਨੇ ਦੀਆਂ ਚਾਰ ਬੰਦੂਕਾਂ ਤੇ ਮੁ.ਗਲਾਂ ਦੀ ਤਾਜਪੋਸ਼ੀ ਵਾਲੀ ਰੰਗ ਬਰੰਗੇ ਪੱਥਰ ਦੀ ਇੱਕ ਸੁੰਦਰ ਸਿੱਲ੍ਹ, ਜਿਸਨੂੰ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਆਪਣੇ ਨਾਲ਼ ਅੰਮ੍ਰਿਤਸਰ ਸਾਹਿਬ ਲੈ ਆਏ। ਇਹ 6 ਫੁੱਟ ਲੰਬੀ, 4 ਫੁੱਟ ਚੌੜੀ ਤੇ 9 ਇੰਚ ਮੋਟੀ ਸਿੱਲ ਇਸ ਸਮੇਂ ਰਾਮਗੜ੍ਹੀਏ ਬੁੰਗੇ ਵਿੱਚ ਪਈ ਹੈ। ਉਸ ਨੂੰ ਹੁਣ ਰਾਮਗੜ੍ਹੀਆ ਬੁੰਗੇ ਦੇ ਤੌਰ ਉਤੇ ਜਾਣਿਆ ਜਾਂਦਾ ਹੈ।

ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਦੀ ਤੇ ਉਹਨਾਂ ਦੀ ਮਿਸਲ ਤੋਂ ਵਿਦੇਸ਼ੀ ਵਿਦਵਾਨ ਵੀ ਪ੍ਰਭਾਵਿਤ ਹੋਏ। ਉਨ੍ਹਾਂ ਨੇ ਵੀ ਇਸ ਬਾਰੇ ਲਿਖਿਆ। 'ਜੇ.ਡੀ. ਕੰਨਿਘਮ' ਲਿਖਦਾ ਹੈ ਕਿ ਮਾਝੇ ਵਿੱਚ ਪਹਿਲੋਂ ਤਾਕਤ ਫੜਨ ਵਾਲੇ ਰਾਮਗੜ੍ਹੀਏ ਸਨ। 'ਸਰ ਲੈਪਲ ਗਰਿਫ਼ਨ' ਲਿਖਦਾ ਹੈ ਕਿ ਸਿੱਖ ਮਿਸਲਾਂ 'ਚੋਂ ਰਾਮਗੜ੍ਹੀਆ ਮਿਸਲ ਸਭ ਤੋਂ ਤਾਕਤ ਵਾਲੀ ਸੀ।÷

8 ਅਗਸਤ 1803 ਨੂੰ ਜੱਸਾ ਸਿੰਘ ਰਾਮਗੜੀਆ 80 ਸਾਲ ਦੀ ਉਮਰ ਹੰਢਾਉਂਦਿਆਂ ਆਪਣੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਖੇ ਸਵਰਗਵਾਸ ਹੋ ਗਏ।

ਅੱਜ ਦੇ ਸਮੇਂ ਦੀ ਇਹ ਬਹੁਤ ਵੱਡੀ ਲੋੜ ਹੈ ਕਿ ਪੰਜਾਬ ਦੀ ਧਰਤੀ ਦੇ ਜਾਏ ਮਹਾਨ ਯੋਧਿਆਂ ਦੀਆਂ ਸਿੱਖੀ ਸਿਧਾਂਤਾਂ 'ਤੇ ਚੱਲਦਿਆਂ ਪਾਈਆਂ ਪੈੜਾਂ ਦੇ ਨਿਸ਼ਾਨ ਪਛਾਣੀਏ ਤੇ ਕੋਸ਼ਸ਼ ਕਰੀਏ ਕਿ ਜ਼ਿਆਦਾ ਨਹੀਂ ਤਾਂ ਥੋੜ੍ਹਾ ਹੀ ਸਹੀ ਕੁਝ ਤਾਂ ਉਹਨਾਂ ਦੀ ਜ਼ਿੰਦਗੀ ਤੋਂ ਪ੍ਰੇਰਨਾ ਲੈਕੇ ਅੱਗੇ ਆਉਣ ਵਾਲ਼ੀ ਪੀੜ੍ਹੀ ਦੇ ਹਿੱਸੇ ਆਪਣੇ ਇਤਿਹਾਸ ਦੀਆਂ ਮਹਾਨ ਪ੍ਰਾਪਤੀਆਂ ਦਾ ਮਾਣ ਝੋਲੀ ਪਾਕੇ ਜਾਈਏ।

**-ਸ.ਸੁਖਚੈਨ ਸਿੰਘ ਕੁਰੜ**
**(ਪੰਜਾਬੀ ਅਧਿਆਪਕ ਤੇ ਭਾਸ਼ਾ ਮੰਚ ਸਰਪ੍ਰਸਤ)**
**ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੂੰਮ ( ਬਰਨਾਲਾ )**



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤਾਂ ਦੇ ਜਨਮ ਦਿਹਾੜੇ ’ਤੇ 2 ਜੂਨ ਨੂੰ ਪਿੰਡ ਰੋਡੇ ਵਿਖੇ

# ਪ੍ਰਬੰਧਾਂ ਨੂੰ ਲੈ ਕੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਅਹਿਮ ਮੀਟਿੰਗ

### ਦੇਸ਼-ਵਿਦੇਸ਼ ਦੀ ਸੰਗਤ ਨੂੰ ਬੇਨਤੀ ਹੈ ਕਿ ਵੱਡੀ ਗਿਣਤੀ ਵਿਚ ਇਸ ਸਮਾਗਮ ਵਿਚ ਸ਼ਮੂਲੀਅਤ ਕੀਤੀ ਜਾਵੇ : ਸਿੰਘ ਸਾਹਿਬ

**ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)**-ਇੰਟਰਨੈਸ਼ਨਲ ਪੰਥਕ ਦਲ ਵੱਲੋਂ ਲੰਗਰ ਦੀ ਸੇਵਾ ਵਾਸਤੇ ਜੋ ਹਰ ਮਹੀਨੇ ਹਾਜ਼ਰੀ ਭਰੀ ਜਾਂਦੀ ਹੈ ਅਤੇ ਨਾਲ ਹੀ ਸਾਰੇ ਦਲ ਦੀ ਮੀਟਿੰਗ ਕੀਤੀ ਜਾਂਦੀ ਹੈ ਅੱਜ ਇਸ ਸਬੰਧੀ ਇਥੇ ਅਹਿਮ ਮੀਟਿੰਗ ਹੋਈ ਜਿਸ ਸਬੰਧੀ ਗੰਭੀਰ ਵਿਚਾਰਾਂ ਹੋਈਆਂ। ਇਸ ਦੌਰਾਨ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ  ਨੇ ਸੰਬੋਧਨ ਕਰਦਿਆਂ ਕਿਹਾ ਕਿ 20ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ 2 ਜੂਨ ਨੂੰ ਸੰਤਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿਚ ਦੇਸ਼-ਵਿਦੇਸ਼ ਤੋਂ ਵੱਡੇ ਪੱਧਰ ’ਤੇ ਸੰਗਤ ਹਰ ਸਾਲ ਸ਼ਾਮਿਲ ਹੁੰਦੀ ਹੈ।ਉਨ੍ਹਾਂ ਕਿਹਾ ਕਿ ਇਸ ਵਾਰ ਜਥੇਬੰਦੀ ਦੇ ਪ੍ਰਧਾਨ ਹਰਚੰਦ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਚੱਕਰ ਜੋ ਵਿਦੇਸ਼ ਦੌਰੇ ’ਤੇ ਹਨ, ਉਨ੍ਹਾਂ ਨੂੰ ਹਾਲੇ ਵਿਦੇਸ਼ ਵਿਚ ਕੁਝ ਸਮਾਂ ਹੋਰ ਲੱਗਣਾ ਹੈ, ਇਸ ਵਾਸਤੇ ਜਥੇਬੰਦੀ ਨੇ ਸਮੁੱਚੇ ਰੂਪ ਵਿਚ ਉਨ੍ਹਾਂ ਦੀ ਥਾਂ ਜਥੇਦਾਰ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ  ਨੂੰ ਸੇਵਾ ਦਿੱਤੀ ਗਈ ਹੈ, ਜੋ ਉਨ੍ਹਾਂ ਦੀ ਥਾਂ ਇਹ ਸੇਵਾ ਕਾਰਜਕਾਰੀ ਪ੍ਰਧਾਨ ਵਜੋਂ ਨਿਭਾਉਣਗੇ। ਸਿੰਘ ਸਾਹਿਬ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਜੋ 2 ਜੂਨ ਨੂੰ ਵੱਡੀ ਪੱਧਰ ’ਤੇ ਮਨਾਇਆ ਜਾ ਰਿਹਾ ਹੈ, ਇਸ ਸਬੰਧ ਵਿਚ ਦੇਸ਼-ਵਿਦੇਸ਼ ਦੀ ਸੰਗਤ ਨੂੰ ਬੇਨਤੀ ਹੈ ਕਿ ਵੱਡੀ ਗਿਣਤੀ ਵਿਚ ਇਸ ਸਮਾਗਮ ਵਿਚ ਸ਼ਮੂਲੀਅਤ ਕੀਤੀ ਜਾਵੇ। ਅੱਜ ਦੀ ਮੀਟਿੰਗ ਵਿਚ ਇਹ ਮਾਮਲਾ ਵਿਚਾਰਿਆ ਗਿਆ ਕਿ ਇਸ ਮੌਕੇ ਕਿਵੇਂ ਸਾਰੇ ਪ੍ਰਬੰਧ ਕਰਨੇ ਹਨ, ਕਿਵੇਂ ਸੰਗਤ ਨੂੰ ਸਮਾਗਮ ਵਾਲੀ ਥਾਂ ’ਤੇ ਲਿਆਉਣਾ ਹੈ। ਇਸ ਸਬੰਧ ਵਿਚ ਵੱਖੋ-ਵੱਖਰੀਆਂ ਤਿਆਰੀਆਂ ਅਤੇ ਡਿਊਟੀਆਂ ਲਗਾਈਆਂ ਗਈਆਂ ਹਨ, ਜਿਸ ਵਿਚ ਸਾਰੇ ਇੰਟਰਨੈਸ਼ਨਲ ਪੰਥਕ ਦਲ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਡਿਊਟੀਆਂ ਨਿਭਾਉਣੀਆਂ ਹਨ।



ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਹੈ ਕਿ ਆਪੋ-ਆਪਣੇ ਰਿਸ਼ਤੇਦਾਰਾਂ ਅਤੇ ਸੱਜਣਾਂ ਮਿੱਤਰਾਂ ਅਤੇ ਸੰਗਤਾਂ ਨੂੰ ਸੁਨੇਹਾ ਲਾਓ ਕਿ ਸੰਤਾਂ ਦਾ ਜਨਮ ਦਿਹਾੜਾ ਜੋ ਵੱਡੀ ਪੱਧਰ ’ਤੇ ਮਨਾਇਆ ਜਾਣਾ ਹੈ, ਉੱਥੇ ਸੰਗਤਾਂ ਜ਼ਰੂਰ ਹੁੰਮ ਹੁੰਮਾ ਕੇ ਪਹੁੰਚਣ। ਅੱਜ ਦੀ ਮੀਟਿੰਗ ਵਿਚ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਨਰਲ ਸਕੱਤਰ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਸਤਨਾਮ ਸਿੰਘ ਵੱਲੀਆਂ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਕਿਰਪਾ ਸਿੰਘ ਜੀ ਨੱਥੂਵਾਲਾ ਪ੍ਰਧਾਨ ਕਿਸਾਨ ਵਿੰਗ ਇੰਟਰਨੈਸ਼ਨਲ ਪੰਥਕ ਦਲ, ਭਾਈ ਵਜ਼ੀਰ ਸਿੰਘ ਜੀ ਵਾਂ ਪਿੰਡ ਵਾਲੇ, ਭਾਈ ਦਮਨਪ੍ਰੀਤ ਸਿੰਘ ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ, ਡਾ. ਗੋਮਾ ਸਿੰਘ ਜੀ ਜਨਰਲ ਸਕੱਤਰ ਕਿਸਾਨ ਵਿੰਗ, ਬਾਬਾ ਸੱਜਣ ਸਿੰਘ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਗੁਰਮੇਜ ਸਿੰਘ ਪ੍ਰਧਾਨ ਤਰਨਤਾਰਨ, ਭੈਣੀ ਮੱਸਾ ਸਿੰਘ, ਜਥੇਦਾਰ ਕੁਲਦੀਪ ਸਿੰਘ ਡੱਲਾ, ਜਗਰਾਵਾਂ, ਜਥੇਦਾਰ ਸਵਰਨਜੀਤ ਸਿੰਘ ਤਰਨ ਦਲ, ਜਥੇਦਾਰ ਜੋਗਿੰਦਰ ਸਿੰਘ ਫਿਰੋਜ਼ਪੁਰ, ਜਥੇਦਾਰ ਹਰਕਿਸ਼ਨ ਸਿੰਘ ਜਗਰਾਵਾਂ ਅਤੇ ਜਥੇਦਾਰ ਅਮਰਜੀਤ ਸਿੰਘ ਕੁਲਾਰਾਂ ਸੀਨੀਅਰ ਆਗੂ ਸ਼ਾਮਿਲ ਸਨ।

## ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਵੱਲੋਂ

# ਸਿੱਖ ਸੰਗਤ ਤੇ ਪੰਜਾਬੀਆਂ ਨੂੰ ਖ਼ਬਰਦਾਰੀ ਨੋਟਿਸ



ਸ਼੍ਰੋਮਣੀ ਅਕਾਲੀ ਦਲ ਅੰਮ੍ਰਿਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਨੇ ਸਪੱਸ਼ਟ ਕੀਤਾ ਕਿ ਉਹਨਾਂ ਦੀ ਪਾਰਟੀ ਨੇ ਵਿਦੇਸ਼ਾਂ ਵਿਚੋਂ ਫੰਡ ਮੰਗਵਾਉਣ ਲਈ ਕੋਈ ਵੀ ਬੈਂਕ ਅਕਾਊਂਟ ਨਹੀਂ ਜਾਰੀ ਕੀਤਾ।ਮੇਰੇ ਵਲੋਂ ਇਕ ਲਿਖੀ ਗਈ ਚਿਠੀ ਦੇ ਥੱਲੇ ਇਕ ਬੈਂਕ ਅਕਾਊਂਟ ਦੀ ਡਿਟੇਲ ਦੇ ਕੇ ਕੁਜ  ਸਰਾਰਤੀ ਅਨਸਰਾਂ ਵਲੋਂ ਇਹ ਚਿਠੀ ਲੋਕਾਂ ਨੂੰ ਭੇਜੀ ਗਈ ਹੈ ਜਿਸ ਵਿਚ ਪੈਸੇ ਦੀ ਮੰਗ ਕੀਤੀ ਗਈ ਹੈ ਇਹ ਇਕ ਬੋਹਤ ਹੀ ਭੈੜੀ ਕਾਰਵਾਈ ਹੈ ਅਸੀਂ ਇਸ ਦੀ ਨਿੰਦਾ ਕਰਦੇ ਹਾਂ :

ਆਵਾਜ਼ਿ ਕੌਮ AWAZE QAUM International Newspaper & WEB TV

ਉਹਨਾਂ ਨੇ ਇਹ ਵੀ ਕਿਹਾ ਕੇ ਇੰਗਲੈਂਡ ਵਿਚ ਕੁਝ ਕੇ ਤੱਥਾਂ ਨੇ ਅਤੇ ਉਸ ਦੇ ਸਾਥੀਆਂ ਵਲੋਂ ਸ਼ਿਰੋਮਣੀ ਅਕਾਲੀਦਲ ਅੰਮ੍ਰਿਤਸਰ ਯੂ ਕੇ ਪਾਰਟੀ ਦੇ ਨਾਮ ਉਪਰ ਬੈਂਕ  ਅਕਾਊਂਟ ਬਣਾਕੇ ਚੋਣਾਂ ਦੇ ਬਹਾਨੇ ਮਾਇਆ ਇਕੱਤਰ ਕਰਨ ਉੱਤੇ ਕੀਤੀ। ਬੜੇ ਹੀ ਗੁੱਸੇ ਅਤੇ ਨਰਾਜ਼ਗੀ ਭਰੇ ਲਹਿਜ਼ੇ ਵਿਚ ਆਖਿਆ ਕਿ  ਉਹਨਾਂ ਨੂੰ ਬਿਨਾਂ ਪੁੱਛੇ ਹੀ ਪਾਰਟੀ ਦਾ ਨਾਮ ਅਤੇ ਪਾਰਟੀ ਦਾ ਲੋਗੋ ਰਜਿਸਟਰਡ ਕਰਵਾਇਆ ਹੈ। ਜੋ ਕਿ ਉਹਨਾਂ ਬਹੁਤ ਹੀ ਗਲਤ ਕਾਰਵਾਈ ਕੀਤੀ ਹੈ।ਇਹਨਾਂ ਨੇ  ਪਾਰਟੀ ਦਾ ਡਿਸਪਲਿਨ ਭੰਗ ਕੀਤਾ ਹੈ, ਜੋ ਕਿ  ਬਦਰਾਸ਼ਤ ਯੋਗ ਨਹੀਂ ਹੈ। ਸਿਰਦਾਰ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਉਹ ਪਹਿਲਾਂ ਵੀ ਸਪੱਸ਼ਟ ਕਰ ਚੁੱਕੇ ਹਨ ਕਿ ਇੰਗਲੈਂਡ ਵਿਚ ਪਾਰਟੀ ਦੇ ਚੈਅਰਮੈਨ ਸਰਦਾਰ ਗੁਰਦਿਆਲ ਸਿੰਘ ਅਟਵਾਲ ਹਨ ਤੇ ਉਹਨਾਂ ਨੂੰ ਪਾਰਟੀ ਦੇ ਨਾਮ ਹੇਠ ਕੋਈ ਵੀ ਫੈਂਸਲਾ ਲੈਣ ਦਾ ਅਧਿਕਾਰ ਹੈ ਪਰ ਉਕਤ ਸਾਰਾ ਕੁੱਝ ਸਰਦਾਰ ਅਟਵਾਲ ਦੀ ਜਾਣਕਾਰੀ ਬਗੈਰ ਕੀਤਾ ਗਿਆ ਹੈ ਜਿਸ ਦੀ ਅਸੀਂ ਸਖਤ ਤੇ ਕਰੜੇ  ਸ਼ਬਦਾਂ ਵਿਚ ਨਿਖੇਧੀ ਕਰਦੇ ਹਾਂ। ਇੰਗਲੈਂਡ ਵਸਦੀਆਂ ਸਿੱਖ ਸੰਗਤਾਂ ਨੂੰ ਬੇਨਤੀ ਹੈ ਇਹੋ ਜਹੇ ਹਮਰਾਜੀ ਅਨਸਰ ਉਸਦੇ ਸਾਥੀਆਂ ਦਾ ਸ਼ਰੋਮਣੀ ਅਕਾਲੀ ਦਲ ਅੰਮ੍ਰਿਸਰ ਨਾਲ ਕੋਈ ਵੀ ਸੰਬੰਧ ਨਹੀਂ ਹੈ। ਅਗੇ ਤੋਂ ਅਸੀਂ ਇਹ ਵੀ ਸਪੱਸਟ ਕਰਦੇ ਹਾਂ ਕੋਈ ਵੀ ਸਰਦਾਰ ਅਟਵਾਲ ਦੀ ਇਜਾਜਤ ਤੋਂ ਵਗੈਰ ਸ਼ਿਰੋਮਣੀ ਅਕਾਲੀਦਲ ਅੰਮ੍ਰਿਤਸਰ ਯੂ ਕੇ ਦਾ ਨਾਮ ਨਾ ਵਰਤੇ  ਅਕਾਲੀ ਦੱਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ 1984 ਦੇ ਘੱਲੂਘਾਰੇ ਤੋਂ ਬਾਦ  ਤੇ ਸਿੱਖ ਕੌਮ ਦੀ  ਪਿੜਤਾ ਤੋਂ ਇਸ ਦਾ ਜਨਮ  ਹੋਇਆਂ ਹੈ ਉਸ ਪਾਰਟੀ ਦੇ ਵਿੱਚ ਅਜਿਹੀ ਚੀਜ਼ ਕਿਸੇ ਵਲੋਂ ਵੀ ਕਰਨੀ ਉਹ ਸਫਲ ਨਹੀ ਹੋ ਸਕਦੀ ਸਿੱਖ ਕੌਮ ਨੂੰ ਇਸ ਦੀ ਦੁਰਵਰਤੋ ਕਰਕੇ ਫੇਦੇ ਨਹੀਂ ਲੈਣੇ ਚਾਹੀਦੇ ਇਹ ਚਿਠੀ ਦੀ ਕਾਪੀ ਅਸੀਂ ਬਰਤਾਨੀਆਂ ਦੀ ਸਕਾਟਲੈਂਡ ਯਾਰਡ ਨੂੰ ਵੀ ਭੇਜ ਰਹੇ ਹਾਂ ਤੇ ਓਹਨਾ ਨੂੰ ਬੇਨਤੀ ਕਰਦੇ ਹਾਂ ਕੇ ਜਿਹੜੇ  ਸਾਡੀ ਪਾਰਟੀ ਦੇ ਨਾਮ ਤੇ  ਬੈਂਕ ਖਾਤੇ ਬੰਦ ਕਿਤੇ ਜਾਣ ਤੇ ਇਹਨਾ ਦੀ ਤਪਤੀਸ਼ ਕੀਤੀ ਜਾਵੇ ਤੇ ਜਲਦੀ ਸਾਨੂੰ ਸਿੱਟਾ ਕੱਢ ਕੇ ਦਿੱਤਾ ਜਾਵੇ ਇਹਨਾ ਖੁਦਗਰਜੀ ਆਗੂਆਂ ਵੱਲੋਂ ਜੌ ਆਰਜੀ ਤੌਰ ਖਾਤੇ ਖੋਲ੍ਹੇ ਗਏ ਉਸ ਦੀ ਸੂਚੀ ਇਸ ਪ੍ਰਕਾਰ ਹੈ :-

SHIROMANI AKALI DAL AMRITSAR U.K.
LLOYDS BANK
ACC.NO.03167785
SORT CODE -30-92-59

**-ਗੁਰੂਘਰ ਤੇ ਪੰਥ ਦਾ ਦਾਸ**
**ਸ. ਸਿਮਰਨਜੀਤ ਸਿੰਘ ਮਾਨ**
**ਪ੍ਰਦਾਨ ਸ਼੍ਰੋਮਣੀ ਅਕਾਲੀ ਦੱਲ ਅੰਮ੍ਰਿਤਸਰ**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

6635 ਈਟੀਟੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਸ਼ੁਕਰਾਨਾ ਕਰਦੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਸ੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ ਆਰੰਭ ਕਰਵਾਇਆ ਗਿਆ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ














6635 ਈਟੀਟੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ ਸ਼ੁਕਰਾਨਾ ਕਰਦੇ ਹੋਏ ਸ੍ਰੀ ਅਖੰਡ ਪਾਠ ਸਾਹਿਬ ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਸ੍ਰੀ ਨਾਢਾ ਸਾਹਿਬ ਪੰਚਕੂਲਾ ਵਿਖੇ ਆਰੰਭ ਕਰਵਾਇਆ ਗਿਆ ਸੀ ਜਿਸ ਦੇ ਅੱਜ ਭੋਗ ਪਾਏ ਗਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ,ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ ਪੰਜਾਬ,ਸ.ਮੁਖਵਿੰਦਰ ਸਿੰਘ ਛੀਨਾ ਸਾਬਕਾ ਡੀਜੀਪੀ ਪੰਜਾਬ,ਸ. ਛਿੰਦਰਪਾਲ ਸਿੰਘ ਬਰਾੜ ਸਾਬਕਾ ਐਡੀਸ਼ਨਲ ਐਡਵੋਕੇਟ ਜਨਰਲ ਪੰਜਾਬ, ਬੀਬੀ ਹਰਪਾਲ ਕੌਰ ਦਲਿਤ ਆਗੂ,ਅਧਿਆਪਕਮਨਿੰਦਰਜੀਤਸਿੰਘ, ਸ.ਜਗਜੀਤ ਸਿੰਘ ਰਤਨਗੜ ਸਾਬਕਾ ਮੈਂਬਰ ਸ੍ਰੋਮਣੀ ਕਮੇਟੀ,ਸ.ਜਸਵੰਤ ਸਿੰਘ ਵਿੱਦਿਅਕ ਭਲਾਈ ਟਰਸੱਟ,ਰਾਗੀ ਭਾਈ ਗੁਰਪ੍ਰੀਤ ਸਿੰਘ ਚੀਕਾ ਨੇ ਹਾਜਰੀ ਭਰੀ,ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁਖ ਗ੍ਰੰਥੀ ਗੁਰਦੁਆਰਾ ਸ੍ਰੀ ਨਾਢਾ ਸਾਹਿਬ ਵੱਲੋਂ ਸਿਰਪਾਓ ਭੇਂਟ ਕਰਕੇ ਸਭ ਦਾ ਸਨਮਾਨ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ।

ਆਵਾਜ਼ਿ ਕੌਮ AWAZE QAUM International Newspaper & WEB TV

(ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ



## ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵਿਖੇ ਧੰਨ ਧੰਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਚੁਪਿਹਰਾ ਸਮਾਗਮ ਕਰਵਾਇਆ

### ਸੰਗਤਾਂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਲਾਹੇ ਪ੍ਰਾਪਤ ਕਰ ਰਹੀਆਂ ਹਨ : ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ

ਧੂਰੀ, 5 ਮਈ (ਰਣਜੀਤ ਸਿੰਘ ਪੇਧਨੀ)- ਪਿਛਲੇ ਲੰਮੇ ਸਮੇਂ ਤੋਂ ਪੰਜਾਬ ਅਤੇ ਦੇਸ਼ਾਂ ਵਿਦੇਸ਼ਾਂ ਦੀ ਧਰਤੀ ਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਸੰਗਤਾਂ ਨੂੰ ਜੋੜਨ ਦਾ ਵੱਡਾ ਉਪਰਾਲਾ ਕਰ ਰਹੇ ਸਿੱਖੀ ਦੇ ਪਸਾਰ ਅਤੇ ਪ੍ਰਚਾਰ ਦੀ ਲੜੀ ਨੂੰ ਅੱਗੇ ਤੋਰਦਿਆਂ ਹੋਇਆਂ ਸੰਤ ਬਾਬਾ ਮਨਪ੍ਰੀਤ ਸਿੰਘ ਜੀ ਅਲੀਪੁਰ ਖਾਲਸਾ ਵਾਲਿਆਂ ਵੱਲੋਂ ਧੰਨ ਧੰਨ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਚੁਪਿਹਰਾ ਸਮਾਗਮ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਪਿੰਡ ਅਲੀਪੁਰ ਖਾਲਸਾ ਵਿਖੇ ਹਰ ਐਤਵਾਰ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਲਾਹੇ ਪ੍ਰਾਪਤ ਕਰ ਰਹੀਆਂ ਹਨ । ਇਸੇ ਹੀ ਲੜੀ ਨੂੰ ਅੱਗੇ ਤੋਰਦਿਆਂ ਅੱਜ ਦੇ ਚੁਪਿਹਰਾ ਸਮਾਗਮ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸੰਤ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਵਾਲਿਆਂ ਨੇ ਕਿਹਾ ਹੈ ਕਿ ਇਹ ਸਮਾਗਮ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਦੇ ਨਾਲ ਕਰਵਾਏ ਜਾ ਰਹੇ ਹਨ। ਜਿਸ ਵਿੱਚ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਨਾਨਕ ਨਾਮ ਲੇਵਾਂ ਸੰਗਤਾਂ ਦਾ ਵੀ ਭਰਪੂਰ ਸਹਿਯੋਗ ਮਿਲ ਰਿਹਾ ਹੈ। ਚੁਪਿਹਰਾ ਸਮਾਗਮ ਦੀ ਲੜੀ ਇਸੇ ਤਰ੍ਹਾਂ ਹੀ ਚੱਲਦੀ ਰਹੇਗੀ ਸੰਗਤਾਂ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਦੀਆਂ ਰਹਿਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਮਾਨ ਸਰਕਾਰ ਤੋਂ ਖੁਸ਼ ਲੋਕ ਵੱਡੀ ਗਿਣਤੀ 'ਚ ਆਪ ਦੇ 'ਚ ਸ਼ਾਮਿਲ ਹੋ ਰਹੇ ਹਨ: ਪ੍ਰੋ. ਓਂਕਾਰ ਸਿੰਘ ਸਿੱਧੂ



ਧੂਰੀ, 5 ਮਈ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਆਪ ਮੁਹਾਰੇ ਲੋਕ ਵੱਡੀ ਗਿਣਤੀ ਵਿੱਚ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਇਸੇ ਹੀ ਤਹਿਤ ਪਿੰਡ ਭੋਜਵਾਲੀ ਵਿਖੇ ਅਮਰੀਕ ਸਿੰਘ ਸੋਹੀ ਚੇਅਰਮੈਨ ਵੇਰਕਾ ਮਿਲਕ ਪਲਾਂਟ ਸੰਗਰੂਰ ਦੀ ਅਗਵਾਈ ਹੇਠ ਵੱਖ-ਵੱਖ ਪਾਰਟੀਆਂ ਛੱਡ ਕੇ ਸੁਖਦੀਪ ਸਿੰਘ ਸੋਹੀ,ਜਤਿੰਦਰ ਸਿੰਘ ਪੰਚ,ਸੁਖਦੇਵ ਸਿੰਘ ਸਾਬਕਾ ਸਰਪੰਚ, ਬਲਦੇਵ ਸਿੰਘ ਸਾਬਕਾ ਪ੍ਰਧਾਨ ਕੋਆਪ੍ਰੇਟਿਵ ਸੋਸਾਇਟੀ, ਚਰਨ ਸਿੰਘ, ਲਵਪ੍ਰੀਤ ਸਿੰਘ, ਗੁਰਦਰਸਨ ਸਿੰਘ ਕੁਲਦੀਪ ਸਿੰਘ, ਸੁਖਦੇਵ ਸਿੰਘ, ਸੁਖਪਾਲ ਸਿੰਘ ਸਾਬਕਾ ਪੰਚ, ਅਵਤਾਰ ਸਿੰਘ ਭੋਲਾ ਆਪ 'ਚ ਸਾਮਲ ਹੋਏ। ਪਾਰਟੀ ਚ ਸਾਮਿਲ ਆਗੂਆਂ ਨੂੰ ਜੀ ਆਇਆ ਨੂੰ ਕਹਿਣ ਲਈ ਵਿਸ਼ੇਸ਼ ਤੌਰ ਤੇ ਪਹੁੰਚੇ ਪ੍ਰੋਫੈਸਰ ਓੁਂਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਚੋਂ ਆਏ ਆਗੂਆਂ ਦਾ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਆਪ ਦੇ ਉਮੀਦਵਾਰ ਗੁਰਮੀਤ ਸਿੰਘ ਮੀਤ ਹੇਅਰ ਦੀ ਜਿੱਤ ਨੂੰ ਯਕੀਨੀ ਬਣਾਉਣ ਦੇ ਲਈ ਅਸੀਂ ਪਿੰਡਾਂ ਦੇ ਵਿੱਚ ਜਾ ਰਹੇ ਹਾਂ, ਪਿੰਡਾਂ ਦੇ ਵਿੱਚੋਂ ਬਹੁਤ ਚੰਗਾ ਹੁੰਗਾਰਾ ਮਿਲ ਰਿਹਾ ਹੈ। ਪਿੰਡਾਂ ਦੇ ਲੋਕ ਆਪ ਮੁਹਾਰੇ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਉਨਾਂ ਦੇ ਨਾਲ ਆਪ ਦੇ ਬਲਾਕ ਪ੍ਰਧਾਨ ਤੀਰਥ ਸਿੰਘ ਗਿੱਲ, ਆਪ ਦੇ ਨੌਜਵਾਨ ਆਗੂ, ਸਮਾਜ ਸੇਵੀ ਜਗਸੀਰ ਸਿੰਘ ਜੱਗਾ, ਆਪ ਆਗੂ ਗੁਰਵਿੰਦਰ ਸਿੰਘ ਭੋਜਵਾਲੀ, ਆਪ ਆਗੂ ਦਾਰਾ ਸਿੰਘ ਭੋਜੋਵਾਲੀ,ਸੁਰਜੀਤ ਸਿੰਘ,ਜਸਵਿੰਦਰ ਸਿੰਘ ਸਮੇਤ ਆਪ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਆਰਮੀ ਡਿਊਟੀ ਦੌਰਾਨ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦੌਲਤ ਸੂਬੇਦਾਰ ਕੈਪਟਨ ਸਿੰਘ ਨੂੰ ਕੀਤਾ ਸਨਮਾਨਿਤ

ਚੌਕ ਮਹਿਤਾ, 5 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ) -ਦੇਸ਼ ਦੀ ਖਾਤਰ ਭਾਰਤੀ ਫੌਜ ਵਿੱਚ ਡਿਊਟੀ ਦੌਰਾਨ ਵੱਖ-ਵੱਖ ਮੋਰਚਿਆਂ ਤੇ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਹੋਏ ਸੂਬੇਦਾਰ ਕੈਪਟਨ ਸਿੰਘ ਆਪਣੀ ਰੈਜਮੈਂਟ ਦੇ ਚਹੇਤੇ ਬਣ ਗਏ ਤੇ ਹਰ ਇੱਕ ਨਾਲ ਡਿਊਟੀ ਦੌਰਾਨ ਤੇ ਡਿਊਟੀ ਤੋਂ ਬਾਅਦ ਵੀ ਉਹ ਬੜੇ ਪਿਆਰ ਸਤਿਕਾਰ ਨਾਲ ਪੇਸ਼ ਆਉਂਦੇ ਰਹੇ ਤੇ ਭਾਵੇਂ ਜੰਗ ਦਾ ਮੈਦਾਨ ਹੋਵੇ ਜਾਂ ਦੇਸ਼ ਲਈ ਕਿਤੇ ਵੀ ਉਹਨਾਂ ਨੂੰ ਡਿਊਟੀ ਕਰਨ ਦਾ ਮੌਕਾ ਮਿਲਿਆ ਤਾਂ ਉਹਨਾਂ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਈ। ਅਖੀਰ ਵਿੱਚ ਫੌਜ ਵੱਲੋਂ ਉਹਨਾਂ ਨੂੰ ਰਟਾਇਰਮੈਂਟ ਦਿੰਦੇ ਹੋਏ ਸ਼ਾਨਦਾਰ ਵਿਦਾਇਗੀ ਦਿੱਤੀ ਗਈ। ਰਿਟਾਇਰਮੈਂਟ ਹੋਣ ਤੋਂ ਬਾਅਦ ਸੂਬੇਦਾਰ ਕੈਪਟਨ ਸਿੰਘ ਗੰਡੀਵਿੰਡ ਨੂੰ ਰੇਲਵੇ ਸਟੇਸ਼ਨ ਅੰਮ੍ਰਿਤਸਰ ਪਹੁੰਚਣ ਤੇ ਸਾਬਕਾ ਸੂਬੇਦਾਰ ਮੇਜਰ ਸਲਵਿੰਦਰ ਸਿੰਘ, ਸਾਬਕਾ ਸੂਬੇਦਾਰ ਰਾਜਪਾਲ ਸਿੰਘ, ਸੁਰਜਨ ਸਿੰਘ ਫੌਜੀ ਖਾਨਕੋਟ ਟ੍ਰੈਫਿਕ ਮਾਰਸ਼ਲ ਅੰਮ੍ਰਿਤਸਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਕੀਤਾ ਗਿਆ। ਨਾਲ ਹੋਲਦਾਰ ਯਾਦਵਿੰਦਰ ਸਿੰਘ ਵੀ 15 ਸਿੱਖ ਲਾਈ ਵਿੱਚੋਂ ਰਿਟਾਇਰਮੈਂਟ ਹੋਕੇ ਆਇਆ ਤੇ ਉਸਦਾ ਵੀ ਪੁਰਜੋਰ ਸਵਾਗਤ ਕੀਤਾ ਗਿਆ। ਇਸ ਮੌਕੇ ਹੋਲਦਾਰ ਬਲਜੀਤ ਸਿੰਘ ਤੇ ਕਰਨਬੀਰ ਸਿੰਘ ਆਦੀ ਮੌਜੂਦ ਸਨ।

### ਦਿਹਾਤੀ ਖੇਤਰ ਨਾਲ ਸੰਬੰਧਿਤ ਗਰੀਬ ਪਰਿਵਾਰਾਂ ਦੀਆਂ ਔਰਤਾਂ ਦੀ ਇਕ ਪ੍ਰਭਾਵਸ਼ਾਲੀ ਇਕੱਠ

## 4 ਜੂਨ ਤੋਂ ਬਾਅਦ ਅੱਥਰੂ ਸਾਡੇ ਨਹੀਂ ਨਸ਼ੇ ਦੇ ਧੰਦੇਬਾਜਾਂ ਅਤੇ ਸਾਥ ਦੇਣ ਵਾਲਿਆਂ ਦੇ ਨਿਕਲਣਗੇ: ਤਰਨਜੀਤ ਸੰਧੂ ਸਮੁੰਦਰੀ

**ਕਿਹਾ ਕਿ ਮੈਨੂੰ ਬਹੁਤ ਦੁਖ ਹੁੰਦਾ ਜਦੋਂ ਮੈ ਆਪਣੀਆਂ ਮਾਂਵਾਂ-ਭੈਣਾਂ ਨੂੰ ਮਿਲਦਾ ਹਾਂ, ਉਹ ਦੱਸਦੀਆਂ ਹਨ ਕਿ ਉਨ੍ਹਾਂ ਦੇ ਛੋਟੇ ਛੋਟੇ ਬੱਚੇ ਹਨ ਅਤੇ ਉਨ੍ਹਾਂ ਦੇ ਪਤੀ ਨਸ਼ਿਆਂ ਕਾਰਨ ਮੌਤ ਹੋ ਚੁੱਕੀ ਹੈ....**





ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)- ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਦਿਹਾਤੀ ਖੇਤਰ ਨਾਲ ਸੰਬੰਧਿਤ ਗ਼ਰੀਬ ਪਰਿਵਾਰਾਂ ਦੀਆਂ ਔਰਤਾਂ ਦੀ ਇਕ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦਿਆਂ ਪੂਰੀ ਦ੍ਰਿੜ੍ਹਤਾ ਅਤੇ ਗੰਭੀਰਤਾ ਨਾਲ ਕਿਹਾ ਕਿ 4 ਜੂਨ ਤੋਂ ਬਾਅਦ ਅੱਥਰੂ ਸਾਡੇ ਨਹੀਂ ਉਨ੍ਹਾਂ ਸਮਾਜ ਵਿਰੋਧੀ ਨਸ਼ੇ ਦੇ ਸੌਦਾਗਰਾਂ ਅਤੇ ਉਨ੍ਹਾਂ ਦਾ ਸਾਥ ਦੇਣ ਵਾਲਿਆਂ ਦੇ ਨਿਕਲਣਗੇ। ਇਸ ਦਾ ਪ੍ਰਗਟਾਵਾ ਸੰਧੂ ਸਮੁੰਦਰੀ ਨੇ ਉਸ ਵਕਤ ਕੀਤਾ ਜਦੋਂ ਪੇਂਡੂ ਔਰਤਾਂ ਵੱਲੋਂ ਨਸ਼ੇ ਨੂੰ ਲੈ ਕੇ ਜ਼ਿੰਦਗੀ ਦੀਆਂ ਤਲਖ਼ ਹਕੀਕਤਾਂ ਬਾਰੇ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਅੱਜ ਘਰਾਂ ਦੇ ਘਰ ਨਸ਼ਿਆਂ ਕਾਰਨ ਬਰਬਾਦ ਹੋ ਰਹੇ ਹਨ।ਨਸ਼ੇੜੀ ਮਰਦ ਅਤੇ ਬਚਿਆਂ ਨੂੰ ਦੇਖ ਕੇ ਬੜਾ ਦੁਖ ਹੁੰਦਾ ਹੈ। ਇਸ ਮੌਕੇ ਸੰਧੂ ਸਮੁੰਦਰੀ ਨੇ ਕਿਹਾ ਕਿ ਸਨਮਾਨ ਤੁਹਾਡਾ ਹੱਕ ਹੈ। ਹਰੇਕ ਦੀ ਜ਼ਿੰਦਗੀ 'ਚ ਮਾਂਵਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਮੇਰੀ ਮਾਂ ਵੀ ਦਿਹਾਤੀ ਤੋਂ ਆਉਂਦੀ ਸੀ। ਅਮਰੀਕਾ ਤੋਂ ਪੜ੍ਹ ਕੇ ਅੰਮ੍ਰਿਤਸਰ 'ਚ ਸੇਵਾ ਕੀਤੀ। ਉਸ ਨੇ ਹੀ ਮੈਨੂੰ ਪੜਾਇਆ ਅਤੇ ਮੈਂ ਦੇਸ਼ ਤੇ ਸਮਾਜ ਲਈ ਕੁਝ ਕਰ ਸਕਿਆ। ਉਨ੍ਹਾਂ ਔਰਤਾਂ ਨੂੰ ਆਪਣੇ ਬਚਿਆਂ ਨੂੰ ਚੰਗੀ ਸਿੱਖਿਆ ਦੇਣ ਲਈ ਕਿਹਾ। ਉਨ੍ਹਾਂ ਕਿਹਾ ਕਿ ਅਮਰੀਕੀ ਭਾਰਤੀ ਪ੍ਰਵਾਸੀਆਂ ਨੇ 830 ਕਰੋੜ ਦਾ ਪ੍ਰਬੰਧ ਕੀਤਾ ਹੈ, ਜਿਸ ਨਾਲ ਸਾਡੇ ਨੌਜਵਾਨਾਂ ਨੂੰ ਅਤੇ ਔਰਤਾਂ ਨੂੰ ਸਵੈ ਰੁਜ਼ਗਾਰ ਦੇਣ ਵਿਚ ਮਦਦ ਮਿਲੇਗੀ। ਤੁਸੀਂ ਸੁਸਾਇਟੀ ਬਣਾਓ, ਘਰੇਲੂ ਵਸਤਾਂ, ਪਾਪੜ ਵੜੀਆਂ, ਤੇ ਹੋਰ ਸਮਾਨ ਤਿਆਰ ਕਰੋ, ਲਾਗਤ ਦਾ ਪ੍ਰਬੰਧ ਅਸੀਂ ਕਰਾਂਗੇ। ਆਮਦਨੀ ਤੁਹਾਡੀ ਵਧੇਗੀ। ਇਸ ਤੋਂ ਇਲਾਵਾ ਕੇਂਦਰੀ ਸਕੀਮਾਂ ਅਤੇ ਪੈਸਾ ਤੁਹਾਡੇ ਕੋਲ ਸਿਧਾ ਪਹੁੰਚਾਇਆ ਜਾਵੇਗਾ। ਨੀਲੇ ਕਾਰਡ ਹੋਣ ਜਾਂ ਬੀਮਾ ਯੋਜਨਾ ਕਿਸੇ ਤਰਾਂ ਦੀ ਮੁਸ਼ਕਲ ਨਹੀਂ ਆਉਣ ਦਿਆਂਗਾ। ਮੇਰੇ ਦਰਵਾਜ਼ੇ ਤੁਹਾਡੇ ਲਈ ਹਮੇਸ਼ਾਂ ਖੁੱਲ੍ਹੇ ਹਨ। ਤੁਹਾਡੇ ਅਧਿਕਾਰ ਹਨ, ਕਿਸੇ ਨੂੰ ਫ਼ਿਕਰ ਕਰਨ ਦੀ ਲੋੜ ਨਹੀਂ। ਮੈ ਤੁਹਾਡੇ ਨਾਲ ਖੜ੍ਹਾ ਹਾਂ। ਉਨ੍ਹਾਂ ਕਿਹਾ ਕਿ ਕੇਂਦਰੀ ਏਜੰਸੀਆਂ ਚੋਣਾਂ ਤੋਂ ਬਾਅਦ ਸਰਗਰਮ ਹੋਣਗੀਆਂ। ਜੋ ਠੇਕੇਦਾਰ ਬਣੇ ਫਿਰਦੇ ਹਨ ਸਭ ਨੂੰ ਕਾਨੂੰਨ ਅਨੁਸਾਰ ਅੰਦਰ ਕੀਤੇ ਜਾਣਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਤਕਨਾਲੋਜੀ ਦੀ ਵਰਤੋਂ ਨਾਲ ਸਰਹੱਦ 'ਤੇ ਡਰੋਨ ਰਾਹੀਂ ਹੋ ਨਸ਼ਿਆਂ ਦੀ ਤਸਕਰੀ ਨੂੰ ਰੋਕਿਆ ਜਾਵੇਗਾ। ਉਨ੍ਹਾਂ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਜਿੰਨੀਆਂ ਵੀ ਸਰਕਾਰਾਂ ਆਈਆਂ, ਉਨ੍ਹਾਂ ਨੇ ਝੂਠੇ ਵਾਅਦੇ ਕੀਤੇ, ਸਾਡੀਆਂ ਪ੍ਰੇਸ਼ਾਨੀਆਂ ਘਟੀਆਂ ਨਹੀਂ। ਉਨ੍ਹਾਂ ਭਾਵਕ ਹੁੰਦਿਆਂ ਕਿਹਾ ਕਿ ਮੈਨੂੰ ਬਹੁਤ ਦੁਖ ਹੁੰਦਾ ਜਦੋਂ ਮੈ ਆਪਣੀਆਂ ਮਾਂਵਾਂ-ਭੈਣਾਂ ਨੂੰ ਮਿਲਦਾ ਹਾਂ, ਉਹ ਦੱਸਦੀਆਂ ਹਨ ਕਿ ਉਨ੍ਹਾਂ ਦੇ ਛੋਟੇ ਛੋਟੇ ਬੱਚੇ ਹਨ ਅਤੇ ਉਨ੍ਹਾਂ ਦੇ ਪਤੀ ਨਸ਼ਿਆਂ ਕਾਰਨ ਮੌਤ ਹੋ ਚੁੱਕੀ ਹੈ। ਉਹ ਆਪਣੇ ਬਚਿਆਂ ਲਈ ਵੀ ਚਿੰਤਤ ਹਨ। ਕਈ ਮਾਪੇ ਤਾਂ ਇਸ ਕਰਕੇ ਆਪਣੇ ਬਚਿਆਂ ਨੂੰ ਆਪਣੇ ਤੋਂ ਦੂਰ ਵਿਦੇਸ਼ ਭੇਜ ਰਹੇ ਹਨ ਤਾਂ ਕਿ ਉਹਨਾਂ ਨੂੰ ਨਸ਼ਿਆਂ ਤੋਂ ਬਚਾਇਆ ਜਾ ਸਕੇ। ਇਸ ਲਈ ਮੈਂ ਨਸ਼ਿਆਂ ਵਿਰੁੱਧ ਜੰਗ ਦਾ ਐਲਾਨ ਕਰਦਾ ਹਾਂ। ਤੁਹਾਡੇ ਨਾਲ ਵਾਅਦਾ ਕਰਦਾ ਹਾਂ ਕਿ ਸਭ ਤੋਂ ਪਹਿਲਾਂ ਅਸੀਂ ਸਰਹੱਦ ਤੋਂ ਹੋ ਰਹੀ ਤਸਕਰੀ ਨੂੰ ਕਈ ਤਰੀਕਿਆਂ ਨਾਲ ਰੋਕਾਂਗੇ, ਅਜਿਹੀਆਂ ਗਤੀਵਿਧੀਆਂ ਵਿੱਚ ਮਦਦ ਕਰਨ ਵਾਲਿਆਂ ਨੂੰ ਫੜਾਂਗੇ ਅਤੇ ਤੀਜਾ, ਅਸੀਂ ਸਹੀ ਇਲਾਜ ਲਈ ਵਿਦੇਸ਼ ਤੋਂ ਦਵਾਈਆਂ ਲਿਆ ਕੇ ਇੱਥੇ ਮੁਫ਼ਤ ਵੰਡਾਂਗੇ। ਇਸ ਤੋਂ ਬਾਅਦ 'ਮੇਕ ਇਨ ਇੰਡੀਆ' ਤਹਿਤ ਇਹ ਦਵਾਈਆਂ ਅੰਮ੍ਰਿਤਸਰ ਵਿਚ ਵੀ ਤਿਆਰ ਕਰਾਂਗੇ । ਇਸ ਕੰਮ ਵਿਚ ਸਾਡੇ ਭਾਈਚਾਰੇ ਦੇ ਬਹੁਤ ਸਾਰੇ ਲੋਕ ਜੋ ਅਮਰੀਕਾ ਬੈਠੇ ਹਨ, ਉਹ ਡਾਕਟਰ ਸਾਡੀ ਮਦਦ ਕਰਨ ਲਈ ਤਿਆਰ ਹਨ। ਸਭ ਤੋਂ ਵੱਡੀ ਗੱਲ ਇਹ ਹੈ ਕਿ ਅਸੀਂ ਨਸ਼ਾ ਕਰਨ ਵਾਲੇ ਬੱਚਿਆਂ ਨੂੰ ਸਮਾਜ ਵਿੱਚੋਂ ਬਾਹਰ ਨਹੀਂ ਕੱਢਾਂਗੇ। ਅਸੀਂ ਉਨ੍ਹਾਂ ਲਈ ਨੌਕਰੀਆਂ ਦਾ ਪ੍ਰਬੰਧ ਕਰਾਂਗੇ ਜੋ ਆਪਣਾ ਸਟਾਰਟ-ਅੱਪ ਖੋਲ੍ਹਣਾ ਚਾਹੁੰਦੇ ਹਨ ਉਨ੍ਹਾਂ ਨੂੰ ਪੈਸਾ ਲਿਆ ਕੇ ਦਿਆਂਗੇ। ਸਾਡੀ ਕੋਸ਼ਿਸ਼ ਰਹੇਗੀ ਕਿ ਇਨ੍ਹਾਂ ਬੱਚਿਆਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਸਨਮਾਨ ਜਨਕ ਜੀਵਨ ਦਾ ਮੁੜ ਅਵਸਰ ਮਿਲੇ। ਉਨ੍ਹਾਂ ਦੀ ਸਿੱਖਿਆ ਵਧੀਆ ਕਾਲਜਾਂ, ਵਧੀਆ ਯੂਨੀਵਰਸਿਟੀਆਂ ਵਿੱਚ ਹੋਣੀ ਚਾਹੀਦੀ ਹੈ। ਜਿਨ੍ਹਾਂ ਬਚਿਆਂ ਨੇ ਡਿਗਰੀ ਲੈਣ ਲਈ ਵਿਦੇਸ਼ ਜਾਣਾ ਹੈ, ਉਨ੍ਹਾਂ ਨੂੰ ਉਹ ਹੀ ਡਿੱਗਰੀਆਂ ਇੱਥੇ ਹੀ ਮਿਲਣ। ਅਸੀਂ ਬੱਚਿਆਂ ਨੂੰ ਵਜ਼ੀਫ਼ੇ ਵੀ ਦਿਵਾਵਾਂਗੇ। ਅਖੀਰ ਚ ਸੰਧੂ ਸਮੁੰਦਰੀ ਨੇ ਕਹਾ ਕਿ ਨਸ਼ਿਆਂ ਨਾਲ ਉੱਜੜੇ ਪਰਿਵਾਰਾਂ ਦੇ ਦਰਦ ਨੂੰ ਮੈਂ ਮਹਿਸੂਸ ਕਰ ਦਾ ਹਾਂ। ਇਲਾਜ ਨਸ਼ਿਆਂ ਦਾ ਖ਼ਾਤਮਾ ਹੈ। ਅਸੀਂ ਦ੍ਰਿੜ੍ਹਤਾ ਅਤੇ ਇੱਕਜੁੱਟਤਾ ਦੇ ਨਾਲ ਨਸ਼ਿਆਂ ਖਿਲਾਫ ਵਿਆਪਕ ਜੰਗ ਲੜਾਂਗੇ। ਜਿਸ ਵਿੱਚ ਅਸੀਂ ਸਾਰੇ ਬਿਨਾਂ ਸ਼ੱਕ ਜਿੱਤ ਕੇ ਰਹਾਂਗੇ। ਇਸ ਮੌਕੇ ਬਾਊ ਰਾਮ ਸ਼ਰਨ ਅਤੇ ਪ੍ਰਮੋਦ ਦੇਵਗਨ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮਾਤਾ ਗੁਜ਼ਰੀ ਜੀ ਸੋਸਾਇਟੀ ਦੀ ਅਹਿਮ ਬੈਠਕ ਹੋਈ, ਨਾਰੰਗ ਮੁੜ ਸਰਪ੍ਰਸਤ ਚੁਣੇ ਗਏ



ਚੌਕ ਮਹਿਤਾ, 5 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ ) - ਛੇਹਰਟਾ ਦੀ ਉਘੀ ਸਮਾਜ ਸੇਵੀਂ ਸੰਸਥਾ ਮਾਤਾ ਗੁਜ਼ਰੀ ਜੀ ਵੈਲਫੇਅਰ ਸੋਸਾਇਟੀ ਦੀ ਮੀਟਿੰਗ ਪ੍ਰਤਾਪ ਐਵਿਨਿਉ ਛੇਹਰਟਾ ਵਿਖੇ ਹੋਈ।ਜਿਸ ਵਿਚ ਸਰਬਸੰਮਤੀ ਨਾਲ ਹਰਿੰਦਰਪਾਲ ਸਿੰਘ ਨਾਰੰਗ ਨੂੰ ਮੁੜ 2 ਸਾਲ ਲਈ ਸੋਸਾਇਟੀ ਦਾ ਸੂਪ੍ਰਸਤ ਚੁਣਿਆ ਗਿਆ ਅਤੇ ਸੋਸਾਇਟੀ ਵਿੱਚ ਕੰਮ ਕਰਨ ਦੇ ਢੰਗ ਵਿੱਚ ਬਦਲਾਵ ਕਰਨ ਅਤੇ ਸੋਸਾਇਟੀ ਵੱਲੋਂ ਕਿਸ ਢੰਗ ਨਾਲ ਸਮਾਜ ਸੇਵੀ ਕਾਰਜ ਕਰਨੇ ਹਨ ਦੇ ਅਧਿਕਾਰ ਉਨ੍ਹਾ ਨੂੰ ਸੌਪੇ ਗਏ।ਸੋਸਾਇਟੀ ਦੇ ਮੈਂਬਰਾਂ ਨੇ ਇਕਜੁੱਟ ਹੋ ਕੇ ਕਿਹਾ ਕਿ ਹਰਿੰਦਰ ਨਾਰੰਗ ਅਪਣੇ ਢੰਗ ਨਾਲ ਸਮਾਜ ਸੇਵੀਂ ਕਾਰਜਾਂ ਦੀ ਰੂਪ ਰੇਖ ਤਿਆਰ ਕਰਨ, ਸੋਸਾਇਟੀ ਦੇ ਨਿਯਮਾਂ ਵਿੱਚ ਬਦਲਾਵ ਲਿਆਉਣ ਮੈਂਬਰ ਉਨ੍ਹਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਕਰਨਗੇ।ਇਸ ਮੌਕੇ ਨਾਰੰਗ ਤੋਂ ਇਲਾਵਾ ਗੁਰਮੀਤ ਸਿੰਘ ਬੌਬੀ ਨੂੰ ਸੋਸਾਇਟੀ ਦਾ ਪ੍ਰਧਾਨ,ਖਜਾਂਨਚੀ ਬਲਦੇਵ ਸਿੰਘ, ਸਕੂਲ ਵਿੰਗ ਦਾ ਇੰਚਾਰਜ ਗੋਬਿੰਦਪਾਲ ਸਿੰਘ, ਸਹਿ ਇੰਚਾਰਜ ਪਰਮਜੀਤ ਸਿੰਘ ਮਾਸਟਰ, ਮੈਂਬਰ ਅਨੁਰਾਧਾ ਗੁੜੀਆ,ਮੀਤ ਪ੍ਰਧਾਨ ਇਕਬਾਲ ਸਿੰਘ, ਲੰਗਰ ਇੰਚਾਰਜ ਮਲਕੀਅਤ ਸਿੰਘ, ਸੀਨੀਅਰ ਮੈਂਬਰ ਸੁਖਵਿੰਦਰਪਾਲ ਸਿੰਘ, ਸਰਬਜੀਤ ਸਿੰਘ ਹੈਰੀ ਅਤੇ ਮੁੱਖ ਸਲਾਹਕਾਰ ਕੰਵਲਜੀਤ ਸਿੰਘ ਵਾਲੀਆ ਨੂੰ ਚੁਣਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਖਾਂ ਦੀ ਆਵਾਜ਼ ਨੂੰ ਜਿਉਂਦਾ ਰੱਖਣ ਲਈ ਸੰਗਰੂਰ ਤੋਂ ਮਾਨ ਜਿਤਾਉਣਾ ਬਹੁਤ ਜਰੂਰੀ ਹੈ : ਆਗੂ ਮਾਨ ਦਲ



ਸ਼ੇਰਪੁਰ, 5 ਮਈ (ਰਣਜੀਤ ਸਿੰਘ ਪੇਧਨੀ)- ਇਸ ਵਾਰ ਸੰਗਰੂਰ ਦੇ ਲੋਕ ਦੁਬਾਰਾ ਸ, ਸਿਮਰਨਜੀਤ ਸਿੰਘ ਮਾਨ ਨੂੰ ਵੱਡੀ ਲੀਡਰਾਂ ਜਿਤਾਕੇ ਇਤਿਹਾਸ ਬਣਾਉਣਗੇ ਕਿਉਂਕਿ ਸ, ਸਿਮਰਨਜੀਤ ਸਿੰਘ ਮਾਨ ਹੀ ਹਨ ਜੋ ਸਿੱਖ ਕੌਮ ਦੇ ਲਈ ਪਿਛਲੇ ਲੰਮੇ ਸਮੇਂ ਤੋਂ ਸੰਘਰਸ਼ ਕਰਦੇਆ ਰਹੇ ਹਨ ਅਤੇ ਬੰਦੀ ਸਿੰਘਾਂ ਦੀ ਲੜਾਈ ਲੜਦੇ ਆ ਰਹੇ ਹਨ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਯੂਥ ਆਗੂ ਕਰਮਜੀਤ ਸਿੰਘ ਬਡਰੁੱਖਾ, ਅਕਾਸਦੀਪ ਵਿਰਕ ਭੈਵਾ, ਅਜੈਬ ਖਾਨ ਦੁੱਗਾਂ , ਸਰਬਜੀਤ ਸਿੰਘ ਵਿਰਕ ਸਮਾਣਾ ਨੇ ਸਾਂਝੇ ਤੌਰ ਤੇ ਕੀਤਾ। ਉਹਨਾਂ ਕਿਹਾ ਕਿ ਸਿਮਰਜੀਤ ਸਿੰਘ ਮਾਨ ਇੱਕੋ ਇੱਕ ਲੀਡਰ ਹਨ ਜਿਨ੍ਹਾਂ ਨੇ ਹਰ ਵਰਗ ਦੀ ਗੱਲ ਨੂੰ ਲੋਕ ਸਭਾ ਵਿੱਚ ਉਠਾ ਕੇ ਮਸਲੇ ਹੱਲ ਕਰਵਾਉਣ ਦੀ ਆਵਾਜ਼ ਬੁਲੰਦ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਸਿੱਖ ਨੌਜਵਾਨੀ ਨੂੰ ਹੁਣ ਤੱਕ ਦਾ ਸਭ ਤੋਂ ਵੱਧ ਨੁਕਸਾਨ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕੀਤਾ ਹੈ ਕਿਉਂਕਿ ਸਿੱਖ ਨੌਜਵਾਨ ਜਦੋਂ ਨਸ਼ੇ ਛੱਡ ਕੇ ਅੰਮ੍ਰਿਤ ਸੰਚਾਰ ਕਰਕੇ ਗੁਰੂ ਵਾਲੇ ਬਣ ਰਹੇ ਸਨ ਤਾਂ ਸਰਕਾਰ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਉਹਨਾਂ ਦੇ ਸਾਥੀਆਂ ਤੇ ਐਨਐਸਏ ਲਗਾ ਕੇ ਡਿੱਬ੍ਰੂਗੜ੍ਹ ਦੀ ਜੇਲ ਵਿੱਚ ਬੰਦ ਕਰ ਦਿੱਤਾ। ਜਿਸ ਦਾ ਜਵਾਬ ਪੰਜਾਬ ਦੇ ਸਿੱਖ ਨੌਜਵਾਨ ਇਸ ਵਾਰ ਸਰਕਾਰ ਦਾ ਵਿਰੋਧ ਵੋਟਾਂ ਪਾ ਕੇ ਸੰਗਰੂਰ ਤੋਂ ਸਿਮਰਨਜੀਤ ਸਿੰਘ ਮਾਨ ਅਤੇ ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜਿਤਾ ਕੇ ਕਰਨਗੇ।

# ਇੱਕ ਨਜ਼ਰ



## ਪਰਵਾਸੀ ਭਾਈਚਾਰੇ ਕੇ ਕੈਮੀਕਲ ਮਾਹਿਰ

## ਡਾਕਟਰ ਬੀ.ਕੇ .ਯਾਦਵ ਤੇ ਪ੍ਰਿਥਵੀ ਪਾਲ ਨੇ ਬੀਜੇਪੀ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਸਮਰਥਨ ਦਿੱਤਾ

ਅੰਮ੍ਰਿਤਸਰ, 5 ਮਈ (ਆਵਾਜ਼ਿ ਕੌਮ ਬਿਊਰੋ)- ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਚੋਣ ਮੁਹਿੰਮ ਨੂੰ ਪ੍ਰਵਾਸੀ ਭਾਈਚਾਰੇ ਵੱਲੋਂ ਦਿਨੋਂ ਦਿਨ ਪੂਰਾ ਸਮਰਥਨ ਮਿਲ ਰਿਹਾ ਹੈ। ਅੱਜ ਪਰਵਾਸੀ ਭਾਈਚਾਰੇ ਵਿਚ ਬਹੁਤ ਅਸਰ ਰਸੂਖ਼ ਰਖਣਵਾਲੇ ਅਤੇ ਕੈਮੀਕਲ ਮਾਹਿਰ ਡਾਕਟਰ ਬੀ ਕੇ ਯਾਦਵ ਅਤੇ ਪ੍ਰਿਥਵੀ ਪਾਲ ਨੇ ਬੀਜੇਪੀ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਸਪੋਰਟ ਕਰਨ ਦਾ ਫ਼ੈਸਲਾ ਲਿਆ । ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਡਾਕਟਰ ਬੀ ਕੇ ਯਾਦਵ ਅਤੇ ਪ੍ਰਿਥਵੀ ਪਾਲ ਅਤੇ ਉਹਨਾਂ ਦਾ ਸਨਮਾਨ ਕੀਤਾ ਹੈ ।ਇਸ ਵੇਲੇ ਉਹਨਾਂ ਨਾਲ ਸੁਖਦੇਵ ਸਿੰਘ ਹਨੇਰੀਆਂ ਮੰਡਲ ਪ੍ਰਧਾਨ ਅਤੇ ਮੰਡਲ ਦੇ ਸੀਨੀਅਰ ਮੀਤ ਪ੍ਰਧਾਨ ਸੁਖ ਜੀਵਨ ਸਿੰਘ ਡਾਕਟਰ ਜੋਨੀ ਵੀ ਮੌਜੂਦ ਸਨ ।

## ਗੁਰੂ ਤੇਗ ਬਹਾਦਰ ਆਸਰਾ ਟਰੱਸਟ ਖਿਲਚੀਆਂ ਨੇ ਰਾਸ਼ਨ ਕਿੱਟਾਂ ਵੰਡੀਆਂ

### ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਕਰਮ ਹੈ: ਸ਼ੈਲਿੰਦਰਜੀਤ ਸਿੰਘ ਰਾਜਨ



ਚੌਕ ਮਹਿਤਾ, 5 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਅੱਜ ਇੱਥੇ ਗੁਰੂ ਤੇਗ ਬਹਾਦਰ ਆਸਰਾ ਟਰੱਸਟ ਖਿਲਚੀਆਂ ਵਲੋਂ ਲਾਇਨ ਕਲੱਬ ਰਈਆ ਬਿਆਸ ਕੇ-ਨਾਈਟਸ ਦੇ ਡਾਇਰੈਕਟਰ ਅਤੇ ਟਰੱਸਟ ਦੇ ਚੇਅਰਮੈਨ ਸਵਰਨਜੀਤ ਸਿੰਘ ਸੰਧੂ ਦੀ ਅਗਵਾਈ ਹੇਠ, ਵਿਧਵਾ, ਅੰਗਹੀਣ ਅਤੇ ਬੇਆਸਰਾ ਬਜ਼ੁਰਗਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡਿਆਂ ਗਈਆਂ । ਇਸ ਮੌਕੇ ਉੱਘੇ ਲੇਖਕ, ਪੱਤਰਕਾਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ: ਸ਼ੇਲਿੰਦਰਜੀਤ ਸਿੰਘ ਰਾਜਨ ਅਤੇ ਸ: ਜਸਬੀਰ ਸਿੰਘ ਥਾਣਾ ਮੁਖੀ ਬਿਆਸ ਨੇ ਵਿਸ਼ੇਸ਼ ਤੌਰ ਤੇ ਪੁੱਜ ਕੇ ਲੋੜਵੰਦਾਂ ਨੂੰ ਕਿੱਟਾਂ ਵੰਡਣ ਦੀ ਰਸਮ ਅਦਾ ਕੀਤੀ, ਉਨ੍ਹਾਂ ਟਰੱਸਟ ਦੇ ਉੱਦਮ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ ਅੱਜ ਮਨੁਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਕਰਮ ਹੈ ।ਇਸ ਮੌਕੇ ਡਾ: ਬਿਕਰਮਜੀਤ ਸਿੰਘ ਬਾਠ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਡਾ: ਰਾਜ ਕੁਮਰਾ ਸ਼ਰਮਾ, ਡਾ: ਬਿੱਲਾ, ਹਰਪਾਲ ਸਿੰਘ, ਜੈਦੀਪ ਸ਼ਰਮਾ, ਸਵਾਬੀਰ ਸਿੰਘ ਮਨਜੀਤ ਸਿੰਘ ਮੀਤਾ, ਬਿੰਦ ਫੌਜੀ ਅਤੇ ਹੋਰ ਹਾਜ਼ਰ ਸਨ ।

## ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ ਦਾ ਗੁਰਦੁਆਰਾ ਹੋਲਗੜ੍ਹ ਸਾਹਿਬ ਪਹੁੰਚਣ ਤੇ ਕੀਤਾ ਨਿੱਘਾ ਸਵਾਗਤ



ਚੌਂਕ ਮਹਿਤਾ, 5 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ) -ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਅਜ਼ਾਦ ਉਮੀਦਵਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵਾਰਸ ਪੰਜਾਬ ਦੇ ਮੁੱਖ ਸੇਵਾਦਾਰ ਜੋ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ, ਤਿੰਨਾਂ ਨੂੰ ਖਾਲਸਾ ਪੰਥ ਵਲੋਂ ਖਡੂਰ ਸਾਹਿਬ ਤੋਂ ਅਜ਼ਾਦ ਉਮੀਦਵਾਰ ਐਲਾਨਿਆ ਗਿਆ । ਤਿੰਨਾਂ ਦੇ ਚੋਣ ਪ੍ਰਚਾਰ ਵਾਸਤੇ ਮਾਤਾ ਬਲਵਿੰਦਰ ਕੌਰ ਵਲੋਂ ਜੰਡਿਆਲਾ ਗੁਰੂ ਵਿਖੇ ਚੋਣ ਦਫਤਰ ਦਾ ਉਦਘਾਟਨ ਕੀਤਾ ਗਿਆ । ਜਿਸ ਤੋਂ ਬਾਅਦ ਚੋਣ ਕਾਫਲਾ ਰਵਾਨਾ ਕੀਤਾ ਗਿਆ ਜੋ ਪਿੰਡ ਧੀਰੇ ਕੋਟ ,ਭੰਗਵਾਂ, ਗਦਲੀ, ਦਸਮੇਸ਼ ਨਗਰ ਤੋਂ ਹੁੰਦਾ ਹੋਇਆ ਗੁਰਦੁਆਰਾ ਹੋਲਗੜ੍ਹ ਸਾਹਿਬ ਵਿਖੇ ਪਹੁੰਚਣ ਤੇ ਸੰਤ ਬਾਬਾ ਗੁਰਭੇਜ ਸਿੰਘ ਜੀ ਨੇ ਮਾਤਾ ਬਲਵਿੰਦਰ ਕੌਰ ਤੇ ਨਾਲ ਆਈਆਂ ਸੰਗਤਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਤੇ ਸਮੂਹ ਸੰਗਤਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦਾ ਚੋਣਾਂ ਵਿੱਚ ਡਟ ਕੇ ਸਾਥ ਦੇਣ ਦਾ ਮਾਤਾ ਬਲਵਿੰਦਰ ਕੌਰ ਨੂੰ ਵਿਸ਼ਵਾਸ ਦਿਵਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਭਾਈ ਲਾਭ ਸਿੰਘ ਜੀ, ਸਰਵਣ ਸਿੰਘ, ਕਰਨਜੋਤ ਸਿੰਘ, ਜਰਨੈਲ ਸਿੰਘ, ਫਤਿਹ ਸਿੰਘ, ਹਰਦੀਪ ਸਿੰਘ, ਟੋਮਾ ਤਰਸਿੱਕਾ,ਗੁਰਸੇਵਕ ਸਿੰਘ,ਤਰਸੇਮ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

## ਨੰਗਲ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਲੱਗਾ ਵੱਡਾ ਝਟਕਾ

# ਸਰਕਲ ਪ੍ਰਧਾਨ ਜਥੇ: ਰਣਜੀਤ ਸਿੰਘ ਭੱਟੀ ਪਰਿਵਾਰ ਸਹਿਤ ਆਪ 'ਚ ਸ਼ਾਮਲ

**ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਲੋਕਸਭਾ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਨੇ ਪਾਰਟੀ ਵਿੱਚ ਕਰਵਾਇਆ ਸ਼ਾਮਲ • ਕਿਹਾ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਈ ਗਈ ਨਿੱਜੀ ਦਿਲਚਸਪੀ ਕਾਰਨ ਅੱਜ ਪੰਜ ਪਿਆਰਾ ਪਾਰਕ ਸ਼੍ਰੀ ਅਨੰਦਪੁਰ ਸਾਹਿਬ ਦੀ ਸ਼ਾਨ ਵਧਾ ਰਿਹਾ ਹੈ**



ਨੰਗਲ, 5 ਮਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਅੱਜ ਨੰਗਲ ਦੇ ਪਿੰਡ ਬੇਲਾ ਧਿਆਨੀ ਦੇ ਅਕਾਲੀ ਆਗੂ ਪਰਿਵਾਰਾਂ ਨੂੰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਲੋਕਸਭਾ ਉਮੀਦਵਾਰ ਮਾਲਵਿੰਦਰ ਸਿੰਘ ਕੰਗ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਵਾਇਆ,ਇਸ ਮੌਕੇ ਨੰਗਲ ਸਰਕਲ ਦਿਹਾਤੀ ਦੇ ਪ੍ਰਧਾਨ ਜਥੇ ਰਣਜੀਤ ਸਿੰਘ ਭੱਟੀ, ਕੁਲਵੰਤ ਸਿੰਘ ਭੱਟੀ, ਕੁਲਵਿੰਦਰ ਸਿੰਘ ਭੱਟੀ, ਪਰਮਜੀਤ ਸਿੰਘ,ਹਰਮਨ ਭੱਟੀ ਤੇ ਹੋਰ ਪਰਿਵਾਰ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਪਾਰਟੀ ਚ ਸ਼ਾਮਲ ਹੋਏ ਇਨਾਂ ਆਗੂਆਂ ਨੇ ਕਿਹਾ ਕਿ ਉਹ ਪਿਛਲੇ ਦੋ ਸਾਲਾਂ ਤੋਂ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੁਆਰਾ ਬਿਨਾਂ ਕਿਸੇ ਭੇਦਭਾਵ ਤੋਂ ਹਲਕੇ ਵਿੱਚ ਕਰਵਾਏ ਜਾ ਰਹੇ ਸਰਬਪੱਖੀ ਵਿਕਾਸ ਤੇ ਹਲਕੇ ਦੀ ਦਿਨ-ਬ-ਦਿਨ ਬਦਲ ਰਹੀ ਨੁਹਾਰ ਨੂੰ ਵੇਖਦੇ ਆ ਰਹੇ ਹਨ ਉਨਾਂ ਕਿਹਾ ਕਿ ਉਹ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕ ਦੀ ਦੋ ਸਾਲਾਂ ਦੀ ਸ਼ਾਨਦਾਰ ਕਾਰਗੁਜਾਰੀ ਦੇਖਦੇ ਹੋਏ ਪਾਰਟੀ ਵਿੱਚ ਸ਼ਾਮਲ ਹੋਏ ਹਨ ਉਨਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਦੇ ਸਾਰ ਹੀ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪਹਿਲ ਦੇ ਆਧਾਰ ਤੇ ਨੰਗਲ ਫਲਾਈਓਵਰ ਦਾ ਕੰਮ ਤੇਜੀ ਨਾਲ ਮੁਕੰਮਲ ਕਰਵਾਇਆ ਗਿਆ,ਜਿਸ ਨਾਲ ਨੰਗਲ ਸ਼ਹਿਰ ਵਿੱਚ ਮੁੜ ਰੌਣਕਾਂ ਪਰਤ ਆਈਆਂ, ਉਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੂਬੇ ਦਾ ਲੋਕਾਂ ਨਾਲ ਜਿੰਨੇ ਵੀ ਵਾਅਦੇ ਕੀਤੇ,ਲਗਭਗ ਪੂਰੇ ਕੀਤੇ ਹਨ ਤੇ ਅੱਜ ਪੂਰੇ ਪੰਜਾਬ ਵਿੱਚ ਬਿਜਲੀ ਦੇ ਬਿੱਲ 0 ਆ ਰਹੇ ਹਨ ।ਸਿੱਖਿਆ ਦੇ ਖੇਤਰ ਵਿੱਚ ਆਈ ਕ੍ਰਾਂਤੀ ਸਭ ਦੇ ਸਾਹਮਣੇ ਹੈ ਤੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਵਿੱਚ ਆਇਆ ਸੁਧਾਰ ਪੰਜਾਬ ਦੇ ਵਿਦਿਆਰਥੀਆਂ ਲਈ ਵਰਦਾਨ ਸਾਬਤ ਹੋ ਰਿਹਾ ਹੈ ।ਸਿਹਤ ਸਹੂਲਤਾਂ ਦੀ ਗੱਲ ਕਰਦਿਆਂ ਉਨਾਂ ਕਿਹਾ ਕਿ ਅੱਜ ਸਰਕਾਰੀ ਹਸਪਤਾਲਾਂ ਵਿੱਚ ਦਵਾਈਆਂ ਮੁਫਤ ਮਿਲ ਰਹੀਆਂ ਹਨ ਤੇ ਹਰ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ ਉਨਾਂ ਕਿਹਾ ਕਿ ਉਪਰੋਕਤ ਸਾਰੀਆਂ ਸਹੂਲਤਾਂ ਤੋਂ ਪ੍ਰਭਾਵਿਤ ਹੋ ਕੇ ਆਪ ਵਿੱਚ ਸ਼ਾਮਲ ਹੋ ਰਹੇ ਹਨ ਤੇ ਹਲਕਾ ਵਿਧਾਇਕ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਬਿਹਤਰੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ ਉਨਾਂ ਕਿਹਾ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਈ ਗਈ ਨਿੱਜੀ ਦਿਲਚਸਪੀ ਕਾਰਨ ਅੱਜ ਪੰਜ ਪਿਆਰਾ ਪਾਰਕ ਸ਼੍ਰੀ ਅਨੰਦਪੁਰ ਸਾਹਿਬ ਦੀ ਸ਼ਾਨ ਵਧਾ ਰਿਹਾ ਹੈ ਤੇ ਹਜਾਰਾਂ ਦੀ ਗਿਣਤੀ ਵਿੱਚ ਰੋਜਾਨਾ ਸ਼੍ਰੀ ਅਨੰਦਪੁਰ ਸਾਹਿਬ ਆ ਰਹੀਆਂ ਸੰਗਤਾਂ ਇਸ ਪਾਰਕ ਵਿੱਚ ਜਾ ਕੇ ਸਰਕਾਰ ਵੱਲੋਂ ਕੀਤੇ ਗਏ ਸ਼ਾਨਦਾਰ ਕਾਰਜ ਦੀਆਂ ਸਿਫਤਾਂ ਕਰਦੀਆਂ ਆਮ ਦੇਖੀਆਂ ਜਾ ਸਕਦੀਆਂ ਹਨ ।ਜਿਵੇਂ ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ ਉਵੇਂ ਉਵੇਂ ਵੱਖ ਵੱਖ ਪਾਰਟੀਆਂ ਦੀ ਸ਼ਾਖ ਨੂੰ ਖੋਰਾ ਲੱਗ ਰਿਹਾ ਹੈ ਤੇ ਪੂਰੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਥਿਤੀ ਲਗਾਤਾਰ ਮਜਬੂਤ ਹੁੰਦੀ ਜਾ ਰਹੀ ਹੈ ।ਇਸ ਮੌਕੇ ਯੂਥ ਜਿਲ੍ਹਾ ਪ੍ਰਧਾਨ ਹਰਪ੍ਰੀਤ ਸਿੰਘ ਕਾਹਲੋਂ,ਰਾਕੇਸ਼ ਚੌਧਰੀ ਚੇਅਰਮੈਨ, ਜਸਪਾਲ ਸਿੰਘ ਢਾਹੇ,ਸੁਨੀਲ ਸੈਣੀ,ਅਮਨ ਬਾਲੀ,ਕਮਲ ਸਾਬਕਾ ਸਰਪੰਚ ਭਟੋ,ਗੁਰਵੀਰ, ਗੁਰਦਿਆਲ ਬੇਲਾ,ਸੁਜੈਨ ਸ਼ਾਹ ਤੇ ਹੋਰ ਪਾਰਟੀ ਵਰਕਰ ਹਾਜਿਰ ਸਨ।

## ਸ਼੍ਰੀ ਬ੍ਰਹਾਮਣ ਸਭਾ ਵੱਲੋਂ ਅਕਸ਼ੈ ਤ੍ਰਿਤੀਆ ਦੇ ਸ਼ੁੱਭ ਮੌਕੇ

# ਭਗਵਾਨ ਸ਼੍ਰੀ ਪਰਸ਼ੂਰਾਮ ਜੀ ਪ੍ਰਕਾਸ਼ ਦਿਹਾੜਾ ਮਨਾਇਆ ਜਾਵੇਗਾ



ਸ਼੍ਰੀ ਆਨੰਦਪੁਰ ਸਾਹਿਬ, 5 ਮਈ (ਆਵਾਜ਼ਿ ਕੌਮ ਬਿਊਰੋ)- ਇਲਾਕੇ ਵਿੱਚ ਸਾਮਾਜਿਕ ਕੰਮਾਂ ਵਿੱਚ ਸਰਗਰਮ ਸ਼੍ਰੀ ਬ੍ਰਹਾਮਣ ਸਭਾ ਸ੍ਰੀ ਅਨੰਦਪੁਰ ਸਾਹਿਬ ਵੱਲੋਂ 10 ਮਈ ਦਿਨ ਸ਼ੁੱਕਰਵਾਰ ਨੂੰ ਸ਼ਨੀ ਮੰਦਿਰ ਨਜਦੀਕ ਕਿਸਾਨ ਹਵੇਲੀ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਭਗਵਾਨ ਸ੍ਰੀ ਪਰਸ਼ੂਰਾਮ ਜੀ ਦਾ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਸ਼੍ਰੀ ਬ੍ਰਹਾਮਣ ਸਭਾ ਅੰਨਦਪੁਰ ਸਾਹਿਬ ਦੀ ਮੀਟਿੰਗ ਭਗਵਾਨ ਸ੍ਰੀ ਪਰਸ਼ੂਰਾਮ ਜੀ ਦੇ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜੇ ਅਕਸ਼ੈ ਤ੍ਰਿਤੀਆ ਸੰਬੰਧੀ ਹੋਈ ਜਿਸ ਦੀ ਅਗਵਾਈ ਸਭਾ ਦੇ ਪ੍ਰਧਾਨ ਪੰਡਿਤ ਰਾਮੇਸ਼ ਚੰਦਰ ਸ਼ਾਸਤਰੀ ਵਲੋਂ ਕੀਤੀ ਗਈ ਤੇ ਇਸ ਮੀਟਿੰਗ ਵਿੱਚ ਪੰਡਿਤ ਸੰਜੀਵ ਗੌਤਮ ਨਿੰਨੂ, ਪੰਡਿਤ ਚੰਦਨ ਸ਼ਰਮਾ, ਪੰਡਿਤ ਅਨੁਰਤ ਸ਼ਰਮਾ, ਪੰਡਿਤ ਅੰਮ੍ਰਿਤ ਲਾਲ ਗੌਤਮ ਘੋਗਾ ਤੇ ਜਿਲ੍ਹਾ ਭਾਜਪਾ ਦੇ ਮੁੱਖ ਬੁਲਾਰੇ ਨੌਜਵਾਨ ਆਗੂ ਬਲਰਾਮ ਪਰਾਸ਼ਰ ਵੱਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਗਿਆ ਕਿ ਇਸ ਵਾਰ 10 ਮਈ ਦਿਨ ਸ਼ੁੱਕਰਵਾਰ ਅਕਸ਼ੈ ਤ੍ਰਿਤੀਆ ਦੇ ਸ਼ੁੱਭ ਮੌਕੇ ਤੇ ਸਵਾਮੀ ਕਿਰਪਾਲਾ ਨੰਦ ਜੀ ਦੜੋਲੀ ਵਾਲੇ ਤੇ ਸਵਾਮੀ ਅਨਮੋਲਕਾ ਨੰਦ ਜੀ ਝੱਜ ਵਾਲੇ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਰਾਹੀਂ ਪ੍ਰਭੂ ਚਰਨਾਂ ਨਾਲ ਜੋੜਨਗੇ ਤੇ ਇਲਾਕੇ ਦੇ ਬੁੱਧੀਜੀਵੀ ਭਗਵਾਨ ਸ੍ਰੀ ਪਰਸ਼ੂਰਾਮ ਜੀ ਦੇ ਜੀਵਨ ਵਿਖਿਆਨ ਦੱਸਣਗੇ। ਨੌਜਵਾਨ ਭਾਜਪਾ ਆਗੂ ਪੰਡਿਤ ਬਲਰਾਮ ਪਰਾਸ਼ਰ ਨੇ ਦੱਸਿਆ ਕਿ ਭਗਵਾਨ ਸ਼੍ਰੀ ਪਰਸ਼ੂਰਾਮ ਰਾਮ ਜੀ ਦੇ ਪਾਵਨ ਪਵਿੱਤਰ ਪ੍ਰਕਾਸ਼ ਦਿਹਾੜੇ ਮੌਕੇ ਤੇ ਸ੍ਰੀ ਬ੍ਰਹਾਮਣ ਸਭਾ ਵਲੋਂ ਸਮਾਜ ਲਈ ਆਪਣਾ ਯੋਗਦਾਨ ਪਾਉਣ ਵਾਲੀਆਂ ਉੱਘੀਆਂ ਸ਼ਖਸ਼ੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ਤਾਂ ਕਿ ਅੱਗੇ ਲਈ ਹੋਰ ਵੀ ਲੋਕ ਸਚੁੱਜੇ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਹੋ ਸਕਣ।

## ਲਾਈਨਜ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੀ ਹੋਈ ਚੋਣ

# ਲਾਈਨ ਰਾਜਵਿੰਦਰ ਸਿੰਘ ਸੋਢੀ ਬਣੇ ਪ੍ਰਧਾਨ




ਸ੍ਰੀ ਅਨੰਦਪੁਰ ਸਾਹਿਬ, 5 ਮਈ (ਆਵਾਜ਼ਿ ਕੌਮ)- ਲਾਈਨਜ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੀ ਅੱਜ ਜਰੂਰੀ ਮੀਟਿੰਗ ਲਈਨ ਸੰਜੇ ਮਹਾਜਨ ਦੀ ਪ੍ਰਧਾਨਗੀ ਹੇਠ ਹੋਈ। ਜਿਸ 'ਚ ਵੱਡੀ ਗਿਣਤੀ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਹਾਜ਼ਰ ਹੋਏ। ਇਸ ਮੌਕੇ ਕਾਰਵਾਈ ਸ਼ੁਰੂ ਕਰਦਿਆਂ ਸਕੱਤਰ ਲਾਈਨ ਕਮਲਜੀਤ ਵਰਮਾ ਨੇ ਪਿਛਲੇ ਸਾਲ ਦੀ ਰਿਪੋਰਟ ਪੇਸ਼ ਕੀਤੀ ।ਇਸ ਮੌਕੇ 2024-25 ਲਈ ਅਹੁਦੇਦਾਰਾਂ ਦੀ ਚੋਣ ਲਈ ਲਾਈਨ ਕੁਲਦੀਪ ਸਿੰਘ ਭੱਠੇਵਾਲੇ, ਇੰਦਰਜੀਤ ਸਿੰਘ ਅਰੋੜਾ ਅਤੇ ਸੁਖਵਿੰਦਰ ਸਿੰਘ ਬਿੱਟੂ ਨੂੰ ਚੋਣ ਕਮਿਸ਼ਨਰ ਨਿਯੁਕਤ ਗਿਆ। ਇਸ ਮੌਕੇ ਰਾਜਵਿੰਦਰ ਸਿੰਘ ਸੋਢੀ ਨੂੰ ਪ੍ਰਧਾਨ, ਲਾਈਨ ਸੰਜੇ ਮਹਾਜਨ ਨੂੰ ਸਕੱਤਰ ਚੁਣਿਆ ਗਿਆ। ਉਪਰੰਤ ਲਾਈਨ ਸੁਖਵਿੰਦਰ ਸਿੰਘ ਕੈਸ਼ੀਅਰ ਅਤੇ ਲਾਈਨ ਇੰਦਰਜੀਤ ਸਿੰਘ ਅਰੋੜਾ ਨੂੰ ਪੀ ਆਰ ਓ ਨਿਯੁਕਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਲਾਈਨ ਰਾਜਵਿੰਦਰ ਸਿੰਘ ਸੋਢੀ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਮਕਸਦ ਲਈ ਸੰਗਠਨ ਬਣਾਇਆ ਗਿਆ ਸੀ ਉਸ ਨੂੰ ਹੋਰ ਅੱਗੇ ਲਿਜਾਉਣ ਲਈ ਉਹ ਦਿਨ ਰਾਤ ਇੱਕ ਕਰ ਦੇਣਗੇ। ਇਸ ਮੌਕੇ ਲਾਈਨ ਪ੍ਰੋ: ਹਰਦੀਪ ਸਿੰਘ, ਕੁਲਦੀਪ ਸਿੰਘ ਭੱਠੇਵਾਲੇ, ਦਵਿੰਦਰ ਕੌਸ਼ਲ, ਵਿਜੈ ਕੁਮਾਰ ਸੋਢੀ, ਤਜਿੰਦਰ ਸਿੰਘ ਚੰਨ, ਅਰਸ਼ਿਵੰਦਰ ਸਿੰਘ ਛਬਲੀ, ਕਮਲਜੀਤ ਵਰਮਾ, ਪ੍ਰਿਤਪਾਲ ਸਿੰਘ ਫੂਲ, ਅਵਤਾਰ ਸਿੰਘ, ਹਰਚਰਨ ਸਿੰਘ ਬੇਦੀ, ਮਨਿੰਦਰਪਾਲ ਸਿੰਘ ਮਨੀ, ਮਹੇਸ਼ ਕੁਮਾਰ, ਅਮਰਿੰਦਰ ਸਿੰਘ ਚੀਮਾ, ਹਰਸਿਮਰਤ ਸਿੰਘ ਸੈਫੀ, ਰਾਜਨ ਗਾਬਾ, ਜਸਵਿੰਦਰ ਸਿੰਘ ਸੋਨੂੰ ਅਰੋੜਾ, ਜਪਨਜੋਤ ਸਿੰਘ, ਆਦਿਕ ਤੋਂ ਇਲਾਵਾ ਵੱਡੀ ਗਿਣਤੀ 'ਚ ਲਾਈਨਜ਼ ਕਲੱਬ ਦੇ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243